

PAIGAM-E-JAGAT

ਪੈਗ਼ਾਮ-ਏ-ਜਗਤ

ਸਮੂਹ ਦੇਸ਼ ਵਾਸੀਆਂ ਨੂੰ ਧੰਨਤੇਰਸ ਦੀਆਂ ਬਹੁਤ-ਬਹੁਤ ਵਧਾਈਆਂ



Title code : CHAMUL00914 | E-mail : Info@paigamejagat.com | ਸ਼ੁੱਕਰਵਾਰ, 6 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਭਾਰਤ ਨੇ ਜਪਾਨ ਨੂੰ 4-1 ਨਾਲ ਹਰਾ ਕੇ ਲਗਾਤਾਰ ਤੀਜੀ ਵਾਰ ਜਿੱਤੀ ਏਸ਼ਿਆਈ ਚੈਂਪੀਅਨਜ਼ ਟਰਾਫ਼ੀ

- ਭਾਰਤੀ ਹਾਕੀ ਟੀਮ ਨੇ ਛੇਵੀਂ ਵਾਰ ਜਿੱਤਿਆ ਖ਼ਿਤਾਬ

ਮੁਹਾਲੀ, 5 ਨਵੰਬਰ
(ਪੈ.ਗਾਮ-ਏ-ਜਗਤ)

ਮੌਜੂਦਾ ਚੈਂਪੀਅਨ ਭਾਰਤ ਨੇ ਵੀਰਵਾਰ ਨੂੰ ਇੱਥੇ ਫਾਈਨਲ ਮੁਕਾਬਲੇ ਵਿੱਚ ਜਪਾਨ ਨੂੰ 4-1 ਨਾਲ ਹਰਾ ਕੇ ਪੁਰਸ਼ ਏਸ਼ਿਆਈ ਚੈਂਪੀਅਨਜ਼ ਟਰਾਫ਼ੀ ਹਾਕੀ ਟੂਰਨਾਮੈਂਟ ਦਾ ਖ਼ਿਤਾਬ ਲਗਾਤਾਰ ਤੀਜੀ ਵਾਰ ਆਪਣੇ ਨਾਂ ਕਰ ਲਿਆ। ਭਾਰਤੀ ਟੀਮ ਨੇ ਇਸ ਜਿੱਤ ਨਾਲ ਟੂਰਨਾਮੈਂਟ ਵਿੱਚ ਛੇਵੀਂ ਵਾਰ ਚੈਂਪੀਅਨ ਬਣਨ ਦਾ ਮਾਣ ਵੀ ਹਾਸਲ ਕੀਤਾ।

ਏਸ਼ਿਆਈ ਖੇਡਾਂ ਵਿੱਚ ਸੋਨ ਤਗ਼ਮਾ ਜਿੱਤਣ ਵਾਲੀ ਭਾਰਤੀ ਟੀਮ ਇਸ ਤੋਂ ਪਹਿਲਾਂ 2011, 2016, 2018, 2023 ਅਤੇ 2024 ਵਿੱਚ ਵੀ ਇਹ ਖ਼?ਤਾਬ ਜਿੱਤ ਚੁੱਕੀ ਹੈ।

ਹਾਲਾਂਕਿ ਫਾਈਨਲ ਵਿੱਚ ਜਪਾਨ ਨੇ ਤੀਜੇ ਮਿੰਟ ਵਿੱਚ ਕਾਜ਼ੂਮਾਸਾ ਮਾਤਸੁਮੋਤੋ ਦੇ ਮੈਦਾਨੀ ਗੋਲ ਨਾਲ ਭਾਰਤ ਨੂੰ ਹੈਰਾਨ ਕਰਦਿਆਂ 1-0 ਦੀ ਬੜ੍ਹਤ ਬਣਾ ਲਈ। ਇਸ ਤੋਂ ਬਾਅਦ ਭਾਰਤੀ ਟੀਮ ਨੇ ਖੇਡ ਵਿੱਚ ਵਾਪਸੀ ਕੀਤੀ। ਸ਼ਿਲਾਨੰਦ ਲਾਕੜਾ ਨੇ 42ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਤੋਂ ਗੋਲ ਕਰਕੇ ਸਕੋਰ 1-1 ਕਰ ਦਿੱਤਾ। ਦਿਲਪ੍ਰੀਤ ਸਿੰਘ ਨੇ 48ਵੇਂ ਮਿੰਟ ਵਿੱਚ ਮੈਦਾਨੀ ਗੋਲ ਕਰਕੇ ਭਾਰਤ ਨੂੰ 2-1 ਨਾਲ ਅੱਗੇ ਕਰ ਦਿੱਤਾ।

ਜੁਗਰਾਜ ਸਿੰਘ ਨੇ 53ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਭਾਰਤ ਦੀ ਬੜ੍ਹਤ 3-1 ਕਰ ਦਿੱਤੀ, ਜਦੋਂਕਿ ਵਿਵੇਕ ਸਾਗਰ ਪ੍ਰਸਾਦ ਨੇ 54ਵੇਂ ਮਿੰਟ ਵਿੱਚ ਗੋਲ ਕਰਕੇ ਸਕੋਰ 4-1 ਕਰ ਦਿੱਤਾ।

ਭਾਰਤ ਨੇ ਇਸ ਤੋਂ ਪਹਿਲਾਂ ਜਲੰਧਰ ਦੇ ਓਲੰਪੀਅਨ ਸੁਰਜੀਤ ਸਿੰਘ ਸਟੇਡੀਅਮ ਵਿੱਚ ਟੂਰਨਾਮੈਂਟ ਦੇ ਲੀਗ ਗੇੜ ਦੌਰਾਨ ਵੀ ਜਪਾਨ ਨੂੰ 4-1 ਨਾਲ ਹਰਾਇਆ ਸੀ। ਹਾਲਾਂਕਿ ਵੀਰਵਾਰ ਨੂੰ ਫਾਈਨਲ ਵਿੱਚ ਜਪਾਨ ਨੇ ਪਹਿਲੇ ਦੋ ਕੁਆਰਟਰਾਂ ਦੌਰਾਨ ਭਾਰਤ ਨੂੰ ਸਖ਼ਤ ਟੱਕਰ ਦਿੱਤੀ ਪਰ ਦੂਜੇ ਅੱਧ ਵਿੱਚ ਭਾਰਤੀ ਟੀਮ ਨੇ ਜ਼ੋਰਦਾਰ ਵਾਪਸੀ ਕਰਦਿਆਂ ਮੈਚ ਆਪਣੇ ਨਾਂ ਕਰ ਲਿਆ।

ਭਾਰਤ ਨੇ ਮੈਚ ਦੀ ਸ਼ੁਰੂਆਤ ਚੰਗੀ ਕੀਤੀ ਪਰ



ਤੀਜੇ ਮਿੰਟ ਵਿੱਚ ਮਾਤਸੁਮੋਤੋ ਨੇ ਟੋਮਾਹਾਕ ਸ਼ਾਟ ਰਾਹੀਂ ਗੋਲ ਕਰਕੇ ਜਪਾਨ ਨੂੰ ਬੜ੍ਹਤ ਦਿਵਾ ਦਿੱਤੀ। ਓਲੰਪੀਅਨ ਬਲਬੀਰ ਸਿੰਘ ਸਟੇਡੀਅਮ ਵਿੱਚ ਮੌਜੂਦ ਦਰਸ਼ਕਾਂ ਨਾਲ ਭਰੇ ਮੈਦਾਨ ਵਿੱਚ ਇਸ ਗੋਲ ਨੇ ਭਾਰਤੀ ਖਿਡਾਰੀਆਂ ਨੂੰ ਹੈਰਾਨ ਕਰ ਦਿੱਤਾ।

ਇਸ ਤੋਂ ਬਾਅਦ ਭਾਰਤੀ ਖਿਡਾਰੀਆਂ ਨੇ ਹਮਲਿਆਂ ਦੀ ਰਫ਼ਤਾਰ ਵਧਾਈ ਅਤੇ ਗੋਲ ਕਰਨ ਦੇ ਕੁਝ ਮੌਕੇ ਵੀ ਬਣਾਏ ਪਰ ਉਹ ਇਨ੍ਹਾਂ ਨੂੰ ਗੋਲ ਵਿੱਚ ਬਦਲਣ ਵਿੱਚ ਸਫ਼ਲ ਨਾ ਹੋ ਸਕੇ। ਜਪਾਨ ਨੇ 20ਵੇਂ ਮਿੰਟ ਵਿੱਚ ਲਗਾਤਾਰ ਦੋ ਪੈਨਲਟੀ ਕਾਰਨਰ ਹਾਸਲ ਕੀਤੇ ਪਰ ਭਾਰਤੀ ਰੱਖਿਆ ਪੰਕਤੀ ਨੇ ਕਪਤਾਨ ਰਾਇਕੀ ਫੁਜੀਸ਼ਿਮਾ ਦੇ ਹਮਲੇ ਨੂੰ ਨਾਕਾਮ ਕਰ ਦਿੱਤਾ।

ਭਾਰਤੀ ਉਪ ਕਪਤਾਨ ਹਾਰਦਿਕ ਸਿੰਘ ਨੇ ਵੀਰਵਾਰ ਨੂੰ ਆਪਣਾ 200ਵਾਂ ਕੌਮਾਂਤਰੀ ਮੈਚ ਖੇਡਿਆ। ਉਹ ਮੈਦਾਨ ਦੇ ਵਿਚਕਾਰ ਭਾਰਤੀ ਟੀਮ ਦਾ ਸਭ ਤੋਂ ਅਹਿਮ ਖਿਡਾਰੀ ਰਿਹਾ। ਉਸ ਨੇ ਰੱਖਿਆ ਪੰਕਤੀ ਅਤੇ ਫਾਰਵਰਡ ਖਿਡਾਰੀਆਂ ਵਿਚਕਾਰ ਤਾਲਮੇਲ ਬਣਾਉਂਦਿਆਂ ਕਈ ਹਮਲੇ ਤਿਆਰ ਕੀਤੇ। ਦੂਜੇ ਪਾਸੇ ਜਰਮਨਪ੍ਰੀਤ ਸਿੰਘ ਨੇ ਰੱਖਿਆ ਪੰਕਤੀ ਵਿੱਚ ਮਜ਼ਬੂਤੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਈ।

ਪਹਿਲੇ ਅੱਧ ਵਿੱਚ 0-1 ਨਾਲ ਪਛੜਨ ਤੋਂ ਬਾਅਦ ਭਾਰਤੀ ਟੀਮ ਨੇ ਪਾਸੇ ਬਦਲਣ ਮਗਰੋਂ ਹੋਰ ਹਮਲਾਵਰ ਰੁਖ਼ ਅਪਣਾਇਆ। ਭਾਰਤ ਨੂੰ 33ਵੇਂ ਮਿੰਟ ਵਿੱਚ ਪਹਿਲਾ ਪੈਨਲਟੀ ਕਾਰਨਰ ਮਿਲਿਆ ਪਰ ਕਪਤਾਨ ਹਰਮਨਪ੍ਰੀਤ ਸਿੰਘ ਦਾ ਫਲਿੱਕ ਜਪਾਨੀ ਗੋਲਕੀਪਰ ਕਿਸ਼ੋ ਕੁਰੋਦਾ ਨੇ ਰੋਕ ਲਿਆ। ਜਪਾਨ ਨੇ 39ਵੇਂ ਮਿੰਟ ਵਿੱਚ ਆਪਣਾ ਦੂਜਾ ਪੈਨਲਟੀ ਕਾਰਨਰ ਹਾਸਲ ਕੀਤਾ ਪਰ ਸ਼ੋਤਾ ਯਾਮਾਦਾ ਇਸ ਨੂੰ ਗੋਲ ਵਿੱਚ ਬਦਲਣ ਵਿੱਚ ਨਾਕਾਮ ਰਿਹਾ। (ਬਾਕੀ ਸਫ਼ਾ 2 'ਤੇ)

ਪੰਜਾਬ ਦੇ ਕਬੱਡੀ ਦੇ ਇਤਿਹਾਸ 'ਚ ਪਹਿਲੀ ਵਾਰ...

ਖਿਡਾਰੀਆਂ ਨੂੰ ਮਿਲਿਆ ਇੱਕ-ਇੱਕ ਕਰੋੜ ਦਾ ਬੀਮਾ ਕਵਰ



- ਸੱਤ ਨਾਮੀ ਖਿਡਾਰੀਆਂ ਦਾ ਤਿੰਨ ਸਾਲਾਂ ਲਈ ਕਰਵਾਇਆ ਬੀਮਾ

ਚੰਡੀਗੜ੍ਹ, 5 ਨਵੰਬਰ
(ਪੈ.ਗਾਮ-ਏ-ਜਗਤ)

ਕਬੱਡੀ ਖੇਡਦਿਆਂ ਲੱਗੀ ਇੱਕ ਸੱਟ ਨੇ ਲੁਧਿਆਣਾ ਦੇ ਪਿੰਡ ਫੁੱਲਾਂਵਾਲ ਦੇ ਇੰਦਰਜੀਤ ਸਿੰਘ ਸੇਖੋਂ ਦਾ ਖੇਡ ਕਰੀਅਰ ਖ਼ਤਮ ਕਰ ਦਿੱਤਾ ਸੀ। ਉਹ ਆਪਣੇ ਪਿੰਡ ਦੀ ਟੀਮ ਤੋਂ ਖੇਡਣ ਮਗਰੋਂ ਪੰਜਾਬ ਰਾਜ ਬਿਜਲੀ ਬੋਰਡ ਦੀ ਟੀਮ ਵਿੱਚ ਵੀ ਰਹੇ ਅਤੇ ਕੌਮਾਂਤਰੀ ਮੁਕਾਬਲਿਆਂ ਵਿੱਚ ਵੀ ਹਿੱਸਾ ਲਿਆ। 1990ਵਿਆਂ ਵਿੱਚ ਪਾਕਿਸਤਾਨ ਵਿਰੁੱਧ ਖੇਡਿਆ ਗਿਆ ਮੁਕਾਬਲਾ ਵੀ ਉਨ੍ਹਾਂ ਦੇ ਖੇਡ ਜੀਵਨ ਦਾ ਅਹਿਮ ਹਿੱਸਾ ਸੀ ਪਰ ਇੱਕ ਮੈਚ ਦੌਰਾਨ ਲੱਤ 'ਤੇ ਸੱਟ ਲੱਗਣ ਕਾਰਨ ਉਨ੍ਹਾਂ ਨੂੰ (ਬਾਕੀ ਸਫ਼ਾ 2 'ਤੇ)

ਵਿਦੇਸ਼ਾਂ ਵਿੱਚ ਖੇਡਣ ਵਾਲੇ ਖਿਡਾਰੀਆਂ ਨੂੰ ਵੀ ਮਿਲੇਗੀ ਸੁਰੱਖਿਆ

ਇਸ ਬੀਮੇ ਦੀ ਖ਼ਾਸ ਗੱਲ ਇਹ ਹੈ ਕਿ ਇਹ ਦੁਨੀਆ ਭਰ ਵਿੱਚ ਲਾਗੂ ਹੋਵੇਗਾ। ਪੰਜਾਬ ਦੇ ਨਾਮੀ ਕਬੱਡੀ ਖਿਡਾਰੀ ਸਾਲ ਦਾ ਵੱਡਾ ਹਿੱਸਾ ਵਿਦੇਸ਼ਾਂ ਵਿੱਚ ਟੂਰਨਾਮੈਂਟ ਖੇਡਦਿਆਂ ਬਿਤਾਉਂਦੇ ਹਨ। ਵਿਦੇਸ਼ ਵਿੱਚ ਸੱਟ ਲੱਗਣ 'ਤੇ ਇਲਾਜ ਦਾ ਖ਼ਰਚਾ ਕਾਫ਼ੀ ਵੱਧ ਹੋ ਸਕਦਾ ਹੈ। ਖਿਡਾਰੀਆਂ ਨੂੰ ਮੈਚ ਦੇ ਹਿਸਾਬ ਨਾਲ ਪੈਸੇ ਮਿਲਦੇ ਹਨ ਅਤੇ ਚੋਟੀ ਦਾ ਖਿਡਾਰੀ ਸੱਟ ਤੋਂ ਬਚਿਆ ਰਹਿਣ 'ਤੇ ਇੱਕ ਸੀਜ਼ਨ ਵਿੱਚ ਇੱਕ ਕਰੋੜ ਰੁਪਏ ਤੱਕ ਕਮਾ ਸਕਦਾ ਹੈ। ਗੰਭੀਰ ਸੱਟ ਉਸ ਦੀ ਕਮਾਈ ਇੱਕਦਮ ਬੰਦ ਕਰ ਸਕਦੀ ਹੈ। ਕਬੱਡੀ ਕੁਮੈਂਟੇਟਰ ਅਤੇ ਲੇਖਕ (ਬਾਕੀ ਸਫ਼ਾ 2 'ਤੇ)

'ਘੁਸਪੈਠੀਆਂ ਨੂੰ ਚੁਣ-ਚੁਣ ਕੇ ਦੇਸ਼ 'ਚੋਂ ਬਾਹਰ ਕੱਢਾਂਗੇ' : ਅਮਿਤ ਸ਼ਾਹ

ਅਸੀਂ 'ਐੱਸ.ਐੱਸ.ਆਰ.' 'ਤੇ ਚਰਚਾ ਕਰਨ ਲਈ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਤਿਆਰ : ਸ਼ਾਹ

- ਸੰਸਦ ਦੇ ਕੰਮਕਾਜ ਵਿੱਚ ਰੁਕਾਵਟ ਪਾਉਣਾ ਕਾਂਗਰਸ ਪਾਰਟੀ ਦਾ ਤਰੀਕਾ-ਏ-ਕਾਰ ਹੈ



ਪੈ.ਗਾਮ-ਏ-ਜਗਤ/ਕਰਨਾਲ
(ਪ੍ਰਵੀਨ ਵਾਲੀਆ)

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਵੋਟਰ ਸੂਚੀਆਂ ਦੀ 'ਵਿਸ਼ੇਸ਼ ਸਘਨ ਸੁਧਾਈ' ਦੇ ਮੁੱਦੇ 'ਤੇ ਚਰਚਾ ਕਰਨ ਲਈ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਤਿਆਰ ਹੈ। ਉਨ੍ਹਾਂ ਨੇ ਕਾਂਗਰਸ ਨੇਤਾ ਰਾਹੁਲ ਗਾਂਧੀ 'ਤੇ ਸੰਸਦ ਦੇ ਕੰਮਕਾਜ ਨੂੰ ਰੋਕਣ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਸਦਨ ਵਿੱਚ ਹੰਗਾਮਾ ਖੜ੍ਹਾ ਕਰਨਾ ਕਾਂਗਰਸ ਪਾਰਟੀ ਦਾ ਆਮ ਵਰਤਾਰਾ ਬਣ ਗਿਆ ਹੈ।

ਕਰਨਾਲ ਵਿੱਚ 'ਲੋਕਤੰਤਰ ਬਚਾਓ' ਰੈਲੀ ਨੂੰ ਸੰਬੋਧਨ ਕਰਦਿਆਂ, ਸ਼ਾਹ ਨੇ 'ਐੱਸਐੱਸਆਰ' ਬਾਰੇ ਸੰਸਦੀ ਚਰਚਾ ਕਰਵਾਉਣ ਲਈ ਸਰਕਾਰ ਦੀ ਤਿਆਰੀ ਨੂੰ ਦੁਹਰਾਇਆ। ਉਨ੍ਹਾਂ ਨੇ ਵਿਰੋਧੀ ਧਿਰ 'ਤੇ ਇਸ ਮਾਮਲੇ ਨੂੰ ਲੈ ਕੇ ਸਿਆਸੀ ਭੰਬਲਭੂਸਾ ਫੈਲਾਉਣ ਦਾ ਦੋਸ਼ ਲਗਾਇਆ। ਸ਼ਾਹ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਘੁਸਪੈਠੀਆਂ ਦੀ ਪਛਾਣ ਕਰਨ ਅਤੇ ਵੋਟਰ ਸੂਚੀਆਂ ਵਿੱਚੋਂ ਉਨ੍ਹਾਂ ਦੇ ਨਾਂ ਹਟਾਉਣ ਲਈ ਵਚਨਬੱਧ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਕਰਨਾਲ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਕੱਢੇ ਗਏ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮਾਰਚ ਵਿੱਚ ਸੈਂਕੜੇ ਲੋਕਾਂ ਨੇ ਹਿੱਸਾ ਲਿਆ। ਇਹ ਮਾਰਚ ਸੈਕਟਰ 12 ਤੋਂ ਸ਼ੁਰੂ ਹੋ ਕੇ ਦਯਾਨੰਦ ਚੌਕ 'ਤੇ ਸਮਾਪਤ ਹੋਇਆ, ਜਿੱਥੇ ਸ਼ਾਹ ਅਤੇ ਹੋਰ ਸੀਨੀਅਰ ਭਾਜਪਾ ਆਗੂਆਂ ਨੇ ਜਨਤਕ ਇਕੱਠ ਨੂੰ ਸੰਬੋਧਨ ਕੀਤਾ। ਇਸ ਮਾਰਚ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਕੇਂਦਰੀ ਮੰਤਰੀ ਅਤੇ ਕਰਨਾਲ ਤੋਂ ਸੰਸਦ ਮੈਂਬਰ ਮਨੋਹਰ ਲਾਲ, ਸੂਬਾ ਭਾਜਪਾ ਪ੍ਰਧਾਨ ਅਰਚਨਾ ਗੁਪਤਾ, ਪਾਰਟੀ ਦੀ ਹਰਿਆਣਾ ਇੰਚਾਰਜ ਸਮ੍ਰਿਤੀ ਇਰਾਨੀ ਅਤੇ ਕਈ ਸੂਬਾਈ ਮੰਤਰੀ ਸ਼ਾਮਲ ਹੋਏ। ਭਾਜਪਾ ਦੇ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਸਮਰਥਕਾਂ ਨੇ ਤਿਰੰਗਾ ਲਹਿਰਾਉਂਦੇ ਹੋਏ ਇਸ ਮਾਰਚ ਵਿੱਚ ਸ਼ਮੂਲੀਅਤ ਕੀਤੀ। 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਮੁਹਿੰਮ ਅਜਿਹੇ ਸਮੇਂ ਵਿੱਚ ਸਾਹਮਣੇ ਆਈ ਹੈ ਜਦੋਂ ਭਾਜਪਾ ਅਤੇ ਵਿਰੋਧੀ ਪਾਰਟੀਆਂ ਵਿਚਕਾਰ ਚੋਣ ਬੇਨਿਯਮੀਆਂ ਦੇ ਦੋਸ਼ਾਂ ਅਤੇ ਲੋਕਤੰਤਰੀ ਸੰਸਥਾਵਾਂ ਦੇ ਕੰਮਕਾਜ ਨੂੰ ਲੈ ਕੇ ਸਿਆਸੀ ਟਕਰਾਅ ਚੱਲ ਰਿਹਾ ਹੈ।

1 ਨਵੰਬਰ ਨੂੰ, ਵਿਰੋਧੀ ਗਠਜੋੜ 'ਇੰਡੀਆ' ਨੇ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ 'ਵੋਟ ਬਚਾਓ, ਦੇਸ਼ ਬਚਾਓ' ਰੈਲੀ ਕੀਤੀ ਸੀ। ਇਸ ਦੌਰਾਨ, ਵਿਰੋਧੀ ਧਿਰ ਦੇ ਆਗੂਆਂ ਨੇ ਕੇਂਦਰੀ ਸਰਕਾਰ (ਬਾਕੀ ਸਫ਼ਾ 2 'ਤੇ)

ਪੰਜਾਬ ਤੇ ਚੰਡੀਗੜ੍ਹ ਸਮੇਤ 6 ਸੂਬਿਆਂ 'ਚ ਐੱਸ.ਐੱਸ.ਆਰ. 20 ਨਵੰਬਰ ਤੋਂ

21 ਜਨਵਰੀ ਨੂੰ ਆਵੇਗੀ ਅੰਤਿਮ ਲਿਸਟ

- ਚੋਣ ਕਮਿਸ਼ਨ ਵੱਲੋਂ ਨਵਾਂ ਸ਼ਡਿਊਲ ਜਾਰੀ
- 30 ਨਵੰਬਰ ਤੋਂ 30 ਦਸੰਬਰ ਤੱਕ ਦਰਜ ਕਰਵਾਏ ਜਾ ਸਕਣਗੇ ਦਾਅਵੇ ਤੇ ਇਤਰਾਜ਼



ਨਵੀਂ ਦਿੱਲੀ, 5 ਨਵੰਬਰ
(ਪੈ.ਗਾਮ-ਏ-ਜਗਤ)

ਭਾਰਤੀ ਚੋਣ ਕਮਿਸ਼ਨ ਨੇ ਵੀਰਵਾਰ ਨੂੰ ਐਲਾਨ ਕੀਤਾ ਹੈ ਕਿ ਚੰਡੀਗੜ੍ਹ ਸਮੇਤ ਛੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ 20 ਨਵੰਬਰ ਤੋਂ ਸ਼ੁਰੂ ਹੋਵੇਗੀ, ਜਦੋਂ ਕਿ ਅੰਤਿਮ ਵੋਟਰ ਸੂਚੀ 21 ਜਨਵਰੀ 2027 ਨੂੰ ਜਾਰੀ ਕੀਤੀ ਜਾਵੇਗੀ। ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 20 ਨਵੰਬਰ 2026 ਤੱਕ ਪੋਲਿੰਗ ਸਟੇਸ਼ਨਾਂ ਦਾ ਯੁਕਤੀਕਰਨ (ਤਰਕਸੰਗਤ ਬਣਾਉਣਾ) ਕੀਤਾ ਜਾਵੇਗਾ। ਏਕੀਕ੍ਰਿਤ ਡਰਾਫਟ ਵੋਟਰ ਸੂਚੀ 30 ਨਵੰਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ, ਜਦੋਂ ਕਿ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦਾ ਸਮਾਂ 30 ਨਵੰਬਰ 2026 ਤੋਂ 30 ਦਸੰਬਰ 2026 ਤੱਕ ਹੋਵੇਗਾ। ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 16 ਜਨਵਰੀ 2027 ਤੱਕ ਕੀਤਾ ਜਾਵੇਗਾ।

ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨ 21 ਜਨਵਰੀ 2027 ਨੂੰ ਕੀਤੀ ਜਾਵੇਗੀ। ਜਿਨ੍ਹਾਂ ਛੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਕੀਤਾ ਗਿਆ ਹੈ, ਉਹ ਉਨ੍ਹਾਂ 17 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਇਲਾਵਾ ਹਨ, ਜਿਨ੍ਹਾਂ ਦੇ ਸ਼ਡਿਊਲ ਦਾ ਐਲਾਨ ਚੋਣ ਸੰਸਥਾ ਵੱਲੋਂ ਪਿਛਲੇ ਮਹੀਨੇ ਕੀਤਾ ਗਿਆ ਸੀ। ਇਸ ਤਰ੍ਹਾਂ, ਹੁਣ ਕੁੱਲ ਮਿਲਾ ਕੇ 23 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਹਨ, ਜਿੱਥੇ ਐੱਸਐੱਸਆਰ ਕਰਵਾਇਆ ਜਾਣਾ ਹੈ। ਜ਼ਿਕਰਯੋਗ ਹੈ ਕਿ ਇਹ ਉਹ ਸੂਬੇ ਹਨ ਜਿੱਥੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਘਣੀ ਸੁਧਾਈ ਪੂਰੀ ਹੋ ਚੁੱਕੀ ਹੈ। ਇਨ੍ਹਾਂ ਵਿੱਚ ਉਹ ਸੂਬੇ ਵੀ ਸ਼ਾਮਲ (ਬਾਕੀ ਸਫ਼ਾ 2 'ਤੇ)

ਲੱਖਾ ਸਿਧਾਣਾ ਅਤੇ ਮੋਹਨਜੀਤ ਸ਼ੇਰੋਂ ਨਾਭਾ ਜੇਲ੍ਹ ਤੋਂ ਰਿਹਾਅ

ਚੰਡੀਗੜ੍ਹ/ਨਾਭਾ, 5 ਨਵੰਬਰ
(ਪੈ.ਗਾਮ-ਏ-ਜਗਤ)

ਮਾਨਸਾ ਵਿਖੇ ਦਲਜੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਲੈ ਕੇ ਹੋਏ ਵਿਵਾਦ ਮਗਰੋਂ ਗ੍ਰਿਫ਼ਤਾਰ ਕੀਤੇ ਗਏ ਲੱਖਾ ਸਿਧਾਣਾ ਅਤੇ ਮੋਹਨਜੀਤ ਸਿੰਘ ਸ਼ੇਰੋਂ ਨੂੰ ਵੀਰਵਾਰ ਸ਼ਾਮ ਕਰੀਬ 6 ਵਜੇ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ। ਉਨ੍ਹਾਂ ਦੀ ਰਿਹਾਈ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਸਮਰਥਕ ਜੇਲ੍ਹ ਦੇ ਬਾਹਰ ਇਕੱਠੇ ਹੋਏ, ਜਿਨ੍ਹਾਂ ਨੇ ਦੋਵਾਂ ਆਗੂਆਂ ਨੂੰ ਸਿਰੋਪਾਓ ਭੇਟ ਕਰਕੇ ਅਤੇ ਫੁੱਲਾਂ ਦੀ ਵਰਖਾ ਕਰਦਿਆਂ ਸਵਾਗਤ ਕੀਤਾ।

ਰਿਹਾਈ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਲੱਖਾ ਸਿਧਾਣਾ ਅਤੇ ਮੋਹਨਜੀਤ ਸਿੰਘ ਸ਼ੇਰੋਂ ਨੇ ਕਿਹਾ ਕਿ ਹਿਰਾਸਤ ਵਿੱਚ ਰਹਿਣ ਕਾਰਨ ਉਨ੍ਹਾਂ ਨੂੰ ਮੋਰਚੇ, ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਅਤੇ ਪੰਜਾਬ ਸਰਕਾਰ ਦਰਮਿਆਨ ਹੋਈਆਂ ਘਟਨਾਵਾਂ ਬਾਰੇ ਕੋਈ ਜਾਣਕਾਰੀ ਨਹੀਂ ਹੈ। ਉਨ੍ਹਾਂ



ਕਿਹਾ ਕਿ ਜੇਲ੍ਹ ਤੋਂ ਨਿਕਲਣ ਉਪਰੰਤ ਉਹ ਸਿੱਧੇ ਮੋਰਚੇ ਵਿੱਚ ਸ਼ਾਮਲ ਹੋਣ ਲਈ ਜਾਣਗੇ।

ਲੱਖਾ ਸਿਧਾਣਾ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਨੇ ਪੰਜਾਬ ਦੇ ਨੌਜਵਾਨਾਂ ਲਈ ਆਪਣੀ ਜਾਨ ਕੁਰਬਾਨ ਕੀਤੀ ਹੈ ਅਤੇ ਉਨ੍ਹਾਂ ਦੀ ਸ਼ਹਾਦਤ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨਾਲ ਮੁਲਾਕਾਤ ਤੋਂ ਬਾਅਦ ਝੋਟੇ ਦੇ ਪਿਤਾ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਜਾਂ ਉਨ੍ਹਾਂ ਦਾ ਕਿਰਦਾਰ-ਹਨਨ ਕੀਤਾ ਜਾ ਰਿਹਾ ਹੈ ਤਾਂ ਇਹ ਗਲਤ ਹੈ। ਸਿਧਾਣਾ ਨੇ ਕਿਹਾ ਕਿ ਉਹ ਹਿਰਾਸਤ ਵਿੱਚ ਹੋਣ ਕਾਰਨ ਪੂਰੇ ਘਟਨਾਕ੍ਰਮ ਤੋਂ ਜਾਣੂ ਨਹੀਂ ਹਨ, ਪਰ ਉਨ੍ਹਾਂ ਨੂੰ ਇੰਨਾ ਪਤਾ ਲੱਗਿਆ ਹੈ ਕਿ ਝੋਟੇ ਦੇ ਪਿਤਾ ਖ਼ਿਲਾਫ਼ ਸੋਸ਼ਲ ਮੀਡੀਆ 'ਤੇ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨਾਲ ਉਹ ਸਹਿਮਤ ਨਹੀਂ ਹਨ।

ਇਸ ਤੋਂ ਪਹਿਲਾਂ ਮਾਨਸਾ ਪੁਲੀਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਲੱਖਾ ਸਿਧਾਣਾ ਅਤੇ ਮੋਹਨਜੀਤ ਸਿੰਘ ਸ਼ੇਰੋਂ ਨੂੰ ਮਾਨਸਾ ਦੀ ਅਦਾਲਤ ਵੱਲੋਂ ਤੁਰੰਤ ਰਿਹਾਅ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ। ਅਦਾਲਤ ਨੇ ਨਵੀਂ ਨਾਭਾ ਜੇਲ੍ਹ ਦੇ ਸੁਪਰਡੈਂਟ ਨੂੰ ਦੋਵਾਂ ਨੂੰ ਤੁਰੰਤ ਰਿਹਾਅ ਕਰਨ ਦੇ ਨਿਰਦੇਸ਼ ਦਿੱਤੇ ਸਨ। ਜ਼ਿਕਰਯੋਗ ਹੈ ਕਿ ਲੱਖਾ ਸਿਧਾਣਾ ਅਤੇ ਮੋਹਨਜੀਤ ਸ਼ੇਰੋਂ ਨੂੰ ਮਾਨਸਾ ਵਿੱਚ ਦਲਜੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਲੈ ਕੇ (ਬਾਕੀ ਸਫ਼ਾ 2 'ਤੇ)

ਧਨਤੇਰਸ ਤੋਂ ਪਹਿਲਾਂ ਚੰਗੀ ਖ਼ਬਰ

ਸ਼ੇਅਰ ਬਾਜ਼ਾਰ ਵਿੱਚ ਤੇਜ਼ੀ; ਸੈਂਸੈਕਸ 1,404 ਅੰਕ ਉਛਲਿਆ

ਰੁਪਿਆ 9 ਪੈਸੇ ਕਮਜ਼ੋਰ ਹੋਇਆ

ਮੁੰਬਈ, (ਪੈ.ਗਾਮ-ਏ-ਜਗਤ)

ਧਨਤੇਰਸ ਤੋਂ ਪਹਿਲਾਂ ਸ਼ੇਅਰ ਬਾਜ਼ਾਰ ਤੋਂ ਚੰਗੀ ਖ਼ਬਰ ਆਈ ਹੈ। ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਅਤੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਜਲਦੀ ਹੱਲ ਹੋਣ ਦੀਆਂ ਉਮੀਦਾਂ ਦੇ ਚਲਦਿਆਂ, ਵੀਰਵਾਰ ਨੂੰ ਸ਼ੁਰੂਆਤੀ ਕਾਰੋਬਾਰ ਦੌਰਾਨ ਸੈਂਸੈਕਸ ਅਤੇ ਨਿਫਟੀ ਵਿੱਚ ਜ਼ਬਰਦਸਤ ਤੇਜ਼ੀ ਦੇਖਣ ਨੂੰ ਮਿਲੀ।

ਸ਼ੁਰੂਆਤੀ ਕਾਰੋਬਾਰ ਵਿੱਚ, ਬੀਐੱਸਈ ਸੈਂਸੈਕਸ 1,403.71 ਅੰਕਾਂ ਦੇ ਉਛਾਲ ਨਾਲ 78,689.87 'ਤੇ ਪਹੁੰਚ ਗਿਆ, ਜਦੋਂ ਕਿ ਐਨਐਸਈ ਨਿਫਟੀ 378.85 ਅੰਕ ਚੜ੍ਹ ਕੇ 24,340.40 'ਤੇ ਪਹੁੰਚ ਗਿਆ। ਸੈਂਸੈਕਸ ਵਿੱਚ ਸ਼ਾਮਲ 30 ਕੰਪਨੀਆਂ ਵਿੱਚੋਂ, ਇੰਟਰਗਲੋਬ ਏਵੀਏਸ਼ਨ, ਏਸ਼ੀਅਨ ਪੇਂਟਸ, ਬਜਾਜ ਫਾਈਨਾਂਸ, ਮਾਰੂਤੀ, ਮਹਿੰਦਰਾ ਐਂਡ ਮਹਿੰਦਰਾ ਅਤੇ ਅਲਟਰਾਟੈਕ ਸੀਮੈਂਟ ਦੇ ਸ਼ੇਅਰਾਂ ਵਿੱਚ ਸਭ ਤੋਂ ਵੱਧ ਵਾਧਾ ਦਰਜ ਕੀਤਾ ਗਿਆ। (ਬਾਕੀ ਸਫ਼ਾ 2 'ਤੇ)

ਰੋਨਾਲਡੋ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲਿਆ

- 23 ਸਾਲਾਂ ਤੱਕ ਪੁਰਤਗਾਲ ਲਈ ਖੇਡੇ, ਵਿਸ਼ਵ ਪੱਧਰ 'ਤੇ ਸਭ ਤੋਂ ਵੱਧ ਗੋਲ ਕੀਤੇ; ਵਿਸ਼ਵ ਕੱਪ ਜਿੱਤਣ ਦਾ ਸੁਪਨਾ ਅਧੂਰਾ ਰਹਿ ਗਿਆ

ਨਵੀਂ ਦਿੱਲੀ, 5 ਨਵੰਬਰ
(ਪੈ.ਗਾਮ-ਏ-ਜਗਤ)

ਕ੍ਰਿਸਟੀਆਨੋ ਰੋਨਾਲਡੋ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈ ਲਿਆ ਹੈ। 41 ਸਾਲਾ ਖਿਡਾਰੀ ਨੇ ਵੀਰਵਾਰ ਨੂੰ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਰਾਹੀਂ ਆਪਣੇ ਫੈਸਲੇ ਦਾ ਐਲਾਨ ਕੀਤਾ। ਉਨ੍ਹਾਂ ਦੱਸਿਆ ਕਿ ਨਵੰਬਰ ਵਿੱਚ ਹੋਣ ਵਾਲੇ ਅੰਤਰਰਾਸ਼ਟਰੀ ਮੈਚਾਂ ਦੇ ਅੰਤਰਾਲ ਤੋਂ ਬਾਅਦ, ਉਹ ਪੁਰਤਗਾਲ ਦੀ ਨੰਬਰ 7 ਜਰਸੀ ਟੀਮ ਨੂੰ ਵਾਪਸ ਕਰ ਦੇਣਗੇ।

ਰੋਨਾਲਡੋ ਦੇ ਸਫ਼ਰ ਦੀ ਸ਼ੁਰੂਆਤ 20 ਅਗਸਤ, 2003 ਨੂੰ ਕਜ਼ਾਕਿਸਤਾਨ ਦੇ ਖਿਲਾਫ਼ ਹੋਈ ਸੀ, ਜਦੋਂ ਉਹ ਸਿਰਫ਼ 18 ਸਾਲ ਦੇ ਸਨ। ਅਗਲੇ 23 ਸਾਲਾਂ ਦੌਰਾਨ, ਉਨ੍ਹਾਂ ਨੇ ਪੁਰਤਗਾਲ ਲਈ 234 ਮੈਚ ਖੇਡੇ ਅਤੇ ਰਿਕਾਰਡ 146 ਗੋਲ ਕੀਤੇ। ਇਸ ਤੋਂ ਇਲਾਵਾ, ਉਨ੍ਹਾਂ ਨੇ 46 'ਅਸਿਸਟ' (ਗੋਲ ਕਰਨ ਵਿੱਚ ਮਦਦ ਕਰਨ ਵਾਲੇ ਆਖਰੀ ਪਾਸ) ਵੀ ਦਿੱਤੇ। ਇੱਕ ਵੀਡੀਓ ਵਿੱਚ ਰੋਨਾਲਡੋ ਨੇ ਕਿਹਾ, ਰਾਸ਼ਟਰੀ ਟੀਮ ਦੇ ਨਾਲ ਮੈਦਾਨ 'ਤੇ ਮੇਰਾ ਸਫ਼ਰ ਇੱਥੇ ਖਤਮ ਹੁੰਦਾ ਹੈ। ਮੈਂ ਮਾਣ



ਨਾਲ ਵਿਦਾ ਲੈ ਰਿਹਾ ਹਾਂ। ਮੈਂ ਪੁਰਤਗਾਲ ਲਈ ਆਪਣਾ ਸਭ ਕੁਝ ਦਿੱਤਾ।

ਉਨ੍ਹਾਂ ਅੱਗੇ ਕਿਹਾ ਕਿ ਜਦੋਂ ਉਹ ਪਿੱਛੇ ਮੁੜ ਕੇ ਦੇਖਦੇ ਹਨ, ਤਾਂ ਉਨ੍ਹਾਂ ਨੂੰ ਸਿਰਫ਼ ਮੈਚ, ਗੋਲ, ਰਿਕਾਰਡ ਅਤੇ ਟਰਾਫੀਆਂ ਹੀ ਯਾਦ ਨਹੀਂ ਆਉਂਦੀਆਂ, ਸਗੋਂ (ਬਾਕੀ ਸਫ਼ਾ 2 'ਤੇ)

ਹਿਰਾਸਤ ਵਿੱਚ ਲੈਣ ਦੇ 24 ਘੰਟਿਆਂ ਦੇ ਅੰਦਰ ਅਦਾਲਤ ਵਿੱਚ ਪੇਸ਼ ਕਰਨਾ ਲਾਜ਼ਮੀ: ਸੁਪਰੀਮ ਕੋਰਟ

- ਨਿਯਮ ਦੀ ਪਾਲਣਾ ਨਾ ਕਰਨ 'ਤੇ ਰਿਹਾਈ ਜ਼ਰੂਰੀ; 5 ਅਹਿਮ ਸਵਾਲ ਅਤੇ ਜਵਾਬ

ਨਵੀਂ ਦਿੱਲੀ, (ਪੈ.ਗਾਮ-ਏ-ਜਗਤ)

ਵੀਰਵਾਰ ਨੂੰ, ਸੁਪਰੀਮ ਕੋਰਟ ਨੇ ਕਿਸੇ ਵਿਅਕਤੀ ਨੂੰ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਉਸਨੂੰ 24 ਘੰਟਿਆਂ ਦੇ ਅੰਦਰ ਅਦਾਲਤ ਵਿੱਚ ਪੇਸ਼ ਕਰਨ ਦੀ ਸਮਾਂ-ਸੀਮਾ ਬਾਰੇ ਸਪੱਸ਼ਟਤਾ ਦਿੱਤੀ। ਅਦਾਲਤ ਨੇ ਕਿਹਾ ਕਿ ਕਿਸੇ ਵਿਅਕਤੀ ਨੂੰ ਮੈਜਿਸਟ੍ਰੇਟ ਦੇ ਸਾਹਮਣੇ ਪੇਸ਼ ਕਰਨ ਲਈ 24 ਘੰਟਿਆਂ ਦਾ ਸਮਾਂ ਉਸੇ ਪਲ ਤੋਂ ਸ਼ੁਰੂ ਹੋ ਜਾਂਦਾ ਹੈ ਜਦੋਂ ਉਸਨੂੰ ਹਿਰਾਸਤ ਵਿੱਚ ਲਿਆ ਜਾਂਦਾ ਹੈ—ਨਾ ਕਿ ਉਸ ਸਮੇਂ ਤੋਂ ਜਦੋਂ ਰਸਮੀ ਗ੍ਰਿਫਤਾਰੀ ਦਰਜ ਕੀਤੀ ਜਾਂਦੀ ਹੈ।

ਜਾਂਚ ਏਜੰਸੀਆਂ ਅਜਿਹਾ ਤਰੀਕਾ ਨਹੀਂ ਅਪਣਾ ਸਕਦੀਆਂ ਜਿਸ ਵਿੱਚ ਕਿਸੇ ਵਿਅਕਤੀ ਨੂੰ ਪਹਿਲਾਂ ਹਿਰਾਸਤ ਵਿੱਚ ਲੈ ਲਿਆ ਜਾਵੇ ਅਤੇ ਉਸਦੀ ਰਸਮੀ ਗ੍ਰਿਫਤਾਰੀ ਬਾਅਦ ਵਿੱਚ ਦਰਜ ਕੀਤੀ ਜਾਵੇ। ਸੁਪਰੀਮ ਕੋਰਟ ਦਾ ਇਹ ਫੈਸਲਾ ਤ੍ਰਿਪੁਰਾ ਵਿੱਚ ਗ੍ਰਿਫਤਾਰ ਕੀਤੇ ਗਏ ਚਾਰ ਵਿਅਕਤੀਆਂ ਦੁਆਰਾ ਦਾਇਰ ਕੀਤੀ ਗਈ ਇੱਕ ਪਟੀਸ਼ਨ ਤੋਂ ਬਾਅਦ ਆਇਆ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਸੀ ਕਿ ਉਨ੍ਹਾਂ ਨੂੰ ਸ਼ੁਰੂ ਵਿੱਚ ਹਿਰਾਸਤ ਵਿੱਚ ਲੈਣ ਅਤੇ ਉਨ੍ਹਾਂ ਦੀ ਰਸਮੀ ਗ੍ਰਿਫਤਾਰੀ ਦਰਜ ਕਰਨ ਦੇ ਵਿਚਕਾਰ ਲਗਭਗ 21 ਘੰਟਿਆਂ ਦਾ ਅੰਤਰ ਸੀ। ਇਸ ਮਾਮਲੇ ਦੀ ਸੁਣਵਾਈ ਜਸਟਿਸ ਉੱਜਲ ਭੁਈਆਂ ਅਤੇ ਜਸਟਿਸ ਅਤੁਲ ਐਸ. ਚੰਦੂਰਕਰ ਦੀ ਬੈਂਚ ਨੇ ਕੀਤੀ।



ਯੂਰਪ ਵਿੱਚ 15 ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ

- ਫਰਾਂਸ ਨੇ ਲੜਾਕੂ ਜਹਾਜ਼ ਤਾਇਨਾਤ ਕੀਤੇ, ਜਹਾਜ਼ ਨੂੰ ਐਮਰਜੈਂਸੀ ਲੈਂਡਿੰਗ ਲਈ ਮਜਬੂਰ ਕੀਤਾ; ਦੋ ਦਿਨ ਪਹਿਲਾਂ ਵੀ ਮਿਲੀਆਂ ਸਨ ਅਜਿਹੀਆਂ ਧਮਕੀਆਂ

ਰੋਮ, 5 ਨਵੰਬਰ
(ਪੈ.ਗਾਮ-ਏ-ਜਗਤ)

ਵੀਰਵਾਰ ਨੂੰ ਯੂਰਪ ਵਿੱਚ 15 ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ। ਇਨ੍ਹਾਂ ਵਿੱਚ ਫਿਨਲੈਂਡ, ਇਟਲੀ, ਫਰਾਂਸ, ਚੈੱਕ ਗਣਰਾਜ ਅਤੇ ਬੁਲਗਾਰੀਆ ਨਾਲ ਸਬੰਧਤ ਜਹਾਜ਼ ਸ਼ਾਮਲ ਹਨ।

ਸੁਰੱਖਿਆ ਏਜੰਸੀਆਂ ਨੇ ਕਈ ਜਹਾਜ਼ਾਂ ਦੇ ਰਸਤੇ ਬਦਲ ਦਿੱਤੇ, ਜਦਕਿ ਫਰਾਂਸ ਨੇ ਡਬਲਿਨ ਤੋਂ ਰੋਮ ਜਾ ਰਹੀ ਇੱਕ ਉਡਾਣ ਦੀ ਸੁਰੱਖਿਆ ਲਈ ਲੜਾਕੂ ਜਹਾਜ਼ ਤਾਇਨਾਤ ਕੀਤੇ। ਇਸ ਜਹਾਜ਼ ਨੂੰ ਫਰਾਂਸ ਦੇ ਏਵਰੂਕਸ ਫੌਜੀ ਏਅਰਬੇਸ 'ਤੇ ਐਮਰਜੈਂਸੀ ਲੈਂਡਿੰਗ ਕਰਨ ਲਈ ਮਜਬੂਰ ਹੋਣਾ ਪਿਆ। ਜਹਾਜ਼ ਵਿੱਚ 151 ਯਾਤਰੀ ਅਤੇ ਚਾਲਕ ਦਲ ਦੇ 6 ਮੈਂਬਰ ਸਵਾਰ ਸਨ; ਸਾਰੇ ਸੁਰੱਖਿਅਤ ਹਨ। ਹੁਣ ਤੱਕ ਕਿਸੇ ਵੀ ਜਹਾਜ਼ ਵਿੱਚੋਂ ਕੋਈ ਵਿਸਫੋਟਕ ਸਮੱਗਰੀ ਨਹੀਂ ਮਿਲੀ ਹੈ।

ਇਸ ਹਫ਼ਤੇ ਯੂਰਪ ਵਿੱਚ ਜਹਾਜ਼ਾਂ



ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਨਾਲ ਜੁੜੀ ਇਹ ਤੀਜੀ ਵੱਡੀ ਘਟਨਾ ਹੈ। ਇਸ ਤੋਂ ਪਹਿਲਾਂ, ਮੰਗਲਵਾਰ ਨੂੰ ਲਗਭਗ 10 ਜਹਾਜ਼ਾਂ ਨੂੰ ਅਜਿਹੀਆਂ ਧਮਕੀਆਂ ਮਿਲੀਆਂ ਸਨ, ਅਤੇ ਸੋਮਵਾਰ ਨੂੰ ਯੂਨਾਈਟਿਡ ਕਿੰਗਡਮ ਵਿੱਚ ਵੀ ਲਗਭਗ 7 ਉਡਾਣਾਂ ਨੂੰ ਅਜਿਹੀਆਂ ਧਮਕੀਆਂ ਦਾ ਨਿਸ਼ਾਨਾ ਬਣਾਇਆ ਗਿਆ ਸੀ।

ਹੈਲਸਿੰਕੀ ਤੋਂ ਰੋਮ ਜਾ ਰਹੀ 'ਫਿਨਏਅਰ' ਦੀ ਇੱਕ ਉਡਾਣ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਇਟਲੀ ਦੇ ਲੜਾਕੂ ਜਹਾਜ਼ਾਂ ਦੀ ਨਿਗਰਾਨੀ ਹੇਠ ਇਸ ਜਹਾਜ਼ ਨੂੰ ਰੋਮ ਲਿਆਂਦਾ ਗਿਆ, ਜਿੱਥੇ ਹਵਾਈ ਅੱਡੇ 'ਤੇ ਬੰਬ ਨਿਰੋਧਕ ਮਾਹਰਾਂ ਨੇ ਇਸ ਦੀ ਤਲਾਸ਼ੀ ਲਈ। ਇਸ ਘਟਨਾ ਕਾਰਨ ਰੋਮ ਦੇ ਲਿਓਨਾਰਡੋ ਦਾ ਵਿੰਚੀ ਹਵਾਈ ਅੱਡੇ 'ਤੇ ਉਡਾਣ ਸੰਚਾਲਨ 30 ਮਿੰਟਾਂ ਲਈ ਰੋਕ ਦਿੱਤਾ ਗਿਆ ਸੀ। ਇਸ ਤੋਂ ਇਲਾਵਾ, ਹੈਲਸਿੰਕੀ ਤੋਂ ਵਿਯੇਨਨਾ ਜਾ ਰਹੀ 'ਜੈੱਟਟਾਈਮ' ਦੀ ਇੱਕ ਉਡਾਣ ਨੂੰ ਵੀ ਧਮਕੀ ਮਿਲੀ ਸੀ; ਹਾਲਾਂਕਿ, ਇਹ ਜਹਾਜ਼ ਆਸਟਰੀਆ ਦੀ ਰਾਜਧਾਨੀ ਵਿੱਚ ਆਮ ਵਾਂਗ ਉਤਰ ਗਿਆ।

ਪਾਕਿਸਤਾਨੀ ਫੌਜ ਵੱਲੋਂ ਪੀ.ਓ.ਕੇ. 'ਚ ਗੋਲੀਬਾਰੀ; 7 ਲੋਕਾਂ ਦੀ ਮੌਤ

ਰਾਵਲਾਕੋਟ, 5 ਨਵੰਬਰ
(ਪੈ.ਗਾਮ-ਏ-ਜਗਤ)

ਵੀਰਵਾਰ ਨੂੰ, ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਦੇ ਰਾਵਲਾਕੋਟ ਵਿੱਚ ਪਾਕਿਸਤਾਨੀ ਸੁਰੱਖਿਆ ਬਲਾਂ ਨੇ ਪ੍ਰਦਰਸ਼ਨਕਾਰੀਆਂ 'ਤੇ ਗੋਲੀਆਂ ਚਲਾ ਦਿੱਤੀਆਂ। ਇਸ ਘਟਨਾ ਵਿੱਚ ਘੱਟੋ-ਘੱਟ 7 ਲੋਕ ਮਾਰੇ ਗਏ ਅਤੇ 18 ਹੋਰ ਗੰਭੀਰ ਜ਼ਖਮੀ ਹੋ ਗਏ। ਮਰਨ ਵਾਲਿਆਂ ਵਿੱਚ ਬੱਚੇ ਵੀ ਸ਼ਾਮਲ ਹਨ।

'ਯੂਨਾਈਟਿਡ ਕਸ਼ਮੀਰ ਪੀਪਲਜ਼ ਨੈਸ਼ਨਲ ਪਾਰਟੀ' ਨੇ ਦੋਸ਼ ਲਗਾਇਆ ਹੈ ਕਿ ਸੁਰੱਖਿਆ ਬਲਾਂ ਨੇ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਭਾਰੀ ਮਸ਼ੀਨ ਗੰਨਾਂ ਅਤੇ ਡਰੋਨਾਂ ਦੀ ਵਰਤੋਂ ਕਰਕੇ ਹਮਲਾ ਕੀਤਾ। ਇਸ ਘਟਨਾ ਬਾਰੇ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਹਾਲੇ ਤੱਕ ਕੋਈ ਅਧਿਕਾਰਤ ਬਿਆਨ ਨਹੀਂ ਆਇਆ ਹੈ।

ਯੂ.ਕੇ.ਪੀ.ਐਨ.ਪੀ. ਅਨੁਸਾਰ, ਪਾਕਿਸਤਾਨੀ ਸੁਰੱਖਿਆ ਬਲਾਂ ਨੇ ਰਾਵਲਾਕੋਟ ਵਿੱਚ ਮਾਟੀਆਲਮੇਰਾ ਬੱਸ ਟਰਮੀਨਲ, ਉਮਰ ਫਾਰੂਕ ਚੌਕ ਅਤੇ ਹੋਰ ਥਾਵਾਂ 'ਤੇ ਚੱਲ ਰਹੇ ਧਰਨਿਆਂ ਵਿਰੁੱਧ ਕਾਰਵਾਈ ਕੀਤੀ। ਪਾਰਟੀ ਨੇ ਦੋਸ਼ ਲਗਾਇਆ ਕਿ ਗੋਲੀਬਾਰੀ ਕਰਨ ਤੋਂ ਇਲਾਵਾ, ਸੁਰੱਖਿਆ ਬਲਾਂ ਨੇ ਡਰੋਨਾਂ ਰਾਹੀਂ ਵੀ ਹਮਲੇ ਕੀਤੇ। ਇਸ ਕਾਰਵਾਈ ਦੌਰਾਨ ਭਾਰੀ ਮਸ਼ੀਨ ਗੰਨਾਂ ਅਤੇ ਬਖਤਰਬੰਦ ਗੱਡੀਆਂ ਤਾਇਨਾਤ ਕੀਤੀਆਂ ਗਈਆਂ ਸਨ।

ਪੀਓਕੇ ਵਿੱਚ 7 ਜੂਨ ਨੂੰ ਸ਼ੁਰੂ ਹੋਏ ਪ੍ਰਦਰਸ਼ਨ

- ਪ੍ਰਦਰਸ਼ਨਕਾਰੀਆਂ 'ਤੇ ਮਸ਼ੀਨ ਗੰਨਾਂ ਅਤੇ ਡਰੋਨਾਂ ਨਾਲ ਹਮਲਾ; ਮਰਨ ਵਾਲਿਆਂ ਵਿੱਚ ਬੱਚੇ ਵੀ ਸ਼ਾਮਲ



ਲਗਾਤਾਰ ਤੇਜ਼ ਹੁੰਦੇ ਜਾ ਰਹੇ ਹਨ। ਵੀਰਵਾਰ ਨੂੰ 7 ਲੋਕਾਂ ਦੀ ਮੌਤ ਤੋਂ ਬਾਅਦ, ਇਸ ਅੰਦੋਲਨ ਵਿੱਚ ਮਰਨ ਵਾਲਿਆਂ ਦੀ ਕੁੱਲ ਗਿਣਤੀ 153 ਹੋ ਗਈ ਹੈ।

ਇਹ ਅੰਦੋਲਨ ਸ਼ੁਰੂ ਵਿੱਚ ਸਥਾਨਕ ਲੋਕਾਂ ਦੇ ਸਿਆਸੀ ਅਧਿਕਾਰਾਂ ਅਤੇ ਆਰਥਿਕ ਸ਼ਿਕਾਇਤਾਂ ਨੂੰ ਲੈ ਕੇ ਸ਼ੁਰੂ ਹੋਇਆ ਸੀ। ਹੁਣ ਪ੍ਰਦਰਸ਼ਨਕਾਰੀ ਪਾਕਿਸਤਾਨੀ ਸੁਰੱਖਿਆ ਬਲਾਂ ਦੀ ਵਾਪਸੀ ਅਤੇ ਆਪਣੇ ਆਗੂਆਂ ਵਿਰੁੱਧ ਦਰਜ ਕੀਤੇ ਗਏ ਕੇਸਾਂ ਨੂੰ ਵਾਪਸ ਲੈਣ ਦੀ ਮੰਗ ਵੀ ਕਰ ਰਹੇ ਹਨ।

ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਹੁਨਰ ਕਿਸੇ ਵੀ ਸੰਸਥਾ ਦੀ ਅਸਲ ਪਛਾਣ : ਗੁਲਾਬ ਚੰਦ ਕਟਾਰੀਆ

ਪੈ.ਗਾਮ-ਏ-ਜਗਤ
ਨਾਭਾ, 5 ਨਵੰਬਰ
(ਪਰਮਜੀਤ ਸਿੰਘ ਪਰਵਾਨਾ)

ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਅੱਜ ਸਕੂਲ ਦਾ 66ਵਾਂ ਸਥਾਪਨਾ ਦਿਵਸ ਬੜੀ ਸ਼ਾਨੋ-ਸ਼ੌਕਤ, ਉਤਸ਼ਾਹ ਅਤੇ ਰਵਾਇਤੀ ਰੰਗਤ ਨਾਲ ਮਨਾਇਆ ਗਿਆ। ਇਸ ਮੌਕੇ ਗੁਲਾਬ ਚੰਦ ਕਟਾਰੀਆ ਰਾਜਪਾਲ ਪੰਜਾਬ ਅਤੇ ਪ੍ਰਸ਼ਾਸਕ, ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਨੇ ਸ਼ਿਰਕਤ ਕੀਤੀ। ਸਕੂਲ ਪਹੁੰਚਣ 'ਤੇ ਰਾਜਪਾਲ ਨੇ ਗਾਰਡ ਆਫ਼ ਆਨਰ ਤੋਂ ਸਲਾਮੀ ਲਈ ਤੇ ਗਾਰਡ ਆਫ਼ ਆਨਰ ਦਾ ਨਿਰੀਖਣ ਕੀਤਾ।

ਸਕੂਲ ਦੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਪ੍ਰਾਰਥਨਾ ਸਭਾ ਦਾ ਸੰਚਾਲਨ ਕਰਦਿਆਂ ਸਾਲਾਨਾ ਸਕੂਲ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਸਾਲ ਦੌਰਾਨ ਸੰਸਥਾ ਵੱਲੋਂ ਹਾਸਲ ਕੀਤੀਆਂ ਗਈਆਂ ਵੱਖ-ਵੱਖ ਪ੍ਰਾਪਤੀਆਂ ਦਾ ਵਿਸਥਾਰਪੂਰਵਕ ਜ਼ਿਕਰ ਕੀਤਾ ਗਿਆ। ਉਨ੍ਹਾਂ ਨੇ ਸਕੂਲ ਦੀ ਸਥਾਪਨਾ ਤੋਂ ਲੈ ਕੇ ਹੁਣ ਤਕ ਇਸ ਦੀ ਤਰੱਕੀ ਅਤੇ ਵਿਕਾਸ ਲਈ ਹਰ ਸੰਭਵ ਸਹਿਯੋਗ ਦੇਣ ਵਾਲੇ ਸਰਪ੍ਰਸਤਾਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਲਾਈਫਟਾਈਮ ਅਚੀਵਮੈਂਟ ਐਵਾਰਡ ਮਰਨ ਉਪਰੰਤ ਰਾਮ ਸਿੰਘ, ਸਾਬਕਾ ਗਣਿਤ ਅਧਿਆਪਕ ਨੂੰ ਪ੍ਰਦਾਨ ਕੀਤਾ ਗਿਆ। ਇਸੇ ਤਰ੍ਹਾਂ ਸਕੂਲ ਪ੍ਰਤੀ ਵਿਲੱਖਣ ਯੋਗਦਾਨ ਅਤੇ ਸੇਵਾਵਾਂ ਲਈ ਰੋਲ ਆਫ਼ ਆਨਰ ਐਵਾਰਡ ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਪ੍ਰਦਾਨ ਕੀਤਾ ਗਿਆ। ਸਾਲ 2026 ਦੀ ਸੀਨੀਅਰ ਕਾਕ ਹਾਊਸ ਦੀ ਪ੍ਰੈਜ਼ੀਡੈਂਟ ਚੈਂਪੀਅਨਸ਼ਿਪ ਟਰਾਫ਼ੀ ਸਤਲੁਜ ਹਾਊਸ ਨੇ ਆਪਣੇ ਨਾਮ ਕੀਤੀ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਸ਼ਾਨਦਾਰ ਵੰਨਗੀਆਂ ਨੇ ਸਮਾਰੋਹ ਨੂੰ ਯਾਦਗਾਰੀ ਬਣਾ ਦਿੱਤਾ। ਜੂਨੀਅਰ ਸਕੂਲ ਦੇ ਵਿਦਿਆਰਥੀਆਂ ਨੇ ਜੋਸ਼ ਅਤੇ ਤਾਲਮੇਲ ਨਾਲ ਭਰਪੂਰ ਏਅਰੋਬਿਕਸ ਦੀ ਪੇਸ਼ਕਾਰੀ ਕੀਤੀ, ਜਦਕਿ ਸਕੂਲ ਬੈਂਡ ਨੇ ਆਪਣੀ ਬੇਮਿਸਾਲ ਅਤੇ ਦਿਲ ਨੂੰ ਛੂਹਣ ਵਾਲੀ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਪੀ.ਪੀ.ਐੱਸ. ਦੇ ਘੋੜਸਵਾਰਾਂ ਨੇ ਆਪਣੇ ਦਲੇਰਾਨਾ ਅਤੇ ਹੈਰਾਨੀਜਨਕ ਘੋੜਸਵਾਰੀ ਦੇ ਕਰਤੱਬਾਂ ਨਾਲ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ।

• **ਪੰਜਾਬ ਪਬਲਿਕ ਸਕੂਲ ਨਾਭਾ ਨੇ ਮਨਾਇਆ 66ਵਾਂ ਸਥਾਪਨਾ ਦਿਵਸ, ਰਾਜਪਾਲ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ**



ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਕੂਲ ਦੀ ਤਰੱਕੀ ਅਤੇ ਵਿਕਾਸ ਲਈ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਵਿਸ਼ੇਸ਼ ਤੌਰ 'ਤੇ ਉਨ੍ਹਾਂ ਨੇ ਘੋੜਸਵਾਰਾਂ ਦੇ ਹੁਨਰ, ਨਿਪੁੰਨਤਾ ਅਤੇ ਆਤਮ-ਵਿਸ਼ਵਾਸ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਦਾ ਅਨੁਸ਼ਾਸਨ ਉਨ੍ਹਾਂ ਨੂੰ ਬੇਹੱਦ ਪ੍ਰਭਾਵਿਤ ਕਰ ਗਿਆ ਹੈ।

ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਰਾਜਪਾਲ ਦਾ ਹੌਸਲਾ-ਅਫ਼ਜ਼ਾਈ ਭਰੇ ਅਤੇ ਪ੍ਰੇਰਨਾਦਾਇਕ ਸ਼ਬਦਾਂ ਲਈ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜੈ ਸਿੰਘ ਗਿੱਲ, ਆਈ.ਏ.ਐੱਸ. (ਸੇਵਾਮੁਕਤ), ਪ੍ਰਧਾਨ, ਕਾਰਜਕਾਰੀ ਕਮੇਟੀ, ਬੋਰਡ ਆਫ਼ ਗਵਰਨਰਜ਼, ਸਮੇਤ ਬੋਰਡ ਦੇ ਮੈਂਬਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

ਅਮਿਤ ਸ਼ਾਹ ਵੱਲੋਂ ਅੰਬਾਲਾ ਵਿੱਚ 1857 ਦੇ ਸ਼ਹੀਦਾਂ ਦੇ ਸਮਾਰਕ ਦਾ ਉਦਘਾਟਨ

ਪੈ.ਗਾਮ-ਏ-ਜਗਤ/ਅੰਬਾਲਾ
5 ਨਵੰਬਰ (ਆਰ. ਸਿੰਘ)

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਬੁੱਧਵਾਰ ਨੂੰ ਅੰਬਾਲਾ ਛਾਉਣੀ ਵਿਖੇ 1857 ਦੀ ਪਹਿਲੀ ਆਜ਼ਾਦੀ ਦੀ ਜੰਗ ਦੇ ਸ਼ਹੀਦਾਂ ਨੂੰ ਸਮਰਪਿਤ ਸਮਾਰਕ ਦਾ ਉਦਘਾਟਨ ਕੀਤਾ। ਜੀ.ਟੀ. ਰੋਡ 'ਤੇ ਕੈਬਨਿਟ ਮੰਤਰੀ ਅਨਿਲ ਵਿਜ ਦੇ ਯਤਨਾਂ ਨਾਲ ਬਣਾਏ ਗਏ ਇਸ ਸਮਾਰਕ ਦੇ ਉਦਘਾਟਨ ਤੋਂ ਬਾਅਦ ਉਨ੍ਹਾਂ ਨੇ ਗਾਂਧੀ ਮੈਦਾਨ ਵਿੱਚ ਰੈਲੀ ਨੂੰ ਸੰਬੋਧਨ ਕੀਤਾ।

ਅਮਿਤ ਸ਼ਾਹ ਨੇ ਕਿਹਾ ਕਿ 10 ਮਈ, 1857 ਨੂੰ ਕ੍ਰਾਂਤੀਕਾਰੀਆਂ ਨੇ ਅੰਗਰੇਜ਼ੀ ਹਕੂਮਤ ਵਿਰੁੱਧ ਸੰਘਰਸ਼ ਦਾ ਬਿਗਲ ਵਜਾਇਆ ਸੀ, ਜੋ ਤੇਜ਼ੀ ਨਾਲ ਫੈਲਿਆ ਅਤੇ ਬ੍ਰਿਟਿਸ਼ ਸਾਮਰਾਜ ਦੀਆਂ ਨੀਂਹਾਂ ਹਿਲਾ ਦਿੱਤੀਆਂ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਦੀ ਸ਼ੁਰੂਆਤ ਅੰਬਾਲਾ ਛਾਉਣੀ ਦੀ ਧਰਤੀ ਤੋਂ ਹੋਈ ਸੀ। ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਕ੍ਰਾਂਤੀਕਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਕੁਝ ਖੱਬੇ-ਪੱਖੀ ਇਤਿਹਾਸਕਾਰਾਂ ਨੇ ਅੰਗਰੇਜ਼ਾਂ ਦੇ ਨਜ਼ਰੀਏ ਤੋਂ 1857 ਦੇ ਸੰਘਰਸ਼ ਨੂੰ ਬਗਾਵਤ ਦਾ ਨਾਂ ਦਿੱਤਾ ਸੀ। ਵੀਰ ਸਾਵਰਕਰ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਸਿਰਫ਼ ਬਗਾਵਤ ਨਹੀਂ, ਸਗੋਂ ਆਜ਼ਾਦੀ ਦਾ ਸੰਗਰਾਮ ਸੀ। ਉਨ੍ਹਾਂ ਨੇ 87 ਸਾਲ ਦੀ ਉਮਰ ਵਿੱਚ ਅੰਗਰੇਜ਼ਾਂ ਵਿਰੁੱਧ ਲੜਨ ਵਾਲੇ ਬਾਬੂ ਕੁੰਵਰ ਸਿੰਘ ਦੀ ਕੁਰਬਾਨੀ ਨੂੰ ਵੀ ਯਾਦ ਕੀਤਾ।



ਸ਼ਾਹ ਨੇ ਸਮਾਰਕ ਦੇ ਨਿਰਮਾਣ ਲਈ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਅਨਿਲ ਵਿਜ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਦੇਸ਼ ਭਰ ਦੇ ਨੌਜਵਾਨਾਂ ਨੂੰ ਇਸ ਸਮਾਰਕ ਦਾ ਦੌਰਾ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੀ ਅਪੀਲ ਕੀਤੀ। ਉਨ੍ਹਾਂ ਨੇ ਫ਼ੌਜ, ਖੇਡਾਂ, ਖੇਤੀਬਾੜੀ ਅਤੇ ਚਿੱਟੀ ਕ੍ਰਾਂਤੀ ਵਿੱਚ ਹਰਿਆਣਾ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸੂਬਾ ਸਰਕਾਰ ਆਪਣੇ ਵਾਅਦੇ ਪੂਰੇ ਕਰਨ ਲਈ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਕਾਰਜਸ਼ੈਲੀ ਦੀ ਪ੍ਰਸ਼ੰਸਾ ਕਰਦਿਆਂ ਸ਼ਾਹ ਨੇ ਉਨ੍ਹਾਂ ਨੂੰ ਇੱਕ ਕੁਸ਼ਲ ਆਗੂ ਦੱਸਿਆ। ਉਨ੍ਹਾਂ ਅਨਿਲ ਵਿਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਦੋਂ ਤੱਕ ਇਹ ਸਮਾਰਕ ਰਹੇਗਾ, ਉਨ੍ਹਾਂ ਦਾ ਨਾਂ ਵੀ ਯਾਦ ਰੱਖਿਆ ਜਾਵੇਗਾ।

ਅਨਿਲ ਵਿਜ ਨੇ ਦੱਸਿਆ ਕਿ 22 ਏਕੜ ਵਿੱਚ ਬਣੇ ਇਸ ਸਮਾਰਕ ਵਿੱਚ 23 ਗੈਲਰੀਆਂ ਹਨ। ਇੱਥੇ ਆਧੁਨਿਕ ਤਕਨਾਲੋਜੀ, ਹੋਲੋਗ੍ਰਾਫੀ ਅਤੇ ਇੰਟਰਐਕਟਿਵ ਪ੍ਰਦਰਸ਼ਨਾਂ ਰਾਹੀਂ ਆਜ਼ਾਦੀ ਦੇ ਸੰਗਰਾਮ ਦਾ ਇਤਿਹਾਸ ਦਰਸਾਇਆ ਗਿਆ ਹੈ। ਇਸ ਵਿੱਚ 2,500 ਲੋਕਾਂ ਦੇ ਬੈਠਣ ਦੀ ਸਮਰੱਥਾ ਵਾਲਾ ਖੁੱਲ੍ਹਾ ਥੀਏਟਰ, 1857 ਦੀਆਂ ਘਟਨਾਵਾਂ ਨੂੰ ਦਰਸਾਉਣ ਵਾਲਾ ਲਾਈਟ ਐਂਡ ਸਾਊਂਡ ਸ਼ੋਅ ਅਤੇ 63 ਮੀਟਰ ਉੱਚਾ ਕਮਲ ਦਾ ਨਿਸ਼ਾਨ ਵੀ ਬਣਾਇਆ ਗਿਆ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਸਮਾਰਕ ਦੇਸ਼ ਭਗਤੀ ਦਾ ਮੰਦਰ ਬਣੇਗਾ ਅਤੇ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲਿਆਂ ਦੀ ਯਾਦ ਦਿਵਾਉਂਦਾ ਰਹੇਗਾ। ਉਨ੍ਹਾਂ ਦੱਸਿਆ ਕਿ ਹਰਿਆਣਾ ਆਜ਼ਾਦੀ ਘੁਲਾਟੀਆਂ ਨੂੰ 40,000 ਰੁਪਏ ਮਹੀਨਾ ਪੈਨਸ਼ਨ ਦਿੰਦਾ ਹੈ। ਸੂਬਾ ਸਰਕਾਰ ਦੇ 217 ਮਤਿਆਂ ਵਿੱਚੋਂ 76 ਪੂਰੇ ਹੋ ਚੁੱਕੇ ਹਨ ਅਤੇ 141 'ਤੇ ਕੰਮ ਜਾਰੀ ਹੈ। ਇਸ ਮੌਕੇ ਅਮਿਤ ਸ਼ਾਹ ਨੇ 1,260 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਕੌਮੀ ਰਾਜ ਮਾਰਗ 152-ਜੀ ਦੇ ਜਲਬੇੜਾ-ਸ਼ਾਹਬਾਦ ਹਿੱਸੇ ਦਾ ਰਿਮੋਟ ਰਾਹੀਂ ਉਦਘਾਟਨ ਵੀ ਕੀਤਾ। ਸਮਾਗਮ ਵਿੱਚ ਵਿਧਾਨ ਸਭਾ ਸਪੀਕਰ ਹਰਵਿੰਦਰ ਕਲਿਆਣ, ਕਈ ਕੈਬਨਿਟ ਮੰਤਰੀ, ਸੰਸਦ ਮੈਂਬਰ, ਵਿਧਾਇਕ, ਭਾਜਪਾ ਆਗੂ ਅਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੰਗਲ ਕਲਾਂ ਵਿਖੇ ਦੀਵਾਲੀ ਦੇ ਮੌਕੇ ਵੱਖ-ਵੱਖ ਮੁਕਾਬਲੇ ਕਰਵਾਏ ਗਏ

ਪੈ.ਗਾਮ-ਏ-ਜਗਤ/ਹਰੋਲੀ/ਊਨਾ
5 ਨਵੰਬਰ (ਰਾਜਵੀਰ ਚੋਪੜਾ)

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੰਗਲ ਕਲਾਂ ਵਿਖੇ ਦੀਵਾਲੀ ਦੇ ਪਵਿੱਤਰ ਤਿਉਹਾਰ ਦੇ ਮੌਕੇ ਵਿਦਿਆਰਥੀਆਂ ਲਈ ਦੀਵੇ ਸਜਾਉਣ, ਕਾਰਡ ਬਣਾਉਣ ਅਤੇ ਰੰਗੋਲੀ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਸਿਰਜਣਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।



ਦੀਵੇ ਸਜਾਉਣ ਦੇ ਜੂਨੀਅਰ ਵਿੰਗ ਮੁਕਾਬਲੇ ਵਿੱਚ ਕ੍ਰਿਤਿਕਾ (ਅੱਠਵੀਂ ਜਮਾਤ) ਨੇ ਪਹਿਲਾ, ਰੁਹਾਨੀ ਸ਼ਰਮਾ ਅਤੇ ਸਮਰ (ਛੇਵੀਂ ਜਮਾਤ) ਨੇ ਸਾਂਝੇ ਤੌਰ 'ਤੇ ਦੂਜਾ ਅਤੇ ਮਹਿਕ (ਸੱਤਵੀਂ ਜਮਾਤ) ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਸੀਨੀਅਰ ਵਿੰਗ ਵਿੱਚ ਵੰਸ਼ਿਕਾ (ਦਸਵੀਂ ਜਮਾਤ) ਨੇ ਪਹਿਲਾ, ਅਨੀਤਾ (ਗਿਆਰਵੀਂ ਜਮਾਤ) ਨੇ ਦੂਜਾ ਅਤੇ ਨਿਹਾਰਿਕਾ (ਨੌਂਵੀਂ ਜਮਾਤ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਰਡ ਬਣਾਉਣ ਦੇ ਮੁਕਾਬਲੇ ਵਿੱਚ ਸ੍ਰਿਸ਼ਟੀ (ਦਸਵੀਂ ਜਮਾਤ) ਨੇ ਪਹਿਲਾ, ਹਰਿਓਮ (ਨੌਵੀਂ ਜਮਾਤ) ਨੇ ਦੂਜਾ ਅਤੇ ਸ਼ਿਵਾਂਗੀ (ਦਸਵੀਂ ਜਮਾਤ) ਨੇ ਤੀਜਾ ਸਥਾਨ ਹਾਸਲ ਕੀਤਾ। ਰੰਗੋਲੀ ਮੁਕਾਬਲੇ ਵਿੱਚ ਗਾਂਧੀ ਹਾਊਸ ਅਤੇ ਪਟੇਲ ਹਾਊਸ ਨੇ ਸਾਂਝੇ ਤੌਰ 'ਤੇ ਪਹਿਲਾ, ਭਗਤ ਸਿੰਘ ਹਾਊਸ ਨੇ ਦੂਜਾ ਅਤੇ ਟੈਗੋਰ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੀਨਾਕਸ਼ੀ ਗੁਪਤਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਬੱਚਿਆਂ ਤੇ ਸਟਾਫ਼ ਮੈਂਬਰਾਂ ਨੂੰ ਦੀਵਾਲੀ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਤਿਉਹਾਰਾਂ ਰਾਹੀਂ ਆਪਣੀ ਸਿਰਜਣਾਤਮਕਤਾ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਟਾਫ਼ ਮੈਂਬਰਾਂ ਵਿੱਚ ਰਣਜੀਤ ਸਿੰਘ, ਮੋਨਿਕਾ ਜੈਨ, ਸਾਧਨਾ, ਅਰੁਣ ਪਾਠਕ, ਜਸਬੀਰ ਸਿੰਘ, ਅਨਵਰ ਖਾਨ, ਜੋਗਿੰਦਰ ਪਾਲ, ਨਰਿੰਦਰ ਸਿੰਘ, ਰਜਨੀ ਸ਼ਰਮਾ, ਗਗਨ ਕੌਂਡਲ, ਸ਼ਿਵਾਨੀ, ਆਸ਼ਾ, ਮਨੋਜ, ਅਭਿਲਾਸ਼ਾ, ਸੀਮਾ, ਹਰਜੀਤ ਕੌਰ ਅਤੇ ਪੂਜਾ ਸ਼ਰਮਾ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

ਮੁੱਖ ਮੰਤਰੀ ਨਾਇਬ ਸੈਣੀ ਨੇ ਸ਼ਹੀਦ ਸਮਾਰਕ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦਾ ਰਸਮੀ ਉਦਘਾਟਨ ਕੀਤਾ

ਪੈ.ਗਾਮ-ਏ-ਜਗਤ/ਅੰਬਾਲਾ
5 ਨਵੰਬਰ (ਆਰ.ਸਿੰਘ)

ਸ਼ਾਮ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੰਬਾਲਾ ਛਾਉਣੀ ਸਥਿਤ ਸ਼ਹੀਦ ਸਮਾਰਕ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ 'ਤੇ 1857 ਦੇ ਇਨਕਲਾਬ ਦੀਆਂ ਇਤਿਹਾਸਕ ਘਟਨਾਵਾਂ ਨੂੰ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਲਾਈਵ ਪੇਸ਼ ਕੀਤਾ ਗਿਆ। ਇਸ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਦੇਸ਼ ਦੀ ਆਜ਼ਾਦੀ ਲਈ ਲੜਨ ਵਾਲੇ ਅਣਗੌਲੇ ਸ਼ਹੀਦਾਂ ਦੀਆਂ ਕੁਰਬਾਨੀਆਂ, ਸੰਘਰਸ਼ਾਂ ਅਤੇ ਸ਼ਾਨਦਾਰ ਇਤਿਹਾਸ ਤੋਂ ਜਾਣੂ ਕਰਵਾਇਆ।

ਇਸ ਸਮਾਗਮ ਵਿੱਚ ਵਿਧਾਨ ਸਭਾ ਸਪੀਕਰ ਹਰਵਿੰਦਰ ਕਲਿਆਣ, ਟਰਾਂਸਪੋਰਟ, ਊਰਜਾ ਅਤੇ ਕਿਰਤ ਮੰਤਰੀ ਅਨਿਲ ਵਿਜ, ਸਾਬਕਾ ਕੇਂਦਰੀ ਮੰਤਰੀ ਸਿਮ੍ਰਿਤੀ ਈਰਾਨੀ, ਭਾਜਪਾ ਦੇ ਸਹਿ-ਇੰਚਾਰਜ ਭੋਲਾ ਸਿੰਘ, ਸਾਬਕਾ ਮੰਤਰੀ ਅਸੀਮ ਗੋਇਲ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਕੇ.ਐਮ. ਪਾਂਡੂਰੰਗ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਡਾ. ਅਦਿੱਤਿਆ ਦਹੀਆ, ਸ਼ਹੀਦ ਸਮਾਰਕ ਦੇ ਡਾਇਰੈਕਟਰ ਕੁਲਦੀਪ ਸੈਣੀ, ਡਿਪਟੀ ਕਮਿਸ਼ਨਰ ਸਚਿਨ ਗੁਪਤਾ ਅਤੇ ਹੋਰ ਪਤਵੰਤੇ ਮੌਜੂਦ ਸਨ।

• **ਸ਼ਹੀਦ ਸਮਾਰਕ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਕੀਤਾ ਸਨਮਾਨ**



ਇਸ ਮੌਕੇ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਹੀਦ ਸਮਾਰਕ ਦੇ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਸਾਹਿਤਕ ਸ਼ਖ਼ਸੀਅਤਾਂ, ਅਧਿਕਾਰੀਆਂ ਅਤੇ ਸਬੰਧਿਤ ਟੀਮ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ। ਪ੍ਰੋਫੈਸਰ ਕਪਿਲ ਕੁਮਾਰ ਅਤੇ ਪ੍ਰੋਫੈਸਰ ਉਦੇ ਵੀਰ ਨੂੰ ਉਨ੍ਹਾਂ ਦੇ ਖੋਜ ਅਤੇ ਸਾਹਿਤਕ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਯਾਦਗਾਰ ਦੇ ਡਿਜ਼ਾਈਨ ਅਤੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਅਭਿਮਨਿਊ ਗੁਪਤਾ, ਜੁਗਨੂੰ ਟਿਵਾਣਾ ਅਤੇ ਡੀ.ਕੇ. ਚੌਹਾਨ ਨੂੰ ਵੀ ਡਿਜ਼ਾਈਨ ਕੰਪਨੀ ਵੱਲੋਂ ਸਨਮਾਨਿਤ ਕੀਤਾ ਗਿਆ। ਲੋਕ ਨਿਰਮਾਣ ਵਿਭਾਗ (ਪੀਡਬਲਯੂਡੀ) ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਰਿਤੇਸ਼ ਅਗਰਵਾਲ ਅਤੇ ਅਸ਼ਵਨੀ ਕੁਮਾਰ, ਅਤੇ ਨਕਸ਼ਾ ਨਿਰਮਾਤਾ ਰੇਣੂ ਖੰਨਾ ਅਤੇ ਸਿਧਾਰਥ ਨੂੰ ਵੀ ਸ਼ਹੀਦ ਸਮਾਰਕ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਸਨਮਾਨਿਤ ਕੀਤਾ ਗਿਆ। ਸਾਰੇ ਸਨਮਾਨਿਤ ਵਿਅਕਤੀਆਂ ਦੇ ਕੰਮ ਦੀ ਸ਼ਲਾਘਾ ਕੀਤੀ ਗਈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼ਹੀਦ ਸਮਾਰਕ ਅਤੇ ਇੱਥੇ ਸਥਾਪਿਤ ਲਾਈਟ ਐਂਡ ਸਾਊਂਡ ਸ਼ੋਅ ਨਵੀਂ ਪੀੜ੍ਹੀ ਨੂੰ ਦੇਸ਼ ਦੇ ਆਜ਼ਾਦੀ ਸੰਗਰਾਮ ਦੇ ਸ਼ਾਨਦਾਰ ਇਤਿਹਾਸ ਨਾਲ ਜੋੜਨ ਦਾ ਮਹੱਤਵਪੂਰਨ ਸਾਧਨ ਹਨ। ਲਾਈਟ ਐਂਡ ਸਾਊਂਡ ਸ਼ੋਅ ਨੇ ਦਰਸਾਇਆ ਕਿ ਕਿਵੇਂ ਅੰਬਾਲਾ ਵਿੱਚ ਬ੍ਰਿਟਿਸ਼ ਸ਼ਾਸਨ ਵਿਰੁੱਧ 1857 ਦੀ ਕ੍ਰਾਂਤੀ ਦੀਆਂ ਲਾਟਾਂ ਭੜਕੀਆਂ ਸਨ। ਇਸ ਵਿੱਚ 1857 ਦੀ ਕ੍ਰਾਂਤੀ ਵਿੱਚ ਹਰਿਆਣਾ ਸਮੇਤ ਵੱਖ-ਵੱਖ ਰਾਜਾਂ ਦੇ ਬਹਾਦਰ ਯੋਧਿਆਂ ਦੇ ਯੋਗਦਾਨ ਨੂੰ ਵੀ ਦਰਸਾਇਆ ਗਿਆ। ਅਜਿਹੇ ਯਤਨ ਨੌਜਵਾਨਾਂ ਵਿੱਚ ਦੇਸ਼ ਭਗਤੀ, ਰਾਸ਼ਟਰਵਾਦ ਅਤੇ ਸ਼ਹੀਦਾਂ ਪ੍ਰਤੀ ਸਤਿਕਾਰ ਨੂੰ ਮਜ਼ਬੂਤ ਕਰਨਗੇ। ਇਸ ਮੌਕੇ 'ਤੇ ਕੈਬਨਿਟ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਲਾਈਟ ਐਂਡ ਸਾਊਂਡ ਸ਼ੋਅ ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਦੇ ਹੋਏ 1857 ਦੀ ਕ੍ਰਾਂਤੀ ਦੀਆਂ ਘਟਨਾਵਾਂ ਨੂੰ ਪ੍ਰਦਰਸ਼ਿਤ ਕਰੇਗਾ। ਉਨ੍ਹਾਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਜਦੋਂ ਕਿ ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਕੇ.ਐਮ. ਪਾਂਡੂਰੰਗ ਨੇ ਸਾਬਕਾ ਕੇਂਦਰੀ ਮੰਤਰੀ ਸਿਮ੍ਰਿਤੀ ਈਰਾਨੀ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਡਾ. ਅਦਿੱਤਿਆ ਦਹੀਆ ਨੇ ਕੈਬਨਿਟ ਮੰਤਰੀ ਅਨਿਲ ਵਿਜ ਨੂੰ ਅਤੇ ਸ਼ਹੀਦ ਸਮਾਰਕ ਦੇ ਡਾਇਰੈਕਟਰ ਡਾ. ਕੁਲਦੀਪ ਸੈਣੀ ਨੇ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।

ਪੀ.ਸੀ.ਐਸ. (ਮੇਨਜ਼) ਦੇ ਨਤੀਜਿਆਂ 'ਚ ਕੋਈ ਬੇਨਿਯਮੀ ਨਹੀਂ ਹੋਈ : ਚੇਅਰਮੈਨ ਵਿਨਾਇਕ ਸੈਣੀ

ਪੈ.ਗਾਮ-ਏ-ਜਗਤ/ਪਟਿਆਲਾ
5 ਨਵੰਬਰ (ਪਰਮਜੀਤ ਸਿੰਘ ਪਰਵਾਨਾ)

ਪੰਜਾਬ ਲੋਕ ਸੇਵਾ ਕਮਿਸ਼ਨ ਨੇ ਪੀਸੀਐਸ (ਮੇਨਜ਼) 2025 ਦੇ ਨਤੀਜਿਆਂ ਬਾਰੇ ਲਗਾਏ ਗਏ ਦੋਸ਼ਾਂ ਦਾ ਖੰਡਨ ਕੀਤਾ ਹੈ। ਪੀਪੀਐਸਸੀ ਦੇ ਚੇਅਰਮੈਨ ਮੇਜਰ ਜਨਰਲ (ਰਿਟਾ:) ਵਿਨਾਇਕ ਸੈਣੀ ਨੇ ਦੱਸਿਆ ਕਿ ਪੀਪੀਐਸਸੀ ਵੱਲੋਂ ਮੇਨਜ਼ ਪ੍ਰੀਖਿਆ ਦੇ ਨਤੀਜਿਆਂ ਬਾਰੇ ਹਾਲ ਹੀ ਵਿੱਚ ਲਗਾਏ ਗਏ ਦੋਸ਼, ਅੰਕੜਿਆਂ ਦੇ ਪੈਟਰਨਾਂ ਨੂੰ ਗਲਤ ਢੰਗ ਨਾਲ ਸਮਝਣ ਕਾਰਨ ਪੈਦਾ ਹੋਏ ਜਾਪਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ-ਵਾਰ ਅੰਕੜਿਆਂ ਦੇ ਵਿਸਤ੍ਰਿਤ ਵਿਸ਼ਲੇਸ਼ਣ ਤੋਂ ਉਠਾਏ ਗਏ ਖਦਸ਼ਿਆਂ ਦਾ ਜਵਾਬ ਮਿਲ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅੰਕੜਿਆਂ ਦੀ ਗਲਤ ਵਿਆਖਿਆ ਕੀਤੀ ਗਈ ਹੈ ਕਿਉਂਕਿ ਹਵਾਲੇ ਵਜੋਂ ਦਿੱਤੇ ਗਏ ਅੰਕੜੇ ਸ਼ਾਇਦ ਗਿਣਤੀ ਦੇ ਲਿਹਾਜ਼ ਨਾਲ ਸਹੀ ਹੋਣ, ਪਰ ਇਨ੍ਹਾਂ ਨੂੰ ਬੇਨਿਯਮੀ ਦੇ ਸਬੂਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਜਦਕਿ ਅਸਲ ਵਿੱਚ ਇਹ ਆਮ ਅੰਕੜਾ-ਵਿਗਿਆਨਕ ਨਤੀਜੇ ਹਨ।

ਵੰਡ ਅਤੇ ਦਾਇਰਾ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪ੍ਰੀਖਿਆ ਪਟਿਆਲਾ ਦੇ 12 ਕੇਂਦਰਾਂ ਵਿੱਚ ਕਰਵਾਈ ਗਈ ਸੀ। ਵੱਖ-ਵੱਖ ਕੇਂਦਰਾਂ ਵਿੱਚ ਉਮੀਦਵਾਰਾਂ ਦੀ ਗਿਣਤੀ 118 ਤੋਂ 553 ਦੇ ਵਿਚਕਾਰ ਸੀ, ਅਤੇ ਕੁੱਲ 3959 ਉਮੀਦਵਾਰ ਪ੍ਰੀਖਿਆ ਵਿੱਚ ਸ਼ਾਮਲ ਹੋਏ। ਇੰਟਰਵਿਊ ਲਈ 751 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ, ਜੋ ਕਿ ਲਗਭਗ 19% ਦੀ ਕੁੱਲ ਸਫਲਤਾ ਦਰ ਬਣਦੀ ਹੈ।(ਗੈਰ-ਹਾਜ਼ਰ ਉਮੀਦਵਾਰਾਂ ਨੂੰ ਛੱਡ ਕੇ)

• **ਹੋਰ ਕਿਹਾ, ਅੰਕੜਿਆਂ ਦੇ ਪੈਟਰਨਾਂ ਨੂੰ ਗਲਤ ਢੰਗ ਨਾਲ ਸਮਝਿਆ ਗਿਆ**



ਸਫਲਤਾ ਦਰ ਬਾਰੇ ਚੇਅਰਮੈਨ ਨੇ ਕਿਹਾ ਕਿ ਇਹ ਦਾਅਵਾ ਗਲਤ ਹੈ ਕਿ ਸਫਲ ਉਮੀਦਵਾਰਾਂ ਵਿੱਚੋਂ 24 ਫੀਸਦੀ ਇੱਕ ਹੀ ਕੇਂਦਰ ਤੋਂ ਸਨ। ਕਿਸੇ ਇੱਕ ਕੇਂਦਰ ਤੋਂ ਸ਼ਾਰਟਲਿਸਟ ਕੀਤੇ ਗਏ ਉਮੀਦਵਾਰਾਂ ਦੀ ਵੱਧ ਤੋਂ ਵੱਧ ਗਿਣਤੀ 751 ਵਿੱਚੋਂ 106 ਹੈ, ਜੋ ਕਿ ਕੁੱਲ ਗਿਣਤੀ ਦਾ 14.1 ਪ੍ਰਤੀਸ਼ਤ ਬਣਦੀ ਹੈ। ਉਸ ਕੇਂਦਰ ਵਿੱਚ ਉਮੀਦਵਾਰਾਂ ਦੀ ਗਿਣਤੀ ਵੀ ਸਭ ਤੋਂ ਵੱਧ ਸੀ (496 ਉਮੀਦਵਾਰ, ਜੋ ਕਿ 12 ਕੇਂਦਰਾਂ ਵਿੱਚੋਂ ਦੂਜੇ ਨੰਬਰ 'ਤੇ ਸਭ ਤੋਂ ਵੱਧ ਸੀ), ਇਸ ਲਈ ਉੱਥੋਂ ਸਫਲ ਹੋਣ ਵਾਲੇ ਉਮੀਦਵਾਰਾਂ ਦੀ ਗਿਣਤੀ ਜ਼ਿਆਦਾ ਹੋਣੀ ਸੁਭਾਵਿਕ ਹੈ। ਕਲਾਸਰੂਮਾਂ ਵਿੱਚ ਭਿੰਨਤਾਵਾਂ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਸੈਣੀ ਨੇ ਕਿਹਾ ਕਿ ਕੁੱਲ 179 ਕਲਾਸਰੂਮਾਂ ਵਿੱਚੋਂ 751 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਹੈ।

ਔਸਤਨ, ਪ੍ਰਤੀ ਕਲਾਸ 4.2 ਉਮੀਦਵਾਰਾਂ ਦੇ ਸਫਲ ਹੋਣ ਦੀ ਉਮੀਦ ਕੀਤੀ ਜਾ ਸਕਦੀ ਹੈ। ਲਗਾਤਾਰ ਰੋਲ ਨੰਬਰਾਂ ਵਾਲੇ ਉਮੀਦਵਾਰਾਂ ਦਾ ਸਫਲ ਹੋਣ ਦੇ ਮੁੱਦੇ 'ਤੇ ਚੇਅਰਮੈਨ ਨੇ ਅੱਗੇ ਕਿਹਾ ਕਿ 2018, 2020 ਅਤੇ 2025 ਦੀਆਂ ਪੰਜਾਬ PCS ਮੇਨਜ਼ ਸ਼ਾਰ 19 ਫੀਸਦੀ, ਇਸ ਲਈ ਇਸ ਗੱਲ ਦੀ ਕਾਫ਼ੀ ਸੰਭਾਵਨਾ ਹੈ ਕਿ ਲਗਾਤਾਰ ਰੋਲ ਨੰਬਰ ਇਕੱਠੇ ਆ ਸਕਦੇ ਹਨ। 2018 ਦੀ ਸੂਚੀ ਵਿੱਚ, ਸ਼ਾਰਟਲਿਸਟ ਕੀਤੇ ਗਏ 153 ਉਮੀਦਵਾਰਾਂ ਵਿੱਚ ਲਗਾਤਾਰ ਰੋਲ ਨੰਬਰਾਂ ਦੇ 26 ਸਮੂਹ (ਗਰੁੱਪ) ਸਾਹਮਣੇ ਆਏ ਸਨ। 2020 ਵਿੱਚ, 177 ਉਮੀਦਵਾਰਾਂ ਵਿੱਚ ਅਜਿਹੇ 28 ਸਮੂਹ ਸਨ। 2025 ਵਿੱਚ, 751 ਉਮੀਦਵਾਰਾਂ ਵਿੱਚ ਅਜਿਹੇ 118 ਸਮੂਹ ਹਨ।

ਇੰਟਰਵਿਊ ਲਈ ਤਿੰਨ ਗੁਣਾ ਉਮੀਦਵਾਰਾਂ ਨੂੰ ਸ਼ਾਰਟਲਿਸਟ ਕਰਨ ਦੇ ਨਿਯਮਾਂ ਅਤੇ ਇਸ਼ਤਿਹਾਰ ਦੇ ਅਨੁਸਾਰ ਦੱਸਦਿਆਂ ਚੇਅਰਮੈਨ ਨੇ ਕਿਹਾ ਕਿ ਪੀਪੀਐਸਸੀ ਨੇ ਹਰੇਕ ਵਰਗ ਵਿੱਚ ਉਪਲਬਧ ਯੋਗ ਉਮੀਦਵਾਰਾਂ ਦੀ ਗਿਣਤੀ ਤੋਂ ਤਿੰਨ ਗੁਣਾ ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਹੈ। ਪੀਪੀਐਸਸੀ ਦੇ ਚੇਅਰਮੈਨ ਮੇਜਰ ਜਨਰਲ (ਰਿਟਾਇਰਡ) ਵਿਨਾਇਕ ਸੈਣੀ ਨੇ ਦੱਸਿਆ ਕਿ ਸਫਲ ਉਮੀਦਵਾਰਾਂ ਦੇ ਇਕੱਠੇ ਹੋਣ ਬਾਰੇ ਜੋ ਦਾਅਵਾ ਕੀਤਾ ਗਿਆ ਹੈ, ਉਹ ਅਨੁਮਾਨਿਤ 'ਰੈਂਡਮ ਵੇਰੀਏਸ਼ਨ' ਜਾਂ ਸੁਭਾਵਿਕ ਉਤਰਾਅ-ਚੜ੍ਹਾਅ ਦੀ ਸੀਮਾ ਦੇ ਅੰਦਰ ਹੀ ਆਉਂਦਾ ਹੈ। ਇਸ ਤੋਂ ਇਲਾਵਾ, ਪੀਪੀਐਸਸੀ ਨੇ ਪੂਰੀ ਪ੍ਰੀਖਿਆ ਦੌਰਾਨ ਸੁਰੱਖਿਆ ਦੇ ਸਖ਼ਤ ਪ੍ਰੋਟੋਕੋਲ ਵੀ ਲਾਗੂ ਰੱਖੇ। ਇਸ ਵਿੱਚ ਕੇਂਦਰ ਦੇ ਪ੍ਰਵੇਸ਼ ਦੁਆਰਾਂ ਅਤੇ ਕੰਟਰੋਲ ਰੂਮਾਂ 'ਤੇ ਸੀਸੀਟੀਵੀ ਕੈਮਰੇ, ਬਾਇਓਮੈਟ੍ਰਿਕ ਹਾਜ਼ਰੀ, ਅਤੇ ਹਰੇਕ ਕਲਾਸਰੂਮ ਵਿੱਚ ਜੈਮਰ ਲਗਾਉਣਾ ਸ਼ਾਮਲ ਸੀ, ਤਾਂ ਜੋ ਪ੍ਰੀਖਿਆ ਦੀ ਪਵਿੱਤਰਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਇਆ ਜਾ ਸਕੇ।

ਪਾਰਕ ਹਸਪਤਾਲ ਪੰਚਕੂਲਾ ਨੂੰ ਮਿਲਿਆ ਐਨਏਬੀਐਚ ਐਕਰੀਡਿਟੇਸ਼ਨ

ਪੰਚਕੂਲਾ, 5 ਨਵੰਬਰ
(ਪੈ.ਗਾਮ-ਏ-ਜਗਤ)

ਪਾਰਕ ਹਸਪਤਾਲ ਪੰਚਕੂਲਾ ਨੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਦਰਜ ਕਰਦਿਆਂ ਨੈਸ਼ਨਲ ਐਕਰੀਡਿਟੇਸ਼ਨ ਬੋਰਡ ਫਾਰ ਹਸਪਤਾਲਜ਼ ਐਂਡ ਹੈਲਥਕੇਅਰ ਪ੍ਰੋਵਾਈਡਰਜ਼ (ਐਨਏਬੀਐਚ) ਦੇ ਛੇਵੇਂ ਐਡੀਸ਼ਨ ਦੇ ਮਾਪਦੰਡਾਂ ਤਹਿਤ ਵੱਕਾਰੀ ਐਕਰੀਡਿਟੇਸ਼ਨ ਹਾਸਲ ਕੀਤਾ ਹੈ। ਇਹ ਪ੍ਰਾਪਤੀ ਮਿਆਰੀ, ਸੁਰੱਖਿਅਤ ਅਤੇ ਮਰੀਜ਼-ਕੇਂਦਰਿਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਪ੍ਰਤੀ ਹਸਪਤਾਲ ਦੀ ਨਿਰੰਤਰ ਵਚਨਬੱਧਤਾ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੀ ਹੈ।



ਐਨਏਬੀਐਚ ਦਾ ਇਹ ਐਕਰੀਡਿਟੇਸ਼ਨ ਕਲੀਨਿਕਲ ਦੇਖਭਾਲ ਦੀ ਗੁਣਵੱਤਾ, ਮਰੀਜ਼ਾਂ ਦੀ ਸੁਰੱਖਿਆ, ਇਨਫੈਕਸ਼ਨ ਦੀ ਰੋਕਥਾਮ ਅਤੇ ਨਿਯੰਤਰਣ ਦੇ ਨਾਲ-ਨਾਲ ਸਿਹਤ ਸੇਵਾਵਾਂ ਨਾਲ ਸਬੰਧਤ ਨਿਰਧਾਰਤ ਮਾਪਦੰਡਾਂ ਦੀ ਪ੍ਰਭਾਵਸ਼ਾਲੀ ਪਾਲਣਾ ਨੂੰ ਦਰਸਾਉਂਦਾ ਹੈ। ਇਹ ਮਾਨਤਾ ਮੈਡੀਕਲ ਸੇਵਾਵਾਂ ਵਿੱਚ ਉੱਤਮਤਾ, ਇਲਾਜ ਦੀ ਗੁਣਵੱਤਾ ਅਤੇ ਮਰੀਜ਼ਾਂ ਦੀ ਸੁਰੱਖਿਆ ਨੂੰ ਸਰਵਉੱਚ ਤਰਜੀਹ ਦੇਣ ਦੀ ਦਿਸ਼ਾ ਵਿੱਚ ਹਸਪਤਾਲ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਮਹੱਤਵਪੂਰਨ ਪੁਸ਼ਟੀ ਹੈ। ਪਾਰਕ ਹਸਪਤਾਲ ਪੰਚਕੂਲਾ ਵੱਖ-ਵੱਖ ਸਰਕਾਰੀ ਸਿਹਤ ਯੋਜਨਾਵਾਂ ਅਤੇ ਪ੍ਰਮੁੱਖ ਬੀਮਾ ਨੈੱਟਵਰਕਾਂ ਅਧੀਨ ਵੀ ਸੂਚੀਬੱਧ ਹੈ। ਇਨ੍ਹਾਂ ਵਿੱਚ ਸੈਂਟਰਲ ਗਵਰਨਮੈਂਟ ਹੈਲਥ ਸਕੀਮ , ਹਿਮਾਚਲ ਪ੍ਰਦੇਸ਼ ਸਰਕਾਰ ਦੀਆਂ ਸਿਹਤ ਯੋਜਨਾਵਾਂ, ਇੰਪਲਾਈਜ਼ ਸਟੇਟ ਇੰਸ਼ੋਰੈਂਸ ਕਾਰਪੋਰੇਸ਼ਨ ਅਤੇ ਜਨਰਲ ਇੰਸ਼ੋਰੈਂਸ ਪਬਲਿਕ ਸੈਕਟਰ ਐਸੋਸੀਏਸ਼ਨ ਸ਼ਾਮਲ ਹਨ। ਜਨਰਲ ਇੰਸ਼ੋਰੈਂਸ ਪਬਲਿਕ ਸੈਕਟਰ ਐਸੋਸੀਏਸ਼ਨ ਦੇ ਅਧੀਨ ਨੈਸ਼ਨਲ ਇੰਸ਼ੋਰੈਂਸ, ਨਿਊ ਇੰਡੀਆ ਐਸ਼ੋਰੈਂਸ, ਓਰੀਐਂਟਲ ਇੰਸ਼ੋਰੈਂਸ ਅਤੇ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਵਰਗੀਆਂ ਪ੍ਰਮੁੱਖ ਬੀਮਾ ਕੰਪਨੀਆਂ ਸ਼ਾਮਲ ਹਨ। ਇਨ੍ਹਾਂ ਯੋਜਨਾਵਾਂ ਅਤੇ ਬੀਮਾ ਨੈੱਟਵਰਕਾਂ ਨਾਲ ਜੁੜੇ ਹੋਣ ਕਾਰਨ ਯੋਗ ਮਰੀਜ਼ਾਂ ਨੂੰ ਨਿਰਧਾਰਤ ਨਿਯਮਾਂ ਅਤੇ ਬੀਮਾ ਪਾਲਿਸੀ ਦੀਆਂ ਸ਼ਰਤਾਂ ਅਨੁਸਾਰ ਸਿਹਤ ਸੇਵਾਵਾਂ ਪ੍ਰਾਪਤ ਕਰਨ ਵਿੱਚ ਸਹੂਲਤ ਮਿਲਦੀ ਹੈ।

ਸ.ਫਾ 1 ਦਾ ਬਾਕੀ...

ਭਾਰਤ ਨੇ ਜਪਾਨ...

ਭਾਰਤ ਨੇ ਜਪਾਨ ਦੀ ਰੱਖਿਆ ਪੰਕਤੀ 'ਤੇ ਦਬਾਅ ਬਣਾਈ ਰੱਖਿਆ ਅਤੇ 42ਵੇਂ ਮਿੰਟ ਵਿੱਚ ਲਗਾਤਾਰ ਦੋ ਪੈਨਲਟੀ ਕਾਰਨਰ ਹਾਸਲ ਕੀਤੇ। ਇਸ ਦੌਰਾਨ ਆਦਿੱਤਿਆ ਅਰਜੁਨ ਲਾਲਾਗੇ ਤੋਂ ਮਿਲੀ ਗੇਂਦ 'ਤੇ ਲਾਕੜਾ ਨੇ ਰਿਬਾਊਂਡ ਰਾਹੀਂ ਗੋਲ ਕਰਕੇ ਭਾਰਤ ਨੂੰ ਬਰਾਬਰੀ ਦਿਵਾਈ।

ਆਖਰੀ ਕੁਆਰਟਰ ਵਿੱਚ ਭਾਰਤ ਨੇ ਆਪਣਾ ਦਬਦਬਾ ਕਾਇਮ ਰੱਖਿਆ। 48ਵੇਂ ਮਿੰਟ ਵਿੱਚ ਹਾਰਦਿਕ ਸਿੰਘ ਵੱਲੋਂ ਸ਼ਾਨਦਾਰ ਤਰੀਕੇ ਨਾਲ ਤਿਆਰ ਕੀਤੇ ਹਮਲੇ 'ਤੇ ਦਿਲਪ੍ਰੀਤ ਨੇ ਰਿਵਰਸ ਹਿੱਟ ਰਾਹੀਂ ਗੋਲ ਕਰਕੇ ਭਾਰਤ ਨੂੰ ਬੜ੍ਹਤ ਦਿਵਾ ਦਿੱਤੀ। ਇਸ ਤੋਂ ਬਾਅਦ ਭਾਰਤੀ ਟੀਮ ਨੇ ਪੂਰੀ ਤਰ੍ਹਾਂ ਮੈਚ 'ਤੇ ਕਾਬੂ ਪਾ ਲਿਆ।

53ਵੇਂ ਮਿੰਟ ਵਿੱਚ ਜੁਗਰਾਜ ਸਿੰਘ ਨੇ ਭਾਰਤ ਦਾ ਤੀਜਾ ਪੈਨਲਟੀ ਕਾਰਨਰ ਸਫ਼ਲਤਾਪੂਰਵਕ ਗੋਲ ਵਿੱਚ ਬਦਲ ਦਿੱਤਾ। ਇਸ ਤੋਂ ਇਕ ਮਿੰਟ ਬਾਅਦ ਲਾਕੜਾ ਦੇ ਪਹਿਲੇ ਸ਼ਾਟ ਨੂੰ ਜਪਾਨੀ ਗੋਲਕੀਪਰ ਨੇ ਰੋਕਿਆ ਪਰ ਗੇਂਦ ਵਿਵੇਕ ਸਾਗਰ ਪ੍ਰਸਾਦ ਕੋਲ ਪਹੁੰਚ ਗਈ। ਉਸ ਨੇ ਸਰਕਲ ਦੇ ਉੱਪਰੋਂ ਜ਼ੋਰਦਾਰ ਸ਼ਾਟ ਲਾ ਕੇ ਭਾਰਤ ਦੀ ਜਿੱਤ ਯਕੀਨੀ ਬਣਾ ਦਿੱਤੀ।

ਮੈਚ ਖ਼ਤਮ ਹੋਣ ਦੀ ਆਖਰੀ ਸੀਟੀ ਵੱਜਣ ਤੋਂ ਸਿਰਫ਼ 12 ਸਕਿੰਟ ਪਹਿਲਾਂ ਜਪਾਨ ਨੂੰ ਆਪਣਾ ਚੌਥਾ ਪੈਨਲਟੀ ਕਾਰਨਰ ਮਿਲਿਆ ਪਰ ਕਪਤਾਨ ਫੁਜੀਸ਼ਿਮਾ ਦਾ ਸ਼ਾਟ ਨਿਸ਼ਾਨੇ ਤੋਂ ਬਾਹਰ ਚਲਾ ਗਿਆ। ਇਸ ਤਰ੍ਹਾਂ ਭਾਰਤੀ ਟੀਮ ਪੂਰੇ ਟੂਰਨਾਮੈਂਟ ਵਿੱਚ ਅਜੇਤੂ ਰਹਿੰਦਿਆਂ ਚੈਂਪੀਅਨ ਬਣੀ।

ਖਿਡਾਰੀਆਂ ਨੂੰ ਮਿਲਿਆ...

ਖੇਡ ਛੱਡਣੀ ਪਈ। ਹੁਣ ਦਹਾਕਿਆਂ ਬਾਅਦ ਉਨ੍ਹਾਂ ਨੇ ਆਪਣੇ ਤਜਰਬੇ ਤੋਂ ਸਬਕ ਲੈਂਦਿਆਂ ਕਬੱਡੀ ਖਿਡਾਰੀਆਂ ਲਈ ਅਹਿਮ ਪਹਿਲ ਕੀਤੀ ਹੈ। ਪੰਜਾਬ ਵਿੱਚ ਪਹਿਲੀ ਵਾਰ ਕਿਸੇ ਕਬੱਡੀ ਪ੍ਰਮੋਟਰ ਅਤੇ ਪ੍ਰਬੰਧਕ ਨੇ ਸੱਤ ਖਿਡਾਰੀਆਂ ਦਾ ਇੱਕ-ਇੱਕ ਕਰੋੜ ਰੁਪਏ ਦਾ ਬੀਮਾ ਕਰਵਾਇਆ ਹੈ। ਇਹ ਬੀਮਾ ਤਿੰਨ ਸਾਲਾਂ ਲਈ ਹੈ ਅਤੇ ਇਸ ਤਹਿਤ ਬਿਮਾਰੀ, ਸੱਟ ਜਾਂ ਹਾਦਸੇ ਦੀ ਸੂਰਤ ਵਿੱਚ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਸੁਰੱਖਿਆ ਮਿਲੇਗੀ। ਸੇਖੋਂ ਨੇ ਕਿਹਾ ਕਿ ਉਨ੍ਹਾਂ ਦੇ ਸਮੇਂ ਕਬੱਡੀ ਅੱਜ ਵਾਂਗ ਪੈਸੇ ਵਾਲੀ ਖੇਡ ਨਹੀਂ ਸੀ ਅਤੇ ਖਿਡਾਰੀਆਂ ਕੋਲ ਸੱਟਾਂ ਦਾ ਵਧੀਆ ਇਲਾਜ ਕਰਵਾਉਣ ਲਈ ਪੈਸੇ ਨਹੀਂ ਹੁੰਦੇ ਸਨ। ਬਾਅਦ ਵਿੱਚ ਉਨ੍ਹਾਂ ਨੇ ਪ੍ਰਾਪਰਟੀ ਦਾ ਕਾਰੋਬਾਰ ਸ਼ੁਰੂ ਕੀਤਾ ਅਤੇ ਪਿਛਲੇ ਕੁਝ ਸਾਲਾਂ ਤੋਂ ਕਬੱਡੀ ਟੂਰਨਾਮੈਂਟ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਖੇਡ ਵਿੱਚ ਪੈਸਾ ਆਉਣ ਦੇ ਬਾਵਜੂਦ ਨੌਜਵਾਨ ਖਿਡਾਰੀ ਇਲਾਜ ਲਈ ਪੈਸੇ ਦੀ ਕਮੀ ਨਾਲ ਜੂਝਦੇ ਹਨ। ਕਈ ਖਿਡਾਰੀਆਂ ਦੀ ਸਾਰੀ ਕਮਾਈ ਇਲਾਜ 'ਤੇ ਖ਼ਰਚ ਹੋ ਜਾਂਦੀ ਹੈ। ਬੀਮਾ ਇਸ ਸਮੱਸਿਆ ਦਾ ਹੱਲ ਬਣੇਗਾ। ਬੀਮੇ ਅਧੀਨ ਆਉਣ ਵਾਲੇ ਸੱਤ ਖਿਡਾਰੀਆਂ ਵਿੱਚ ਬੁਲੇਟ ਖਿਰਨਵਾਲੀ, ਅੰਬਾ ਸੂਰ ਸਿੰਘ, ਅੰਮ੍ਰਿਤ ਔਲਖ, ਛੋਟਾ ਨਾਥ, ਦੁੱਲਾ ਚੱਠਾ, ਜੱਗੂ ਹਕਮਵਾਲੀਆ ਅਤੇ ਫਤਿਹ ਜੰਡ ਸ਼ਾਮਲ ਹਨ।

ਵਿਦੇਸ਼ਾਂ ਵਿੱਚ ਖੇਡਣ...

ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਇਸ ਪਹਿਲ ਨੂੰ ਸਮੇਂ ਦੀ ਲੋੜ ਦੱਸਿਆ। ਉਨ੍ਹਾਂ ਕਿਹਾ ਕਿ ਕਬੱਡੀ ਤਾਕਤ ਅਤੇ ਟੱਕਰ ਵਾਲੀ ਖੇਡ ਹੈ, ਜਿਸ ਵਿੱਚ ਸੱਟਾਂ ਲੱਗਣੀਆਂ ਆਮ ਗੱਲ ਹੈ। ਬੀਮੇ ਨਾਲ ਖਿਡਾਰੀਆਂ ਨੂੰ ਸਮੇਂ ਸਿਰ ਅਤੇ ਵਧੀਆ ਇਲਾਜ ਮਿਲ ਸਕੇਗਾ। ਉਨ੍ਹਾਂ ਮੁਤਾਬਕ ਸੱਟਾਂ ਕਾਰਨ ਕਈ ਖਿਡਾਰੀਆਂ ਦਾ ਕਰੀਅਰ ਖ਼ਤਮ ਹੁੰਦਾ ਉਨ੍ਹਾਂ ਆਪਣੀ ਅੱਖੀਂ ਦੇਖਿਆ ਹੈ। ਸੇਖੋਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਖਿਡਾਰੀਆਂ ਨਾਲ ਇਨਸਾਫ਼ ਨਹੀਂ ਹੋ ਰਿਹਾ ਅਤੇ ਪ੍ਰਬੰਧਕ ਉਨ੍ਹਾਂ ਨੂੰ ਆਪਣੀ ਜਾਇਦਾਦ ਵਾਂਗ ਸਮਝਦੇ ਰਹੇ ਹਨ।

'ਘੁਸਪੈਠੀਆਂ ਨੂੰ ਚੁਣ...

'ਤੇ ਚੋਣਾਂ ਵਿੱਚ ਬੇਨਿਯਮੀਆਂ ਕਰਨ ਦਾ ਦੋਸ਼ ਲਗਾਇਆ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕੀਤੀ। ਸੋਮਵਾਰ ਨੂੰ, ਸ਼ਾਹ ਨੇ ਹੈਦਰਾਬਾਦ ਵਿੱਚ 'ਲੋਕਤੰਤਰ ਬਚਾਓ' ਮਾਰਚ ਦੀ ਅਗਵਾਈ ਵੀ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਰੋਧੀ ਧਿਰ ਦੇ 'ਇੰਡੀਆ' ਗਠਜੋੜ ਵੱਲੋਂ ਲਗਾਏ ਗਏ 'ਵੋਟ ਚੋਰੀ' ਦੇ ਦੋਸ਼ਾਂ ਦਾ ਕਰਾਰਾ ਜਵਾਬ ਦਿੱਤਾ।

ਪੰਜਾਬ ਤੇ ਚੰਡੀਗੜ੍ਹ...

ਹਨ ਜਿੱਥੇ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ, ਜਿਨ੍ਹਾਂ ਵਿੱਚ ਪੰਜਾਬ ਵੀ ਸ਼ਾਮਲ ਹੈ। ਇਹ 23 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ (ਉੱਪਰ ਦੱਸੇ ਗਏ ਛੇ ਸਮੇਤ) ਇਸ ਪ੍ਰਕਾਰ ਹਨ: ਪੰਜਾਬ, ਚੰਡੀਗੜ੍ਹ, ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਅਸਾਮ, ਬਿਹਾਰ, ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਲਕਸ਼ਦੀਪ, ਮੱਧ ਪ੍ਰਦੇਸ਼, ਮਨੀਪੁਰ, ਪੁਡੂਚੇਰੀ, ਰਾਜਸਥਾਨ, ਤਾਮਿਲਨਾਡੂ, ਉੱਤਰ ਪ੍ਰਦੇਸ਼, ਉੱਤਰਾਖੰਡ, ਪੱਛਮੀ ਬੰਗਾਲ, ਅਰੁਣਾਚਲ ਪ੍ਰਦੇਸ਼, ਦਾਦਰਾ ਨਗਰ ਹਵੇਲੀ ਤੇ ਦਮਨ ਦੀਵ, ਮਿਜ਼ੋਰਮ, ਉਡੀਸਾ ਅਤੇ ਸਿੱਕਮ।

ਐੱਸਐੱਸਆਰ ਆਮ ਤੌਰ 'ਤੇ ਨਵੰਬਰ-ਜਨਵਰੀ ਦੇ ਸ਼ਡਿਊਲ ਅਨੁਸਾਰ ਹੁੰਦਾ ਹੈ। ਇਹ ਪਿਛਲੀ ਵਾਰ ਨਵੰਬਰ 2024 ਤੋਂ ਜਨਵਰੀ 2025 ਦੇ ਚੱਕਰ ਦੌਰਾਨ ਕਰਵਾਇਆ ਗਿਆ ਸੀ। ਨਵੰਬਰ 2025 ਤੋਂ ਜਨਵਰੀ 2026 ਦੀ ਮਿਆਦ ਦੌਰਾਨ ਇਹ ਨਹੀਂ ਕਰਵਾਇਆ ਗਿਆ ਸੀ ਕਿਉਂਕਿ ਉਸ ਸਮੇਂ ਉਪਰੋਕਤ ਸੂਬਿਆਂ ਵਿੱਚ ਐੱਸਆਈਆਰ ਚੱਲ ਰਿਹਾ ਸੀ। ਐੱਸਐੱਸਆਰ ਹਰ ਸਾਲ 1 ਜਨਵਰੀ ਦੀ ਯੋਗਤਾ ਮਿਤੀ ਦੇ ਹਵਾਲੇ ਨਾਲ ਯੋਗ ਵੋਟਰਾਂ ਅਤੇ ਨਵੇਂ ਵੋਟਰਾਂ ਦੀ ਰਜਿਸਟਰੇਸ਼ਨ ਦੀ ਸੁਵਿਧਾ ਲਈ ਕਰਵਾਇਆ ਜਾਂਦਾ ਹੈ, ਨਾਲ ਹੀ ਅਗਲੀਆਂ ਤਿੰਨ ਯੋਗਤਾ ਮਿਤੀਆਂ 1 ਅਪਰੈਲ, 1 ਜੁਲਾਈ ਅਤੇ 1 ਅਕਤੂਬਰ ਲਈ ਵੀ ਅਗਾਊਂ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ। ਚੋਣ ਕਮਿਸ਼ਨ ਨੇ ਅੱਗੇ ਦੱਸਿਆ ਕਿ ਜਿਨ੍ਹਾਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਐੱਸਆਈਆਰ ਚੱਲ ਰਿਹਾ ਹੈ ਜਾਂ ਹੁਣੇ ਹੀ ਪੂਰਾ ਹੋਇਆ ਹੈ, ਉਨ੍ਹਾਂ ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ। ਇਹ ਸੂਬੇ ਆਂਧਰਾ ਪ੍ਰਦੇਸ਼, ਹਰਿਆਣਾ, ਝਾਰਖੰਡ, ਕਰਨਾਟਕ, ਮਹਾਰਾਸ਼ਟਰ, ਮੇਘਾਲਿਆ, ਨਾਗਾਲੈਂਡ, ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ, ਤ੍ਰਿਪੁਰਾ ਅਤੇ ਤੇਲੰਗਾਨਾ ਹਨ। ਇਸ ਤੋਂ ਇਲਾਵਾ, ਤਿੰਨ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਯਾਨੀ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ, ਜਿੱਥੇ ਅਜੇ ਤੱਕ ਐੱਸਆਈਆਰ ਸ਼ੁਰੂ ਨਹੀਂ ਹੋਇਆ ਹੈ, ਲਈ ਐੱਸਐੱਸਆਰ ਸ਼ਡਿਊਲ ਦਾ ਐਲਾਨ ਮੌਸਮ ਦੀਆਂ ਸਥਿਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਢੁਕਵੇਂ ਸਮੇਂ 'ਤੇ ਕੀਤਾ ਜਾਵੇਗਾ। ਪਿਛਲੇ ਮਹੀਨੇ ਚੋਣ ਕਮਿਸ਼ਨ ਨੇ ਐਲਾਨ ਕੀਤਾ ਸੀ ਕਿ 17 ਸੂਬਿਆਂ ਵਿੱਚ, ਜਿੱਥੇ ਐੱਸਆਈਆਰ ਪੂਰਾ ਹੋ ਚੁੱਕਾ ਹੈ, ਐੱਸਐੱਸਆਰ 2 ਨਵੰਬਰ 2026 ਤੋਂ ਸ਼ੁਰੂ ਹੋਵੇਗਾ ਅਤੇ ਅੰਤਿਮ ਵੋਟਰ ਸੂਚੀ 4 ਜਨਵਰੀ 2027 ਨੂੰ ਸਾਹਮਣੇ ਆਵੇਗੀ। ਇਹ 17 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਅੰਡੇਮਾਨ ਤੇ ਨਿਕੋਬਾਰ ਦੀਪ ਸਮੂਹ, ਅਸਾਮ, ਬਿਹਾਰ, ਛੱਤੀਸਗੜ੍ਹ, ਗੋਆ, ਗੁਜਰਾਤ, ਕੇਰਲ, ਲਕਸ਼ਦੀਪ, ਮੱਧ ਪ੍ਰਦੇਸ਼, ਮਨੀਪੁਰ, ਪੁਡੂਚੇਰੀ, ਪੰਜਾਬ, ਰਾਜਸਥਾਨ, ਤਾਮਿਲਨਾਡੂ, ਉੱਤਰ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਬੰਗਾਲ ਸਨ।

ਲੱਖਾ ਸਿਧਾਣਾ ਅਤੇ...

ਹੋਏ ਵਿਵਾਦ ਤੋਂ ਬਾਅਦ ਪੁਲੀਸ ਨੇ ਗ੍ਰਿਫ਼ਤਾਰ ਕੀਤਾ ਸੀ। ਇਸ ਮਾਮਲੇ ਵਿੱਚ ਪੁਲੀਸ ਵੱਲੋਂ ਇਰਾਦਾ ਕਤਲ ਸਮੇਤ ਕਈ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਸੀ। ਦੋਵਾਂ ਨੂੰ ਪਹਿਲਾਂ ਪੁਲੀਸ ਰਿਮਾਂਡ 'ਤੇ ਰੱਖਿਆ ਗਿਆ ਅਤੇ ਬਾਅਦ ਵਿੱਚ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਸੀ।

ਸ਼ੇਅਰ ਬਾਜ਼ਾਰ ਵਿੱਚ...

ਇਸ ਦੇ ਉਲਟ, ਕੋਟਕ ਮਹਿੰਦਰਾ ਬੈਂਕ ਅਤੇ ਭਾਰਤੀ ਏਅਰਟੈੱਲ ਦੇ ਸ਼ੇਅਰਾਂ ਵਿੱਚ ਗਿਰਾਵਟ ਦੇਖੀ ਗਈ। ਅੰਤਰਰਾਸ਼ਟਰੀ ਪੱਧਰ 'ਤੇ ਤੇਲ ਦੀ ਕੀਮਤ ਦਾ ਪੈਮਾਨਾ ਮੰਨੇ ਜਾਣ ਵਾਲੇ 'ਬਰੈਂਟ ਕਰੂਡ' (ਕੱਚੇ ਤੇਲ) ਦੀ ਕੀਮਤ 1.07 ਫੀਸਦੀ ਡਿੱਗ ਕੇ 93.61 ਡਾਲਰ ਪ੍ਰਤੀ ਬੈਰਲ 'ਤੇ ਆ ਗਈ।

ਰੋਨਾਲਡੋ ਨੇ ਅੰਤਰਰਾਸ਼ਟਰੀ...

ਉਹ ਲੋਕ ਵੀ ਯਾਦ ਆਉਂਦੇ ਹਨ ਜਿਨ੍ਹਾਂ ਨੇ ਇਸ ਸਫ਼ਰ ਨੂੰ ਸੱਚਮੁੱਚ ਖਾਸ ਬਣਾ ਦਿੱਤਾ।

ਰੋਨਾਲਡੋ ਨੇ 2006 ਵਿੱਚ ਜਰਮਨੀ ਵਿਖੇ ਆਪਣਾ ਪਹਿਲਾ ਵਿਸ਼ਵ ਕੱਪ ਖੇਡਿਆ ਸੀ। ਇਸ ਤੋਂ ਬਾਅਦ ਉਹ 2010, 2014, 2018, 2022 ਅਤੇ 2026 ਦੇ ਟੂਰਨਾਮੈਂਟਾਂ ਵਿੱਚ ਪੁਰਤਗਾਲੀ ਟੀਮ ਦਾ ਹਿੱਸਾ ਰਹੇ, ਯਾਨੀ ਉਨ੍ਹਾਂ ਨੇ ਲਗਾਤਾਰ ਛੇ ਵਿਸ਼ਵ ਕੱਪਾਂ ਵਿੱਚ ਹਿੱਸਾ ਲਿਆ। ਉਹ ਇਤਿਹਾਸ ਦੇ ਪਹਿਲੇ ਅਜਿਹੇ ਖਿਡਾਰੀ ਵੀ ਬਣੇ ਜਿਨ੍ਹਾਂ ਨੇ ਛੇ ਵੱਖ-ਵੱਖ ਵਿਸ਼ਵ ਕੱਪ ਟੂਰਨਾਮੈਂਟਾਂ ਵਿੱਚ ਗੋਲ ਕੀਤੇ। ਇਨ੍ਹਾਂ ਟੂਰਨਾਮੈਂਟਾਂ ਦੌਰਾਨ, ਉਨ੍ਹਾਂ ਨੇ ਕੁੱਲ 27 ਮੈਚ ਖੇਡੇ ਅਤੇ 11 ਗੋਲ ਕੀਤੇ—ਇਸ ਰਿਕਾਰਡ ਵਿੱਚ 2026 ਵਿੱਚ ਉਜ਼ਬੇਕਿਸਤਾਨ ਵਿਰੁੱਧ ਕੀਤੇ ਗਏ ਗੋਲ ਦਾ ਵੀ ਯੋਗਦਾਨ ਹੈ। ਹਾਲਾਂਕਿ, ਅੰਤ ਵਿੱਚ ਵਿਸ਼ਵ ਕੱਪ ਜਿੱਤਣ ਦਾ ਉਨ੍ਹਾਂ ਦਾ ਸੁਪਨਾ ਅਧੂਰਾ ਹੀ ਰਹਿ ਗਿਆ। ਟੀਮ ਦਾ ਸਭ ਤੋਂ ਵਧੀਆ ਪ੍ਰਦਰਸ਼ਨ 2006 ਵਿੱਚ ਰਿਹਾ, ਜਦੋਂ ਉਹ ਸੈਮੀਫਾਈਨਲ ਤੱਕ ਪਹੁੰਚੀ ਅਤੇ ਚੌਥੇ ਸਥਾਨ 'ਤੇ ਰਹੀ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਤਿਉਹਾਰਾਂ ਦੇ ਸੀਜ਼ਨ ਦੌਰਾਨ ਮਹਿਲਪੁਰ ਵਿਖੇ ਫੂਡ ਸੇਫਟੀ ਟੀਮ ਦੀ ਵਿਸ਼ੇਸ਼ ਚੈਕਿੰਗ, ਬਦਾਮ, ਪਨੀਰ ਅਤੇ ਚਾਂਦੀ ਦੇ ਵਰਕ ਸਮੇਤ ਪੰਜ ਸੈਂਪਲ ਜਾਂਚ ਲਈ ਲਏ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਤਿਉਹਾਰਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਸਾਫ਼-ਸੁਥਰੇ, ਸੁਰੱਖਿਅਤ ਅਤੇ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਅਤੇ ਖਾਧ ਪਦਾਰਥਾਂ ਵਿੱਚ ਮਿਲਾਵਟਖੋਰੀ ਨੂੰ ਰੋਕਣ ਦੇ ਮੰਤਵ ਨਾਲ ਸਿਹਤ ਵਿਭਾਗ ਵੱਲੋਂ ਖਾਧ ਪਦਾਰਥਾਂ ਦੀ ਗੁਣਵੱਤਾ 'ਤੇ ਵਿਸ਼ੇਸ਼ ਨਜ਼ਰ ਰੱਖੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਫੂਡ ਸੇਫਟੀ ਟੀਮ ਵੱਲੋਂ ਮਹਿਲਪੁਰ ਇਲਾਕੇ ਦੇ ਵੱਖ-ਵੱਖ ਖਾਧ ਪਦਾਰਥਾਂ ਦੇ ਅਦਾਰਿਆਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਸ੍ਰੀਮਤੀ ਕੰਵਲਪ੍ਰੀਤ ਕੌਰ ਬਰਾੜ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਸ੍ਰੀਮਤੀ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਜਤਿੰਦਰ ਭਾਟੀਆ ਦੀ ਅਗਵਾਈ ਹੇਠ ਇਹ ਕਾਰਵਾਈ ਕੀਤੀ ਗਈ। ਇਸ ਮੌਕੇ ਫੂਡ ਸੇਫਟੀ ਅਫ਼ਸਰ ਈਸ਼ਨ ਬਾਂਸਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਵੱਖ-ਵੱਖ ਖਾਧ ਪਦਾਰਥਾਂ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਕੁੱਲ ਪੰਜ ਸੈਂਪਲ ਇਕੱਤਰ ਕੀਤੇ ਗਏ। ਇਨ੍ਹਾਂ ਵਿੱਚ ਬਦਾਮ, ਭੁਜੀਆ ਅਤੇ ਪਨੀਰ ਦਾ ਇੱਕ-ਇੱਕ ਸੈਂਪਲ ਅਤੇ ਚਾਂਦੀ ਦੇ ਵਰਕ ਦੇ ਦੋ ਸੈਂਪਲ ਸ਼ਾਮਲ ਹਨ।



ਸਾਰੇ ਸੈਂਪਲ ਜਾਂਚ ਲਈ ਲੈਬਾਰਟਰੀ ਭੇਜੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੀਆਂ ਰਿਪੋਰਟਾਂ ਦੇ ਆਧਾਰ 'ਤੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਅਨੁਸਾਰ ਅਗਲੀ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਚੈਕਿੰਗ ਦੌਰਾਨ ਟੀਮ ਵੱਲੋਂ ਖਾਧ ਪਦਾਰਥਾਂ ਦੀ ਤਿਆਰੀ, ਸਟੋਰੇਜ, ਰੱਖ-ਰਖਾਅ ਅਤੇ ਵਿਕਰੀ ਸਬੰਧੀ ਸਾਫ਼-ਸਫ਼ਾਈ ਦੇ ਮਿਆਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਸਮੂਹ ਫੂਡ ਬਿਜ਼ਨਸ ਆਪਰੇਟਰਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ ਅਦਾਰਿਆਂ ਵਿੱਚ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣ, ਖਾਧ ਪਦਾਰਥਾਂ ਨੂੰ ਧੂੜ-ਮਿੱਟੀ ਅਤੇ ਹੋਰ ਬਾਹਰੀ ਗੰਦਗੀ ਤੋਂ ਬਚਾਉਣ ਲਈ ਢੱਕ ਕੇ ਰੱਖਣ ਅਤੇ ਖਾਧ ਪਦਾਰਥਾਂ ਦੀ ਸਟੋਰੇਜ ਨਿਰਧਾਰਤ ਮਾਪਦੰਡਾਂ ਅਨੁਸਾਰ ਕਰਨ। ਇਸ ਤੋਂ ਇਲਾਵਾ ਖਾਧ ਪਦਾਰਥਾਂ ਦੀ ਤਿਆਰੀ ਅਤੇ ਵਿਕਰੀ ਦੌਰਾਨ ਵਰਤੀ ਜਾਣ ਵਾਲੀ ਸਮੱਗਰੀ ਦੀ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਇਸ ਅਧੀਨ ਬਣਾਏ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਕਿਹਾ ਗਿਆ।

ਸਿਹਤ ਵਿਭਾਗ ਵੱਲੋਂ ਖਾਧ ਪਦਾਰਥਾਂ ਦੇ ਕਾਰੋਬਾਰੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਵੱਧ ਮੁਨਾਫ਼ਾ ਕਮਾਉਣ ਦੇ ਲਾਲਚ ਵਿੱਚ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਜਾਂ ਘਟੀਆ ਗੁਣਵੱਤਾ ਵਾਲੇ ਖਾਧ ਪਦਾਰਥਾਂ ਦੀ ਵਿਕਰੀ ਨਾ ਕਰਨ ਅਤੇ ਖਪਤਕਾਰਾਂ ਦੀ ਸਿਹਤ ਤੇ ਸੁਰੱਖਿਆ ਨੂੰ ਪਹਿਲ ਦੇਣ। ਵਿਭਾਗ ਨੇ ਇਹ ਵੀ ਸਪੱਸ਼ਟ ਕੀਤਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸਿਹਤ ਵਿਭਾਗ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਤਿਉਹਾਰਾਂ ਦੌਰਾਨ ਖਾਧ ਪਦਾਰਥ ਖਰੀਦਦੇ ਸਮੇਂ ਉਨ੍ਹਾਂ ਦੀ ਗੁਣਵੱਤਾ, ਪੈਕਿੰਗ ਅਤੇ ਮਿਆਦ ਪੁੱਗਣ ਦੀ ਤਾਰੀਖ਼ ਦਾ ਵਿਸ਼ੇਸ਼ ਧਿਆਨ ਰੱਖਣ ਅਤੇ ਸ਼ੱਕੀ ਜਾਂ ਮਿਲਾਵਟੀ ਖਾਧ ਪਦਾਰਥਾਂ ਸਬੰਧੀ ਵਿਭਾਗ ਨੂੰ ਸੂਚਿਤ ਕਰਨ। ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਭਰ ਵਿੱਚ ਅਜਿਹੀਆਂ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ।

100 ਸਾਲਾ 'ਆਦਿ ਧਰਮ' 'ਚ ਪਹੁੰਚੇ ਸੰਤਾਂ, ਬੁੱਧੀਜੀਵੀਆਂ ਤੇ ਸੰਗਤਾਂ ਦਾ ਕੀਤਾ ਧੰਨਵਾਦ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪਿਛਲੇ ਦਿਨੀਂ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਮਨਾਏ ਗਏ 100 ਸਾਲਾ ਆਦਿ ਧਰਮ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ, ਬੁੱਧੀਜੀਵੀ ਵਿਦਵਾਨਾਂ, ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਅਤੇ ਭਾਰੀ ਗਿਣਤੀ ਵਿੱਚ ਸ਼ਾਮਿਲ ਹੋਈਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦਾ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਮਹੰਤ ਪ੍ਰਸ਼ੋਤਮ ਲਾਲ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਜੀ ਫਗਵਾੜਾ,ਓਮ ਪ੍ਰਕਾਸ਼ ਰਾਣਾ ਮੀਡੀਆ ਇੰਚਾਰਜ ਵਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਆਦਿ ਧਰਮ ਲਹਿਰ ਨੂੰ ਪੂਰੇ ਭਾਰਤ ਅੰਦਰ ਜਨ ਜਨ ਤੱਕ ਪਹੁੰਚਾਉਣ ਦੇ ਲਏ ਸੰਕਲਪ ਦੀ

- ਆਪ ਆਗੂ ਹਰਜੋਤ ਕੌਰ ਲੋਹਟੀਆ, ਬਸਪਾ ਆਗੂ ਸਰਪੰਚ ਖੁਸ਼ੀ ਰਾਮ ਆਦਿ ਨੂੰ ਕੀਤਾ ਸਨਮਾਨਿਤ



ਸਰਾਹਨਾ ਕੀਤੀ ਹੈ।

ਇਸ ਮੌਕੇ ਆਦਿ ਧਰਮ ਮਿਸ਼ਨ ਦੇ ਉੱਘੇ ਪੈਰੋਕਾਰ ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਆਦਿ ਧਰਮ ਗੁਰੂਆਂ, ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਭਵਿੱਖ ਵਿੱਚ ਅਜਿਹੇ ਵਿਸ਼ਾਲ ਸਮਾਗਮਾਂ ਦਾ ਆਯੋਜਨ ਕੀਤਾ ਜਾਵੇਗਾ। ਓਨਾਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦਾ ਪ੍ਰਸਾਰ ਤੇ ਪ੍ਰਚਾਰ ਕਰ ਰਹੇ ਪੰਜਾਬ ਦੇ ਮਹਾਨ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਨੂੰ ਅਪੀਲ ਕੀਤੀ ਕਿ ਉਹ ਹਰ ਡੇਰੇ ਵਿੱਚ 100 ਸਾਲਾ ਆਦਿ ਧਰਮ ਨੂੰ ਸਮਰਪਿਤ ਇਕ ਇਕ ਸਮਾਗਮ ਜ਼ਰੂਰ ਕਰਵਾਉਣ।

ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਹੋਏ ਸਮਾਗਮ ਵਿੱਚ ਪਹੁੰਚੇ ਧਾਰਮਿਕ ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਿਰਪਾਓ ਤੇ ਆਦਿ ਧਰਮ ਦੀ ਟ੍ਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ, ਜਿਨਾਂ ਵਿੱਚ ਹਰਭਜਨ ਸਿੰਘ ਸਿੱਧੂ ਸਾਬਕਾ ਜੱਜ, ਸ੍ਰੀਮਤੀ ਹਰਜੋਤ ਕੌਰ ਲੋਹਟੀਆ ਇੰਚਾਰਜ ਹਲਕਾ ਫਿਲੌਰ ਆਮ ਆਦਮੀ ਪਾਰਟੀ , ਬਹੁਜਨ ਸਮਾਜ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਸਰਪੰਚ ਖੁਸ਼ੀ ਰਾਮ, ਕੈਪਟਨ ਬੀ ਆਰ ਨਈਅਰ ਯੂ ਕੇ, ਇੰਜੀ.ਸੁਸ਼ੀਲ ਵਿਰਦੀ, ਸੰਦੀਪ ਕੌਰ ਚੇਅਰਪਰਸਨ ਫਿਲੌਰ, ਸਾਬਕਾ ਡੀ ਐਸ ਪੀ ਅਮਰਜੀਤ, ਜਗਤ ਰਾਮ ਭੱਟੀ, ਰਾਮ ਲਾਲ ਯੂ ਕੇ ,ਜਗਦੀਸ਼ ਕੌਰ ਧਰਮ ਸੁਪਤਨੀ ਪ੍ਰੋ ਲਾਲ ਸਿੰਘ, ਅਮਰਜੀਤ ਗੁਰੂ ਯੂ ਕੇ, ਬਲਵਿੰਦਰ ਸਿੰਘ ਮੋਰੋਂ ਪ੍ਰਧਾਨ ਬ੍ਰਿਸਬੇਨ ਆਸਟਰੇਲੀਆ, ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ, ਵਰਿੰਦਰ ਬੰਗਾ ਆਦਿ ਕਈ ਨਾਮਵਰ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਵਿਖੇ ਸ੍ਰੀਜਨਮ 4.0 ਆਯੋਜਿਤ

ਪੈ.ਗਾਮ-ਏ-ਜਗਤ
ਨਵਾਂਸ਼ਹਿਰ 5 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਯੂਨੀਵਰਸਿਟੀ ਸਕੂਲ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ, ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਨ ਅਤੇ ਉਨ੍ਹਾਂ ਦੀ ਦਿਲਚਸਪ ਯੂਨੀਵਰਸਿਟੀ ਯਾਤਰਾ ਦੀ ਸ਼ੁਰੂਆਤ ਨੂੰ ਦਰਸਾਉਣ ਲਈ ਆਪਣੀ ਸ਼ਾਨਦਾਰ ਸਾਲਾਨਾ ਫਰੈਸ਼ਰ ਪਾਰਟੀ, ਸ੍ਰੀਜਨਮ 4.0 ਦਾ ਆਯੋਜਨ ਕੀਤਾ।

ਇਸ ਸਾਲ ਦਾ ਜਸ਼ਨ 80 ਦੇ ਦਹਾਕੇ ਦੇ ਰੈਟਰੋ ਦੇ ਜੀਵੰਤ ਥੀਮ 'ਤੇ ਅਧਾਰਤ ਸੀ, ਜੋ ਕਿ ਸਜਾਵਟ, ਪਹਿਰਾਵੇ ਅਤੇ ਪ੍ਰਦਰਸ਼ਨਾਂ ਵਿੱਚ ਸੁੰਦਰਤਾ ਨਾਲ ਝਲਕਦਾ ਸੀ, ਜੋ ਸਾਰਿਆਂ ਨੂੰ ਇੱਕ ਪੁਰਾਣੀ ਯਾਤਰਾ 'ਤੇ ਲੈ ਗਿਆ।

ਇਸ ਸਮਾਗਮ ਨੂੰ ਮਾਣਯੋਗ ਚਾਂਸਲਰ ਐਨ ਐਸ ਰਿਆਤ, ਪ੍ਰੋ ਵੀ ਸੀ ਡਾ. ਬੀ.ਐਸ. ਸਤਿਆਲ, ਸੀਈਓ ਸ਼੍ਰੀ ਵਿਮਲ ਮਨਹੋਤਰਾ, ਡੀਨ ਡਾ. ਐਚ.ਪੀ.ਐਸ. ਧਾਮੀ, ਡਿਪਟੀ ਡੀਨ ਅਤੇ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ



ਪੰਜਾਬ ਦੇ ਹੋਰ ਪ੍ਰਸਿੱਧ ਪਤਵੰਤਿਆਂ ਦੀ ਸਤਿਕਾਰਯੋਗ ਮੌਜੂਦਗੀ ਨੇ ਸਜਾਇਆ। ਇਹ ਜਸ਼ਨ ਉਤਸ਼ਾਹ, ਗਲੈਮਰ, ਸੰਗੀਤ, ਡਾਂਸ ਅਤੇ ਜੀਵੰਤ ਸੱਭਿਆਚਾਰਕ ਪ੍ਰਦਰਸ਼ਨਾਂ ਨਾਲ ਭਰਿਆ ਹੋਇਆ ਸੀ।

ਵਿਦਿਆਰਥੀਆਂ ਨੇ ਦਿਲਚਸਪ ਗਤੀਵਿਧੀਆਂ ਅਤੇ ਮੁਕਾਬਲਿਆਂ ਦੀ ਇੱਕ ਲੜੀ ਰਾਹੀਂ ਆਪਣੇ ਵਿਸ਼ਵਾਸ, ਰਚਨਾਤਮਕਤਾ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸ੍ਰੀਜਨਮ 4.0 ਦੇ ਮੁੱਖ ਆਕਰਸ਼ਣ ਮਨਮੋਹਕ ਖਿਤਾਬ ਸਨ। ਮਿਸਟਰ ਫਰੈਸ਼ਰ ਦਾ ਖਿਤਾਬ ਦੇਵਾਂਸ਼ ਨੇ ਅਤੇ ਮਿਸ ਫਰੈਸ਼ਰ ਸਾਨੀਆ ਨੇ ਜਿੱਤਿਆ, ਜਦੋਂ ਕਿ ਮਿਸਟਰ ਰੈਟਰੋ ਜਗਜੀਵਨ ਨੇ ਅਤੇ ਮਿਸ ਰੈਟਰੋ ਸੁਨੈਨਾ ਨੇ ਜਿੱਤਿਆ। ਬੈਸਟ ਵਾਕ ਮੇਲ ਦਾ ਖਿਤਾਬ ਸਾਗਰ ਨੂੰ ਅਤੇ ਬੈਸਟ ਵਾਕ ਫੀਮੇਲ ਦਾ ਖਿਤਾਬ ਆਇਸ਼ਾ ਨੂੰ ਦਿੱਤਾ ਗਿਆ, ਜਿਸ ਨਾਲ ਜਸ਼ਨ ਵਿੱਚ ਬਹੁਤ ਉਤਸ਼ਾਹ ਆਇਆ।

ਪਤਵੰਤਿਆਂ ਨੇ ਸ੍ਰੀਜਨਮ 4.0 ਨੂੰ ਸ਼ਾਨਦਾਰ ਸਫਲਤਾ ਦੇਣ ਲਈ ਪ੍ਰਬੰਧਕ ਟੀਮ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਪਟਾਕਾ ਰਹਿਤ ਅਤੇ ਪ੍ਰਦੂਸ਼ਣ ਮੁਕਤ ਗ੍ਰੀਨ ਦੀਵਾਲੀ ਮਨਾਉਣ ਦੀ ਅਪੀਲ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਦੀਵਾਲੀ ਦੇ ਤਿਉਹਾਰ ਦੇ ਮੌਕੇ 'ਤੇ ਜ਼ਿਲ੍ਹੇ ਦੇ ਲੋਕਾਂ ਨੂੰ ਪਟਾਕਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਦਿਆਂ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਲੋਕਾਂ ਨੂੰ ਪਟਾਕਾ ਰਹਿਤ ਅਤੇ ਪ੍ਰਦੂਸ਼ਣ ਮੁਕਤ ਗ੍ਰੀਨ ਦੀਵਾਲੀ ਮਨਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦੀਵਾਲੀ ਰੌਸ਼ਨੀ ਅਤੇ ਖੁਸ਼ੀਆਂ ਦਾ ਤਿਉਹਾਰ ਹੈ, ਜਿਸ ਨੂੰ ਪਟਾਕਿਆਂ ਤੋਂ ਬਿਨਾਂ ਵੀ ਪੂਰੇ ਉਤਸ਼ਾਹ ਅਤੇ ਉਮੰਗ ਨਾਲ ਮਨਾਇਆ ਜਾ ਸਕਦਾ ਹੈ।

ਡਾ. ਮਨਦੀਪ ਕਮਲ ਨੇ ਕਿਹਾ ਕਿ ਪਟਾਕਿਆਂ ਤੋਂ ਨਿਕਲਣ ਵਾਲਾ ਧੂੰਆਂ ਹਵਾ ਨੂੰ ਪ੍ਰਦੂਸ਼ਿਤ ਕਰਨ ਦੇ ਨਾਲ-ਨਾਲ ਮਨੁੱਖੀ ਸਿਹਤ ਲਈ ਵੀ ਬਹੁਤ ਹਾਨੀਕਾਰਕ ਹੈ। ਇਸ ਨਾਲ ਸਾਹ ਲੈਣ ਵਿੱਚ ਤਕਲੀਫ, ਦਮੇ ਦੇ ਮਰੀਜ਼ਾਂ ਦੀ ਪਰੇਸ਼ਾਨੀ ਵਧਣ, ਅੱਖਾਂ ਵਿੱਚ ਜਲਣ ਅਤੇ ਚਮੜੀ ਸਬੰਧੀ ਸਮੱਸਿਆਵਾਂ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਤੇਜ਼ ਆਵਾਜ਼ ਵਾਲੇ ਪਟਾਕੇ ਸੁਣਨ ਦੀ ਸਮਰੱਥਾ ਨੂੰ ਅਸਥਾਈ ਜਾਂ ਸਥਾਈ ਤੌਰ 'ਤੇ ਨੁਕਸਾਨ ਪਹੁੰਚਾ ਸਕਦੇ ਹਨ। ਵਿਸ਼ੇਸ਼ ਤੌਰ 'ਤੇ ਬਜ਼ੁਰਗਾਂ, ਛੋਟੇ ਬੱਚਿਆਂ ਅਤੇ ਸਾਹ ਸਬੰਧੀ ਬਿਮਾਰੀਆਂ ਤੋਂ ਪੀੜਤ ਲੋਕਾਂ ਨੂੰ ਪਟਾਕਿਆਂ ਦੇ ਧੂੰਏਂ ਅਤੇ ਸ਼ੋਰ ਤੋਂ ਬਚਣਾ ਚਾਹੀਦਾ ਹੈ।

- ਅੱਖਾਂ ਕੁਦਰਤ ਦੀ ਅਨਮੋਲ ਦੇਣ ਹਨ, ਥੋੜ੍ਹੀ ਜਿਹੀ ਲਾਪਰਵਾਹੀ ਕਾਰਨ ਇਨ੍ਹਾਂ ਦੀ ਰੌਸ਼ਨੀ ਕਿਉਂ ਗਵਾਓ: ਸਿਵਲ ਸਰਜਨ ਡਾ. ਮਨਦੀਪ ਕਮਲ



ਉਨ੍ਹਾਂ ਕਿਹਾ ਕਿ ਦੀਵਾਲੀ ਦੇ ਮੌਕੇ 'ਤੇ ਪਟਾਕਿਆਂ ਕਾਰਨ ਅੱਖਾਂ ਅਤੇ ਸਰੀਰ ਦੇ ਹੋਰ ਅੰਗਾਂ ਵਿੱਚ ਸੱਟ ਲੱਗਣ ਦੀਆਂ ਘਟਨਾਵਾਂ ਵੱਧ ਸਕਦੀਆਂ ਹਨ। ਇਸ ਲਈ ਲੋਕਾਂ ਨੂੰ ਪਟਾਕੇ ਚਲਾਉਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਜੇ ਬੱਚੇ ਪਟਾਕੇ ਚਲਾਉਂਦੇ ਹਨ ਤਾਂ ਉਨ੍ਹਾਂ ਨੂੰ ਵੱਡਿਆਂ ਦੀ ਨਿਗਰਾਨੀ ਵਿੱਚ ਖੁੱਲ੍ਹੀ ਅਤੇ ਸੁਰੱਖਿਅਤ ਥਾਂ 'ਤੇ ਹੀ ਪਟਾਕੇ ਚਲਾਉਣੇ ਚਾਹੀਦੇ ਹਨ। ਪਟਾਕਿਆਂ ਨੂੰ ਹੱਥ ਵਿੱਚ ਫੜ ਕੇ ਨਾ ਚਲਾਓ ਅਤੇ ਪਟਾਕੇ ਚਲਾਉਂਦੇ ਸਮੇਂ ਢਿੱਲੇ ਜਾਂ ਜਲਦੀ ਅੱਗ ਫੜਨ ਵਾਲੇ ਕੱਪੜੇ ਪਾਉਣ ਤੋਂ ਬਚੋ। ਬਿਨਾਂ ਚੱਲੇ ਪਟਾਕਿਆਂ ਨੂੰ ਦੁਬਾਰਾ ਜਲਾਉਣ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ, ਕਿਉਂਕਿ ਉਹ ਅਚਾਨਕ ਫਟ ਕੇ ਗੰਭੀਰ ਹਾਦਸੇ ਦਾ ਕਾਰਨ ਬਣ ਸਕਦੇ ਹਨ।

ਸਿਵਲ ਸਰਜਨ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਜੇ ਪਟਾਕਿਆਂ ਕਾਰਨ ਅੱਖ ਵਿੱਚ ਸੱਟ ਲੱਗ ਜਾਵੇ ਤਾਂ ਅੱਖ ਨੂੰ ਮਲਣਾ ਜਾਂ ਰਗੜਨਾ ਨਹੀਂ ਚਾਹੀਦਾ ਅਤੇ ਨਾ ਹੀ ਕਿਸੇ ਕਿਸਮ ਦਾ ਘਰੇਲੂ ਇਲਾਜ ਕਰਨਾ ਚਾਹੀਦਾ ਹੈ। ਅਜਿਹੀ ਸਥਿਤੀ ਵਿੱਚ ਬਿਨਾਂ ਦੇਰੀ ਕੀਤੇ ਅੱਖਾਂ ਦੇ ਮਾਹਰ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਖਾਂ ਕੁਦਰਤ ਦੀ ਅਨਮੋਲ ਦੇਣ ਹਨ ਅਤੇ ਇਨ੍ਹਾਂ ਦੀ ਸੁਰੱਖਿਆ ਪ੍ਰਤੀ ਥੋੜ੍ਹੀ ਜਿਹੀ ਲਾਪਰਵਾਹੀ ਵੀ ਅੱਖਾਂ ਦੀ ਰੌਸ਼ਨੀ ਨੂੰ ਸਥਾਈ ਨੁਕਸਾਨ ਪਹੁੰਚਾ ਸਕਦੀ ਹੈ।

ਇਸ ਤੋਂ ਇਲਾਵਾ ਉਨ੍ਹਾਂ ਨੇ ਤਿਉਹਾਰਾਂ ਦੌਰਾਨ ਸਿਹਤਮੰਦ ਖਾਣ-ਪੀਣ ਦੇ ਮਹੱਤਵ ਬਾਰੇ ਦੱਸਦਿਆਂ ਲੋਕਾਂ ਨੂੰ ਘਰ ਵਿੱਚ ਤਿਆਰ ਤਾਜ਼ਾ ਅਤੇ ਸ਼ੁੱਧ ਭੋਜਨ, ਘਰ ਦੀਆਂ ਬਣੀਆਂ ਮਿਠਾਈਆਂ ਅਤੇ ਮੌਸਮੀ ਫਲ ਖਾਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਬਾਜ਼ਾਰ ਵਿੱਚ ਮਿਲਣ ਵਾਲੇ ਖੁੱਲ੍ਹੇ ਅਤੇ ਗੈਰ-ਮਿਆਰੀ ਖਾਦ ਪਦਾਰਥਾਂ ਤੋਂ ਬਚਣ ਅਤੇ ਸ਼ਰਾਬ ਅਤੇ ਹੋਰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਵੀ ਕੀਤੀ।

ਅੰਤ ਵਿੱਚ ਉਨ੍ਹਾਂ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਦੀਵਾਲੀ ਨੂੰ ਖੁਸ਼ੀਆਂ, ਪਿਆਰ ਅਤੇ ਆਪਸੀ ਭਾਈਚਾਰੇ ਨਾਲ ਮਨਾਉਂਦਿਆਂ ਵਾਤਾਵਰਣ ਦੀ ਸੁਰੱਖਿਆ ਅਤੇ ਆਪਣੇ ਪਰਿਵਾਰ ਦੀ ਸਿਹਤ ਅਤੇ ਸੁਰੱਖਿਆ ਨੂੰ ਤਰਜੀਹ ਦੇਣ ਅਤੇ ਪਟਾਕਾ ਰਹਿਤ ਗ੍ਰੀਨ ਦੀਵਾਲੀ ਮਨਾਉਣ ਦਾ ਪ੍ਰਣ ਲੈਣ।

ਮਨੁੱਖੀ ਜੀਵਨ ਨਸ਼ਿਆਂ ਦੇ ਲੇਖੇ ਨਾ ਲੱਗ ਜਾਵੇ : ਸ. ਚਮਨ ਸਿੰਘ (ਪ੍ਰੋਜੈਕਟ ਡਾਇਰੈਕਟਰ)

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਰੈੱਡ ਕਰਾਸ ਨਸ਼ਾ ਪੀੜ੍ਹਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਵੱਲੋ,ਡਾ. ਹਰਚਰਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ(ਲੜਕੀਆਂ), ਪਿੰਡ ਉੜਾਪੜ (ਨਵਾਂਸ਼ਹਿਰ) ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ । ਇਸ ਕੈਂਪ ਦੀ ਪ੍ਰਧਾਨਗੀ ਸ਼?ਰੀਮਤੀ ਸਾਰਿਕਾ ਸਕਸੈਨਾ (ਅਧਿਆਪਕਾ)ਨੇ ਕੀਤੀ ਅਤੇ ਸ਼?ਰੀਮਤੀ ਗੁਰਬਖਸ਼ ਕੌਰ ਦੀ ਯੋਗ ਅਗਵਾਈ ਹੇਠ ਕੈਂਪ ਲਗਾਇਆ ਗਿਆ।



ਇਸ ਮੌਕੇ ਤੇ ਚਮਨ ਸਿੰਘ (ਪ੍ਰੋਜੈਕਟ ਡਾਇਰੈਕਟਰ) ਨੇ ਵਿਦਿਆਰਥੀਆਂ ਨੂੰ ਨਸ਼ੇ ਬਾਰੇ ਦੱਸਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਡਾਕਟਰੀ ਸਲਾਹ ਤੋਂ ਬਿਨਾ ਕਿਸੇ ਦਵਾਈ ਜਾਂ ਹੋਰ ਨਸ਼ੀਲੀ ਵਸਤੂ ਦੀ ਵਰਤੋਂ ਕਰਦਾ ਹੈ, ਉਹ ਨਸ਼ਾ ਹੈ। ਉਨਾ ਨੇਂ ਦੱਸਿਆ ਕਿ ਵਿਦਿਆਰਥੀ ਕਿਸੇ ਦੂਸਰੇ ਵਿਅਕਤੀ ਦੇ ਦਿੱਤੇ ਲਾਲਚ ਵਿੱਚ ਆ ਕੇ ਜਾਂ ਅਣਜਾਣਤਾ ਵਿੱਚ ਨਸ਼ੇ ਦੀ ਵਰਤੋਂ ਕਰਨ ਲੱਗ ਜਾਦੇਂ ਹਨ।ਉਨਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਤੁਸੀ ਕਿਸੇ ਵੀ ਅਣਜਾਣ ਵਿਅਕਤੀ ਦੇ ਬਹਿਕਾਵੇ ਵਿੱਚ ਆ ਕੇ ਕਿਸੇ ਵੀ ਪ੍ਰਕਾਰ ਦੇ ਨਸ਼ੇ ਦੀ ਵਰਤੋਂ ਨਹੀਂ ਕਰਨੀ। ਨਸ਼ੇ ਤੋਂ ਬਚਣ ਲਈ ਇਸ ਬਾਰੇ ਜਾਗਰੂਕ ਹੋਣਾ ਬਹੁਤ ਹੀ ਜਰੂਰੀ ਹੈ, ਇਸ ਤਰ੍ਹਾ ਹੀ ਨਸ਼ੇ ਤੋਂ ਦੂਰ ਰਿਹਾ ਜਾ ਸਕਦਾ ਹੈ। ਉਨਾ ਨੇ ਕਿਹਾ ਕਿ ਨਸ਼ੇ ਦੀ ਵਰਤੋਂ ਨਾਲ ਵਿਅਕਤੀ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਿਗਾੜ ਆਉਂਦਾ ਹੈ, ਨਸ਼ੇ ਨਾਲ ਸਰੀਰ ਅਤੇ ਦਿਮਾਗ ਸਹੀ ਤਰੀਕੇ ਨਾਲ ਕੰਮ ਨਹੀਂ ਕਰਦਾ। ਉਨਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਤੁਸੀ ਵੱਧ ਤੋਂ ਵੱਧ ਖੇਡਾਂ ਨਾਲ ਜੁੜੋ ਤਾਂ ਕਿ ਤੁਸੀ ਸਰੀਰਕ ਅਤੇ ਮਾਨਸਿਕ ਪੱਖੋਂ ਤੰਦਰੁਸਤ ਰਹਿ ਸਕੋ ਡ ਨੂੰ ਅਤੇ ਪੰਜਾਬ/ਭਾਰਤ ਨੂੰ ਨਸ਼ਾ ਮੁਕਤ ਕਰ ਸਕਦੇ ਹਾਂ। ਸਾਨੂੰ ਆਸਾਨੂੰ ਲਾਇਬਰੇਰੀ ਵਿੱਚੋਂ ਚੰਗੀਆਂ ਕਿਤਾਬਾਂ ਪੜਨੀਆਂ ਚਾਹੀਦੀਆਂ ਹਨ। ਇਸ ਮੌਕੇ ਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਾਰੇ ਹੀ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੇ ਨਸ਼ੇ ਤੋਂ ਦੂਰ ਰਹਿਣ ਲਈ ਪ੍ਰਣ ਲਿਆ। ਉਨਾਂ ਨੇ ਵਿਦਿਆਰਥੀਆਂ ਨੂੰ ਗਰੀਨ ਦਿਵਾਲੀ ਮਨਾਉਣ ਦੀ ਅਪੀਲ ਕੀਤੀ ਤੇ ਕਿਹਾ ਕਿ ਪਟਾਕਿਆਂ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਵੇ।

ਇਸ ਮੌਕੇ ਤੇ ਸ਼?ਰੀ ਪਰਵੇਸ਼ ਕੁਮਾਰ(ਸਟਾਫ ਮੈਂਬਰ) ਨੇ ਸੈਂਟਰ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਹਾ ਕਿ ਜੇਕਰ ਕੋਈ ਵੀ ਨਸ਼ੇ ਦਾ ਆਦੀ ਵਿਅਕਤੀ ਆਪਣਾ ਇਲਾਜ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਇੱਕ ਮਹੀਨੇ ਲਈ ਦਾਖਿਲ ਹੋ ਕੇ ਆਪਣਾ ਮੁਫਤ ਵਿੱਚ ਇਲਾਜ ਕਰਵਾ ਸਕਦਾ ਹੈ।

ਇਸ ਮੌਕੇ ਤੇ ਸ਼?ਰੀਮਤੀ ਗੁਰਬਖਸ਼ ਕੌਰ (ਅਧਿਆਪਕਾ) ਨੇ ਨਸ਼ੇ ਤੋਂ ਦੂਰ ਰਹਿਣ ਲਈ ਵਿਚਾਰ ਪੇਸ਼ ਕੀਤੇ ਅਤੇ ਆਈ ਹੋਈ ਰੈੱਡ ਕਰਾਸ ਟੀਮ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਅਸੀ ਨਸ਼ਾ ਮੁਕਤ ਭਾਰਤ ਅਤੇ ਯੁੱਧ ਨਸ਼ਿਆ ਵਿਰੁੱਧ ਮੁਹਿੰਮਾਂ ਵਿੱਚ ਪੂਰਨ ਸਹਿਯੋਗ ਕਰਦੇ ਰਹਾਗੇਂ ਅਤੇ ਵਿਦਿਆਰਥੀਆਂ ਨੂੰ ਚੇਤਨ ਕਰਦੇ ਰਹਾਂਗੇ। ਇਸ ਮੌਕੇ ਤੇ ਮੀਨਾ ਰਾਣੀ, ਸੁਨੀਤਾ ਦੇਵੀ, ਟਵਿੰਕਲ, ਸ਼ਭਲਾ ਰਾਣੀ, ਅਮਨਦੀਪ ਕੌਰ ਭੱਟੀ, ਸੁਖਵੀਰ ਕੌਰ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜਿਰ ਸਨ।

ਨਵਾਂਸ਼ਹਿਰ ਵਿੱਚ ਭਾਜਪਾ ਯੁਵਾ ਮੋਰਚਾ ਨੂੰ ਮਿਲੀ ਨਵੀਂ ਊਰਜਾ, ਸੁਸ਼ਾਂਤ ਜਸਵਾਲ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ

ਪੈ.ਗਾਮ-ਏ-ਜਗਤ
ਨਵਾਂਸ਼ਹਿਰ, 5 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਨੂੰ ਹੋਰ ਮਜ਼ਬੂਤ ਕਰਨ ਲਈ ਸੰਗਠਨ ਵਿੱਚ ਵੱਡਾ ਫੇਰਬਦਲ ਕੀਤਾ ਗਿਆ ਹੈ। ਜ਼ਿਲ੍ਹਾ ਪ੍ਰਧਾਨ ਪੰਕਜ ਕੁਮਾਰ ਨੇ ਪਾਰਟੀ ਦੇ ਮਿਹਨਤੀ, ਸਮਰਪਿਤ ਅਤੇ ਸਰਗਰਮ ਨੌਜਵਾਨ ਆਗੂ ਸੁਸ਼ਾਂਤ ਜਸਵਾਲ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕਰਕੇ ਨੌਜਵਾਨਾਂ ਵਿੱਚ ਨਵਾਂ ਜੋਸ਼ ਭਰ ਦਿੱਤਾ ਹੈ।



ਇਸ ਨਿਯੁਕਤੀ ਨਾਲ ਜ਼ਿਲ੍ਹੇ ਦੇ ਭਾਜਪਾ ਵਰਕਰਾਂ ਅਤੇ ਨੌਜਵਾਨਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਪਾਰਟੀ ਵਰਕਰਾਂ ਦਾ ਕਹਿਣਾ ਹੈ ਕਿ ਸੁਸ਼ਾਂਤ ਜਸਵਾਲ ਦੀ ਨਿਯੁਕਤੀ ਸਿਰਫ਼ ਇੱਕ ਅਹੁਦਾ ਨਹੀਂ, ਸਗੋਂ ਮਿਹਨਤ, ਲਗਨ ਅਤੇ ਸਮਰਪਣ ਦੀ ਜਿੱਤ ਹੈ। ਲੰਬੇ ਸਮੇਂ ਤੋਂ ਉਹ ਬਿਨਾਂ ਕਿਸੇ ਅਹੁਦੇ ਦੀ ਲਾਲਸਾ ਦੇ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਅਤੇ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨ ਲਈ ਕੰਮ ਕਰਦੇ ਆ ਰਹੇ ਹਨ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪੰਕਜ ਕੁਮਾਰ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਵਿੱਚ ਹਮੇਸ਼ਾ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਮਿਲਦਾ ਹੈ। ਸੁਸ਼ਾਂਤ ਜਸਵਾਲ ਨੇ ਹਰ ਮੋਰਚੇ 'ਤੇ ਪਾਰਟੀ ਲਈ ਤਨ-ਮਨ ਨਾਲ ਕੰਮ ਕੀਤਾ ਹੈ। ਨੌਜਵਾਨਾਂ ਨੂੰ ਪਾਰਟੀ ਦੀਆਂ ਨੀਤੀਆਂ ਨਾਲ ਜੋੜਨ, ਸਮਾਜ ਸੇਵਾ ਦੇ ਕੰਮਾਂ ਵਿੱਚ ਅੱਗੇ ਰਹਿਣ ਅਤੇ ਸੰਗਠਨ ਦੇ ਵਿਸਥਾਰ ਲਈ ਉਨ੍ਹਾਂ ਦੇ ਯਤਨ ਸੱਚਮੁੱਚ ਸ਼ਲਾਘਾਯੋਗ ਹਨ।

ਪੰਕਜ ਕੁਮਾਰ ਨੇ ਕਿਹਾ ਕਿ ਯੁਵਾ ਮੋਰਚਾ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ। ਅੱਜ ਦਾ ਨੌਜਵਾਨ ਹੀ ਕੱਲ੍ਹ ਦਾ ਆਗੂ ਹੈ। ਇਸ ਲਈ ਜ਼ਰੂਰੀ ਹੈ ਕਿ ਨੌਜਵਾਨ ਪੀੜ੍ਹੀ ਨੂੰ ਸਹੀ ਦਿਸ਼ਾ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਦੇਸ਼ ਸੇਵਾ ਅਤੇ ਸਮਾਜ ਸੇਵਾ ਨਾਲ ਜੋੜਿਆ ਜਾਵੇ। ਸੁਸ਼ਾਂਤ ਜਸਵਾਲ ਦੀ ਅਗਵਾਈ ਵਿੱਚ ਜ਼ਿਲ੍ਹੇ ਵਿੱਚ ਯੁਵਾ ਮੋਰਚਾ ਦੀਆਂ ਗਤੀਵਿਧੀਆਂ ਹੋਰ ਤੇਜ਼ ਹੋਣਗੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸੁਸ਼ਾਂਤ ਜਸਵਾਲ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ। ਉਹ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਜਾ ਕੇ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨਗੇ ਅਤੇ ਪਾਰਟੀ ਨੂੰ ਨਵੀਆਂ ਬੁਲੰਦੀਆਂ ਤੱਕ ਲੈ ਕੇ ਜਾਣਗੇ।

ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸੁਸ਼ਾਂਤ ਜਸਵਾਲ ਨੇ ਜ਼ਿਲ੍ਹਾ ਪ੍ਰਧਾਨ ਪੰਕਜ ਕੁਮਾਰ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੇ ਗਏ ਵਿਸ਼ਵਾਸ 'ਤੇ ਖਰਾ ਉਤਰਨਗੇ। ਉਨ੍ਹਾਂ ਕਿਹਾ ਕਿ ਉਹ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿੱਖਿਆ ਅਤੇ ਸਮਾਜ ਸੇਵਾ ਵੱਲ ਪ੍ਰੇਰਿਤ ਕਰਨ ਦੇ ਨਾਲ-ਨਾਲ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਕੰਮ ਕਰਨਗੇ। ਅੰਤ ਵਿੱਚ ਪੰਕਜ ਕੁਮਾਰ ਨੇ ਸੁਸ਼ਾਂਤ ਜਸਵਾਲ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

ਪੀ.ਜੀ.ਆਈ. ਨੇ ਕਦਾਚਾਰ ਨੂੰ ਰੋਕਣ ਅਤੇ ਮਰੀਜ਼ ਸੇਵਾਵਾਂ ਵਿੱਚ ਸੁਧਾਰ ਲਈ ਜੁਰਮਾਨੇ ਵਧਾਏ

ਚੰਡੀਗੜ੍ਹ, 5 ਨਵੰਬਰ
(ਪੈ.ਗਾਮ-ਏ-ਜਗਤ)

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਨੇ ਕਦਾਚਾਰ ਨੂੰ ਰੋਕਣ ਅਤੇ ਮਰੀਜ਼ਾਂ ਅਤੇ ਸੈਲਾਨੀਆਂ ਲਈ ਬਿਹਤਰ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਆਪਣੇ ਕੈਂਪਸ ਦੇ ਅੰਦਰ ਕੰਮ ਕਰ ਰਹੀਆਂ ਵਪਾਰਕ ਦੁਕਾਨਾਂ ਅਤੇ ਹੋਰ ਅਦਾਰਿਆਂ ਲਈ ਕਾਫ਼ੀ ਵਧੇ ਹੋਏ ਜੁਰਮਾਨਿਆਂ ਨੂੰ ਮਨਜ਼ੂਰੀ ਦਿੱਤੀ ਹੈ।

ਸੋਧੇ ਹੋਏ ਜੁਰਮਾਨਾ ਢਾਂਚੇ ਦਾ ਉਦੇਸ਼ ਜਵਾਬਦੇਹੀ ਨੂੰ ਮਜ਼ਬੂਤ ਕਰਨਾ, ਨਿਰਧਾਰਤ ਨਿਯਮਾਂ ਦੀ ਸਖ਼ਤ ਪਾਲਣਾ ਨੂੰ ਯਕੀਨੀ ਬਣਾਉਣਾ ਅਤੇ ਵਾਰ-ਵਾਰ ਉਲੰਘਣਾਵਾਂ ਨੂੰ ਰੋਕਣਾ ਹੈ, ਖਾਸ ਕਰਕੇ ਉਹ ਜੋ ਖਪਤਕਾਰ ਅਧਿਕਾਰਾਂ, ਸਫਾਈ, ਸੁਰੱਖਿਆ ਅਤੇ ਮਰੀਜ਼ ਦੀ ਸਹੂਲਤ ਨੂੰ ਪ੍ਰਭਾਵਤ ਕਰਦੇ ਹਨ।

ਪਹਿਲਕਦਮੀ ਦਾ ਵੇਰਵਾ ਦਿੰਦਿਆਂ, ਪ੍ਰੋ. ਵਿਵੇਕ ਲਾਲ, ਡਾਇਰੈਕਟਰ, ਪੀਜੀਆਈ ਨੇ ਕਿਹਾ ਕਿ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਹਸਪਤਾਲ ਦੇ ਅਹਾਤੇ ਵਿੱਚ ਸੁਰੱਖਿਅਤ ਅਤੇ ਸਤਿਕਾਰਤ ਮਹਿਸੂਸ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਸਾਰੇ ਵਪਾਰਕ ਅਦਾਰਿਆਂ ਨੂੰ ਉਚਿਤ ਕੀਮਤ, ਸਫਾਈ ਅਤੇ ਜ਼ਿੰਮੇਵਾਰ ਸੇਵਾ ਮਾਪਦੰਡਾਂ ਨੂੰ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਉਲੰਘਣਾਵਾਂ ਨੂੰ ਹਲਕੇ ਵਿੱਚ ਨਹੀਂ ਲਿਆ ਜਾਵੇਗਾ।

- ਵੱਧ ਚਾਰਜ ਲੈਣ, ਮਿਆਦ ਪੁੱਗੇ ਉਤਪਾਦਾਂ ਦੀ ਵਿਕਰੀ ਅਤੇ ਗੰਦੀਆਂ ਸਥਿਤੀਆਂ 'ਤੇ ਵੱਧ ਜੁਰਮਾਨਾ ਲੱਗੇਗਾ

ਇਹ ਫੈਸਲਾ ਸੰਸਥਾ ਦੁਆਰਾ ਗਠਿਤ ਇੱਕ ਕਮੇਟੀ ਦੁਆਰਾ ਮੌਜੂਦਾ ਜੁਰਮਾਨਾ ਵਿਵਸਥਾਵਾਂ ਦੀ ਸਮੀਖਿਆ ਤੋਂ ਬਾਅਦ ਲਿਆ ਗਿਆ ਹੈ। ਕਮੇਟੀ ਦੀ ਮੀਟਿੰਗ 16 ਅਕਤੂਬਰ, 2026 ਨੂੰ ਪੰਕਜ ਰਾਏ, ਡਿਪਟੀ ਡਾਇਰੈਕਟਰ (ਪ੍ਰਸ਼ਾਸਨ), ਪੀਜੀਆਈਐਮਈਆਰ ਦੀ ਪ੍ਰਧਾਨਗੀ ਹੇਠ ਹੋਈ ਅਤੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਕਾਫ਼ੀ ਵਾਧੇ ਦੀ ਸਿਫਾਰਸ਼ ਕੀਤੀ। ਰਾਏ ਨੇ ਕਿਹਾ ਕਿ ਹਜ਼ਾਰਾਂ ਮਰੀਜ਼ ਅਤੇ ਉਨ੍ਹਾਂ ਦੇ ਸਹਾਇਕ ਆਪਣੀਆਂ ਰੋਜ਼ਾਨਾ ਲੋੜਾਂ ਲਈ ਕੈਂਪਸ ਦੀਆਂ ਦੁਕਾਨਾਂ 'ਤੇ ਨਿਰਭਰ ਹਨ ਅਤੇ ਉਨ੍ਹਾਂ ਨੂੰ ਵੱਧ ਚਾਰਜ, ਅਸੁਰੱਖਿਅਤ ਉਤਪਾਦਾਂ ਜਾਂ ਗੰਦੇ ਮਾਹੌਲ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਸੋਧੇ ਹੋਏ ਜੁਰਮਾਨੇ ਅਦਾਰਿਆਂ ਨੂੰ ਵਧੇਰੇ ਜਵਾਬਦੇਹ ਬਣਾਉਣਗੇ ਅਤੇ ਵਾਰ-ਵਾਰ ਉਲੰਘਣਾਵਾਂ ਨੂੰ ਨਿਰਾਸ਼ ਕਰਨਗੇ।

ਸੋਧੇ ਹੋਏ ਪ੍ਰਾਵਧਾਨਾਂ ਦੇ ਤਹਿਤ, ਰੇਟ ਸੂਚੀਆਂ ਅਤੇ ਛੋਟ ਦੀ ਜਾਣਕਾਰੀ ਪ੍ਰਦਰਸ਼ਿਤ ਕਰਨ ਵਿੱਚ ਅਸਫਲਤਾ ਲਈ ਜੁਰਮਾਨਾ ਪ੍ਰਤੀ ਉਲੰਘਣਾ 10,000 ਰੁਪਏ ਤੋਂ ਵਧਾ ਕੇ 50,000 ਰੁਪਏ ਕਰ ਦਿੱਤਾ ਗਿਆ ਹੈ। ਇਸੇ ਤਰ੍ਹਾਂ, ਵੱਧ ਚਾਰਜ ਲੈਣ 'ਤੇ 10,000 ਰੁਪਏ ਦੀ ਬਜਾਏ 50,000 ਰੁਪਏ ਦਾ ਜੁਰਮਾਨਾ ਲੱਗੇਗਾ। ਗੰਦੇ ਜਾਂ ਅਸਿਹਤਕਰ ਅਹਾਤੇ ਨੂੰ ਬਣਾਈ ਰੱਖਣ ਲਈ ਜੁਰਮਾਨਾ 5,000 ਰੁਪਏ ਤੋਂ ਵਧਾ ਕੇ 20,000 ਰੁਪਏ ਕਰ ਦਿੱਤਾ ਗਿਆ ਹੈ।


ਨਕਲੀ, ਗੰਦੇ, ਖਰਾਬ ਜਾਂ ਮਿਆਦ ਪੁੱਗੇ ਉਤਪਾਦਾਂ ਦੀ ਵਿਕਰੀ 'ਤੇ ਪ੍ਰਤੀ ਉਲੰਘਣਾ 50,000 ਰੁਪਏ ਦਾ ਜੁਰਮਾਨਾ ਲੱਗੇਗਾ ਅਤੇ ਇਸ ਦੇ ਨਤੀਜੇ ਵਜੋਂ ਦੁਕਾਨ ਦਾ ਲਾਇਸੈਂਸ ਮੁਅੱਤਲ ਜਾਂ ਰੱਦ ਵੀ ਹੋ ਸਕਦਾ ਹੈ। ਸੋਧੇ ਹੋਏ ਪ੍ਰਾਵਧਾਨਾਂ ਵਿੱਚ ਬਿੱਲ ਜਾਰੀ ਕਰਨ ਵਿੱਚ ਅਸਫਲਤਾ, ਨਾਜਾਇਜ਼ ਕਬਜ਼ਾ, ਗਲਤ ਕੂੜਾ ਨਿਪਟਾਰਾ, ਸਿਗਰਟਨੋਸ਼ੀ, ਅੱਗ ਸੁਰੱਖਿਆ ਉਲੰਘਣਾਵਾਂ ਅਤੇ ਨਿਰਧਾਰਤ ਮਾਪਦੰਡਾਂ ਦੀਆਂ ਹੋਰ ਉਲੰਘਣਾਵਾਂ ਵੀ ਸ਼ਾਮਲ ਹਨ।

ਪੀਜੀਆਈ ਨੇ ਸਪੱਸ਼ਟ ਕੀਤਾ ਹੈ ਕਿ ਗੰਭੀਰ ਉਲੰਘਣਾਵਾਂ 'ਤੇ ਸੰਸਥਾ ਦੁਆਰਾ ਲਗਾਏ ਗਏ ਜੁਰਮਾਨਿਆਂ ਤੋਂ ਇਲਾਵਾ ਹੋਰ ਕਾਨੂੰਨੀ ਕਾਰਵਾਈ ਵੀ ਹੋ ਸਕਦੀ ਹੈ। ਵਾਰ-ਵਾਰ ਅਪਰਾਧ ਕਰਨ ਵਾਲਿਆਂ ਨੂੰ ਸਖ਼ਤ ਰੈਗੂਲੇਟਰੀ ਉਪਾਵਾਂ ਦਾ ਸਾਹਮਣਾ ਕਰਨਾ ਪਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਪੀਜੀਆਈ ਕੈਂਪਸ ਵਿੱਚ ਵਪਾਰਕ ਅਦਾਰਿਆਂ ਵਿੱਚ ਵਧੇਰੇ ਅਨੁਸ਼ਾਸਿਤ, ਸਾਫ਼-ਸੁਥਰਾ ਅਤੇ ਮਰੀਜ਼-ਅਨੁਕੂਲ ਮਾਹੌਲ ਬਣਾਉਣਾ ਹੈ।

ਜ਼ਿਲ੍ਹੇ ਵਿੱਚ ਮਿਤੀ 12 ਦਸੰਬਰ 2026 ਨੂੰ ਲੱਗੇਗੀ ਕੌਮੀ ਲੋਕ ਅਦਾਲਤ : ਜ਼ਿਲ੍ਹਾ ਅਤੇ ਸ਼ੈਸਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ

ਪੈ.ਗਾਮ-ਏ-ਜਗਤ/ਨਵਾਂਸ਼ਹਿਰ (ਦੇਸ ਰਾਜ ਬਾਲੀ)

ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਜੀਆਂ ਦੇ ਪ੍ਰਾਪਤ ਹੁਕਮਾਂ ਤਹਿਤ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ਼੍ਰੀ ਜਤਿੰਦਰ ਪਾਲ ਸਿੰਘ ਖੁਰਮੀ ਵੱਲੋ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 12 ਦਸੰਬਰ 2026 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇ ਗਈ।



ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਸ਼੍ਰੀ ਜਤਿੰਦਰ ਪਾਲ ਸਿੰਘ ਖੁਰਮੀ ਵੱਲੋ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ , ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲ੍ਹੇ ਵਿੱਚ 12.12.2026 ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ।

ਉਨਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ.ਐਸ.ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਈਨਾਸ ਦੇ ਕੇਸ, ਧਾਰਾ 138 ਅਧੀਨ ਐਨਆਈ ਐਕਟ ਕੇਸ, ਪੈਸੇ ਦੀ ਵਸੂਲੀ ਦੇ ਕੇਸ, ਬੈਂਕ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਉਂਡੇਬਲ ਕੇਸ, ਚੈੱਕ ਬਾਉਂਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਵਿਵਾਦ ਦੇ ਕੇਸ, ਜਨਤਕ ਉਪਯੋਗਤਾ ਸੇਵਾਵਾਂ ਨਾਲ ਸਬੰਧਤ ਵਿਵਾਦ ਜਿਵੇਂ ਕਿ ਬਿਜਲੀ ਅਤੇ ਪਾਣੀ ਦੇ ਬਿੱਲਾਂ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ । ਇਸ ਤੋਂ ਇਲਾਵਾ ਉਨਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਦੀ ਹੈ ਤਾਂ ਦਫਤਰ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਦਫਤਰ ਦੇ ਨੰਬਰ 01823-223511 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਕਰਨੈਲ ਸਿੰਘ ਸ਼ਾਹਪੁਰ ਪੱਟੀ ਡੀ.ਐਸ.ਪੀ. ਬਣੇ

/ਨਵਾਂਸ਼ਹਿਰ (ਦੇਸ ਰਾਜ ਬਾਲੀ)



ਪਿੰਡ ਸ਼ਾਹ ਪੁਰ ਪੱਟੀ ਦੇ ਵਸਨੀਕ ਕਰਨੈਲ ਸਿੰਘ ਭੁੱਲਰ ਤਰੱਕੀ ਉਪਰੰਤ ਡੀਐਸਪੀ ਬਣੇ ਹਨ। ਪੰਜਾਬ ਪੁਲਿਸ ਵਿਭਾਗ ਵਿਚ ਨੌਕਰੀ ਦੌਰਾਨ ਉਨ੍ਹਾਂ ਚੰਡੀਗੜ੍ਹ, ਮੋਹਾਲੀ, ਜਲੰਧਰ, ਲੁਧਿਆਨਾ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹੱਤਵਪੂਰਣ ਅਹੁਦਿਆਂ ਤੇ ਰਹਿੰਦਿਆਂ ਆਪਣੀਆ ਸੇਵਾਵਾਂ ਦਿੱਤੀਆਂ। ਉਨ੍ਹਾਂ ਦੀ ਨਿਯੁਕਤੀ ਤੇ ਪਿੰਡ ਸ਼ਾਹਪੁਰ ਪੱਟੀ ਵਿਖੇ ਖੁਸ਼ੀ ਦਾ ਮਾਹੌਲ ਹੈ।

ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਦੇ ਦਾਖਲੇ ਲਈ ਚੋਣ ਪ੍ਰੀਖਿਆ 28 ਨਵੰਬਰ ਨੂੰ ਹੋਵੇਗੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 5 ਨਵੰਬਰ
(ਪੈ.ਗਾਮ-ਏ-ਜਗਤ)

ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਵਿੱਚ ਦਾਖਲੇ ਲਈ ਜਿਨ੍ਹਾਂ ਵਿਦਿਆਰਥੀਆਂ ਨੇ ਜਵਾਹਰ ਨਵੋਦਿਆ ਵਿਦਿਆਲਿਆ ਸਿਲੈਕਸ਼ਨ ਟੈਸਟ ਲਈ ਅਪਲਾਈ ਕੀਤਾ ਹੈ, ਉਹ ਆਪਣਾ ਐਡਮਿਟ ਕਾਰਡ ਜਵਾਹਰ ਨਵੋਦਿਆ ਵਿਦਿਆਲਿਆ ਦੀ ਅਧਿਕਾਰਤ ਵੈੱਬਸਾਈਟ (http://navodaya.gov.in) ਤੋਂ ਡਾਊਨਲੋਡ ਕਰ ਸਕਦੇ ਹਨ। ਐਡਮਿਟ ਕਾਰਡ ਪ੍ਰਾਪਤ ਕਰਨ ਲਈ ਵਿਦਿਆਰਥੀਆਂ ਨੂੰ ਆਪਣਾ ਰਜਿਸਟ੍ਰੇਸ਼ਨ ਨੰਬਰ ਅਤੇ ਜਨਮ ਮਿਤੀ ਦਰਜ ਕਰਨੀ ਹੋਵੇਗੀ। ਇਸ ਸਬੰਧੀ ਪ੍ਰਿੰਸੀਪਲ ਇੰਚਾਰਜ ਰਜਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਦੇ ਦਾਖਲੇ ਲਈ ਚੋਣ ਪ੍ਰੀਖਿਆ ਮਿਤੀ 28 ਨਵੰਬਰ 2026 (ਸ਼ਨੀਵਾਰ) ਨੂੰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ 8 ਪ੍ਰੀਖਿਆ ਕੇਂਦਰਾਂ ਵਿਖੇ ਕਰਵਾਈ ਜਾਵੇਗੀ। ਪ੍ਰੀਖਿਆ ਦਾ ਸਮਾਂ ਸਵੇਰੇ 11:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਹੋਵੇਗਾ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਖਿਆ ਵਿੱਚ ਸ਼ਾਮਲ ਹੋਣ ਲਈ ਆਪਣਾ ਐਡਮਿਟ ਕਾਰਡ ਅਤੇ ਇੱਕ ਵੈਧ ਪਛਾਣ ਪੱਤਰ ਲਾਜ਼ਮੀ ਤੌਰ 'ਤੇ ਨਾਲ ਲੈ ਕੇ ਆਉਣ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਸਮਾਧਾਨ ਸ਼ਿਵਿਰ ਵਿੱਚ ਐਸ.ਡੀ.ਐਮ. ਰਾਜੇਸ਼ ਖੋਥ ਨੇ ਸੁਣੀਆਂ ਨਾਗਰਿਕਾਂ ਦੀਆਂ ਸਮੱਸਿਆਵਾਂ, ਸਬੰਧਤ ਅਧਿਕਾਰੀਆਂ ਨੂੰ ਦਿੱਤੇ ਹੱਲ ਦੇ ਨਿਰਦੇਸ਼

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਸਥਾਨਕ ਜ਼ਿਲ੍ਹਾ ਸਕੱਤਰੇਤ ਵਿੱਚ ਆਯੋਜਿਤ ਸਮਾਧਾਨ ਸ਼ਿਵਿਰ ਵਿੱਚ ਐਸਡੀਐਮ ਰਾਜੇਸ਼ ਖੋਥ ਨੇ ਨਾਗਰਿਕਾਂ ਦੀਆਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਤਰਜੀਹ ਦੇ ਆਧਾਰ 'ਤੇ ਉਨ੍ਹਾਂ ਦਾ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।



ਸਮਾਧਾਨ ਸ਼ਿਵਿਰ ਵਿੱਚ ਟਾਵਰ ਕਲੋਨੀ, ਉੱਤਮ ਨਗਰ ਹਾਂਸੀ ਦੇ ਨਿਵਾਸੀ ਨੇ ਗਲੀ ਵਿੱਚ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਵਾਉਣ, ਘਿਰਾਏ ਨਿਵਾਸੀ ਅਨਿਲ ਨੇ ਕੈਂਸਰ ਪੀੜਤ ਦੀ ਪੈਨਸ਼ਨ ਸ਼ੁਰੂ ਕਰਵਾਉਣ, ਹਨੂੰਮਾਨ ਕਲੋਨੀ ਹਾਂਸੀ ਨਿਵਾਸੀ ਸੰਦੀਪ ਨੇ ਜਨਮ ਸਰਟੀਫਿਕੇਟ ਵਿੱਚ ਨਾਂ ਠੀਕ ਕਰਵਾਉਣ, ਜਗਦੀਸ਼ ਕਲੋਨੀ ਨਿਵਾਸੀ ਕਸ਼ਿਸ਼ ਨੇ ਆਪਣੀ ਭੈਣ ਅਨੁਰਾਧਾ ਦਾ ਨਾਂ ਪਰਿਵਾਰ ਪਹਿਚਾਣ ਪੱਤਰ (ਪੀਪੀਪੀ) ਵਿੱਚ ਜੁੜਵਾਉਣ ਅਤੇ ਸੁਲਤਾਨਪੁਰ ਨਿਵਾਸੀ ਮੁਕੇਸ਼ ਨੇ ਉਮਰ ਤਸਦੀਕ ਕਰਵਾਉਣ ਨਾਲ ਸਬੰਧਤ ਸ਼ਿਕਾਇਤਾਂ ਰੱਖੀਆਂ। ਐਸਡੀਐਮ ਰਾਜੇਸ਼ ਖੋਥ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ 'ਤੇ ਨਿਯਮਾਂ ਅਨੁਸਾਰ ਕਾਰਵਾਈ ਕਰਦੇ ਹੋਏ ਉਨ੍ਹਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਮਾਧਾਨ ਸ਼ਿਵਿਰ ਦਾ ਉਦੇਸ਼ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਇੱਕੋ ਥਾਂ 'ਤੇ ਪ੍ਰਭਾਵਸ਼ਾ ਅਤੇ ਸਮਾਂਬੱਧ ਨਿਵਾਰਨ ਯਕੀਨੀ ਬਣਾਉਣਾ ਹੈ। ਐਸਡੀਐਮ ਰਾਜੇਸ਼ ਖੋਥ ਨੇ ਸਮਾਧਾਨ ਸ਼ਿਵਿਰ ਵਿੱਚ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ 'ਤੇ ਤਹਿਸੀਲਦਾਰ ਅਨਿਲ ਬਿਢਾਨ, ਐਸਡੀਓ ਪ੍ਰਮੋਦ ਕੁਮਾਰ, ਟੀਐਮ ਸਤਬੀਰ ਸਿੰਘ, ਐਮੀਨੈਂਟ ਪਰਸਨ ਓਮਪਾਲ ਯਾਦਵ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

ਏ.ਡੀ.ਸੀ. ਈਸ਼ਾਂਤ ਜਸਵਾਲ ਨੂੰ ਰਾਸ਼ਟਰੀ ਐਕਸੀਲੈਂਸ ਪੁਰਸਕਾਰ, ਊਨਾ ਲਈ ਮਾਣ ਦਾ ਪਲ

ਊਨਾ, 5 ਨਵੰਬਰ
(ਪੈ.ਗਾਮ-ਏ-ਜਗਤ)

- **ਬਿਲਾਸਪੁਰ ਵਿੱਚ ਆਯੋਜਿਤ ਸਮਾਰੋਹ ਵਿੱਚ ਰਾਜਪਾਲ ਕਵਿੰਦਰ ਗੁਪਤਾ ਨੇ ਕੀਤਾ ਸਨਮਾਨਿਤ, 2021 ਬੈਚ ਦੇ ਆਈ.ਏ.ਐਸ. ਅਧਿਕਾਰੀ ਹਨ ਜਸਵਾਲ**



ਊਨਾ ਦੇ ਵਧੀਕ ਡਿਪਟੀ ਕਮਿਸ਼ਨਰ ਈਸ਼ਾਂਤ ਜਸਵਾਲ ਨੂੰ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਲਾਡਲੀ ਫਾਊਂਡੇਸ਼ਨ ਵੱਲੋਂ ਰਾਸ਼ਟਰੀ ਐਕਸੀਲੈਂਸ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਬੀਤੇ ਕੱਲ੍ਹ ਬਿਲਾਸਪੁਰ ਵਿੱਚ ਆਯੋਜਿਤ ਸਮਾਰੋਹ ਵਿੱਚ ਰਾਜਪਾਲ ਕਵਿੰਦਰ ਗੁਪਤਾ ਨੇ ਉਨ੍ਹਾਂ ਨੂੰ ਇਹ ਪੁਰਸਕਾਰ ਪ੍ਰਦਾਨ ਕੀਤਾ। ਸਮਾਰੋਹ ਵਿੱਚ ਤਕਨੀਕੀ ਸਿੱਖਿਆ ਮੰਤਰੀ ਰਾਜੇਸ਼ ਧਰਮਾਨੀ ਵੀ ਹਾਜ਼ਰ ਰਹੇ।

ਸਾਲ 2021 ਬੈਚ ਦੇ ਹਿਮਾਚਲ ਪ੍ਰਦੇਸ਼ ਕੇਡਰ ਦੇ ਆਈਏਐਸ ਅਧਿਕਾਰੀ ਈਸ਼ਾਂਤ ਜਸਵਾਲ ਮੂਲ ਰੂਪ ਵਿੱਚ ਬਿਲਾਸਪੁਰ ਜ਼ਿਲ੍ਹੇ ਦੇ ਨਿਵਾਸੀ ਹਨ। ਉਨ੍ਹਾਂ ਨੇ ਐਨਆਈਟੀ ਹਮੀਰਪੁਰ ਤੋਂ ਮਕੈਨੀਕਲ ਇੰਜੀਨੀਅਰਿੰਗ ਵਿੱਚ ਬੀਟੈਕ ਕੀਤੀ ਹੈ। ਵਰਤਮਾਨ ਵਿੱਚ ਉਹ ਊਨਾ ਵਿੱਚ ਵਧੀਕ ਡਿਪਟੀ ਕਮਿਸ਼ਨਰ ਦੇ ਅਹੁਦੇ 'ਤੇ ਤਾਇਨਾਤ ਹਨ।

ਜਸਵਾਲ ਨੂੰ ਮਿਲਿਆ ਇਹ ਸਨਮਾਨ ਉਨ੍ਹਾਂ ਦੀਆਂ ਪ੍ਰਸ਼ਾਸਨਿਕ ਸੇਵਾਵਾਂ ਅਤੇ ਕੰਮਾਂ ਦੀ ਪਛਾਣ ਹੈ। ਉਨ੍ਹਾਂ ਦੇ ਸਨਮਾਨਿਤ ਹੋਣ ਨਾਲ ਊਨਾ ਜ਼ਿਲ੍ਹੇ ਦਾ ਮਾਣ ਵੀ ਵਧਿਆ ਹੈ। ਸਮਾਰੋਹ ਵਿੱਚ ਵਧੀਕ ਮੁੱਖ ਸਕੱਤਰ ਓਂਕਾਰ ਸ਼ਰਮਾ, ਆਈਏਐਸ ਅਧਿਕਾਰੀ ਕਿਰਨ ਭੜਾਨਾ, ਐਚਏਐਸ ਅਧਿਕਾਰੀ ਅਪਰਾਜਿਤਾ ਚੰਦੇਲ, ਪੱਤਰਕਾਰ ਸੰਜੀਵ ਸ਼ਰਮਾ ਅਤੇ ਡੀਐਸਪੀ ਰਾਜਕੁਮਾਰ ਸਮੇਤ ਵੱਖ-ਵੱਖ ਖੇਤਰਾਂ ਦੀਆਂ ਕਈ ਪਤਵੰਤੀਆਂ ਹਸਤੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਪੁਲਿਸ ਕਪਤਾਨ ਹਾਂਸੀ ਨੇ ਪੱਤਰਕਾਰਾਂ ਨਾਲ ਕੀਤਾ ਦੀਵਾਲੀ ਮਿਲਣ ਸਮਾਰੋਹ, ਸਾਰਿਆਂ ਨੂੰ ਦਿੱਤੀਆਂ ਤਿਉਹਾਰ ਦੀਆਂ ਸ਼ੁਭਕਾਮਨਾਵਾਂ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਦੀਵਾਲੀ ਤਿਉਹਾਰ ਦੇ ਮੌਕੇ 'ਤੇ ਪੁਲਿਸ ਕਪਤਾਨ ਹਾਂਸੀ ਵਿਨੋਦ ਕੁਮਾਰ ਵੱਲੋਂ ਪੁਲਿਸ ਕਪਤਾਨ ਦਫ਼ਤਰ ਵਿੱਚ ਹਾਂਸੀ ਅਤੇ ਨਾਰਨੌਂਦ ਖੇਤਰ ਦੇ ਪੱਤਰਕਾਰਾਂ ਨਾਲ ਦੀਵਾਲੀ ਮਿਲਣ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਪੁਲਿਸ ਕਪਤਾਨ ਨੇ ਹਾਜ਼ਰ ਸਾਰੇ ਪੱਤਰਕਾਰਾਂ ਨੂੰ ਦੀਵਾਲੀ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਸੁੱਖ, ਖੁਸ਼ਹਾਲੀ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ। ਨਾਲ ਹੀ ਉਨ੍ਹਾਂ ਨੇ ਜ਼ਿਲ੍ਹਾ ਹਾਂਸੀ ਦੀ ਸਮੁੱਚੀ ਜਨਤਾ ਨੂੰ ਵੀ ਦੀਵਾਲੀ ਤਿਉਹਾਰ ਦੀ ਵਧਾਈ ਦਿੱਤੀ।



ਸਮਾਰੋਹ ਦੌਰਾਨ ਪੁਲਿਸ ਕਪਤਾਨ ਵਿਨੋਦ ਕੁਮਾਰ ਨੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਆਪਸੀ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦਾ ਹੈ। ਸਾਰੇ ਨਾਗਰਿਕਾਂ ਨੂੰ ਇਹ ਤਿਉਹਾਰ ਸ਼ਾਂਤੀਪੂਰਨ ਅਤੇ ਸੁਰੱਖਿਅਤ ਮਾਹੌਲ ਵਿੱਚ ਮਨਾਉਣਾ ਚਾਹੀਦਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਤਿਉਹਾਰ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਪਟਾਕਿਆਂ ਦੀ ਵਰਤੋਂ ਸਾਵਧਾਨੀ ਨਾਲ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਕਰਨ। ਵਿਸ਼ੇਸ਼ ਤੌਰ 'ਤੇ ਬੱਚਿਆਂ ਅਤੇ ਬਜ਼ੁਰਗਾਂ ਦੀ ਸੁਰੱਖਿਆ ਦਾ ਧਿਆਨ ਰੱਖਣ। ਪੁਲਿਸ ਕਪਤਾਨ ਨੇ ਕਿਹਾ ਕਿ ਤਿਉਹਾਰਾਂ ਦੌਰਾਨ ਹਾਂਸੀ ਪੁਲਿਸ ਆਮ ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਚੌਕਸ ਰਹਿੰਦੀ ਹੈ। ਪੁਲਿਸ ਦਾ ਯਤਨ ਰਹਿੰਦਾ ਹੈ ਕਿ ਸਾਰੇ ਨਾਗਰਿਕ ਸੁਰੱਖਿਅਤ ਮਾਹੌਲ ਵਿੱਚ ਆਪਣੇ ਤਿਉਹਾਰ ਮਨਾ ਸਕਣ। ਇਸ ਲਈ ਪੁਲਿਸ ਵੱਲੋਂ ਲੋੜੀਂਦੇ ਸੁਰੱਖਿਆ ਅਤੇ ਵਿਵਸਥਾ ਸਬੰਧੀ ਪ੍ਰਬੰਧ ਕੀਤੇ ਜਾਂਦੇ ਹਨ। ਇਸ ਮੌਕੇ 'ਤੇ ਪੁਲਿਸ ਕਪਤਾਨ ਨੇ ਪੱਤਰਕਾਰਾਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਪੁਲਿਸ ਅਤੇ ਮੀਡੀਆ ਵਿਚਕਾਰ ਬਿਹਤਰ ਤਾਲਮੇਲ ਅਤੇ ਸੰਵਾਦ ਨਾਲ ਜਨ ਹਿੱਤ ਨਾਲ ਜੁੜੀਆਂ ਸੂਚਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਿਯੋਗ ਮਿਲਦਾ ਹੈ। ਪੱਤਰਕਾਰ ਆਪਣੀ ਜ਼ਿੰਮੇਵਾਰੀ ਦਾ ਨਿਰਵਾਹ ਕਰਦੇ ਹੋਏ ਸਮਾਜ ਨਾਲ ਜੁੜੇ ਵੱਖ-ਵੱਖ ਵਿਸ਼ਿਆਂ ਨੂੰ ਸਾਹਮਣੇ ਲਿਆਉਂਦੇ ਹਨ। ਦੀਵਾਲੀ ਮਿਲਣ ਸਮਾਰੋਹ ਵਿੱਚ ਡੀਐਸਪੀ ਵਿਨੋਦ ਸ਼ੰਕਰ, ਡੀਐਸਪੀ ਦਿਨੇਸ਼ ਕੁਮਾਰ ਸਮੇਤ ਹਾਂਸੀ ਅਤੇ ਨਾਰਨੌਂਦ ਖੇਤਰ ਦੇ ਪੱਤਰਕਾਰ ਹਾਜ਼ਰ ਰਹੇ।

ਪਟਿਆਲਾ ਦੇ ਪੱਤਰਕਾਰ ਭਾਈਚਾਰੇ ਨਾਲ ਗੁਰਜੀਤ ਸਿੰਘ ਕੋਹਲੀ ਨੇ ਆਪਣੇ ਗ੍ਰਹਿ ਵਿਖੇ ਕੀਤੀ ਨਿੱਘੀ ਮਿਲਣੀ

ਪਟਿਆਲਾ, 5 ਨਵੰਬਰ
(ਪੈ.ਗਾਮ-ਏ-ਜਗਤ)



ਪਟਿਆਲਾ ਦੇਹਾਤੀ ਤੋਂ ਭਾਜਪਾ ਆਗੂ ਸ. ਗੁਰਜੀਤ ਸਿੰਘ ਕੋਹਲੀ ਵੱਲੋਂ ਆਪਣੇ ਗ੍ਰਹਿ ਵਿਖੇ ਪਟਿਆਲਾ ਦੇ ਪੱਤਰਕਾਰ ਭਾਈਚਾਰੇ ਲਈ ਇੱਕ ਵਿਸ਼ੇਸ਼ ਮਿਲਣੀ ਅਤੇ ਦੁਪਹਿਰ ਦੇ ਭੋਜਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਅਖ਼ਬਾਰਾਂ, ਟੈਲੀਵਿਜ਼ਨ ਚੈਨਲਾਂ ਅਤੇ ਡਿਜੀਟਲ ਮੀਡੀਆ ਨਾਲ ਜੁੜੇ ਪੱਤਰਕਾਰ ਸਾਥੀਆਂ ਨੇ ਸ਼ਮੂਲੀਅਤ ਕੀਤੀ।

ਇਸ ਮਿਲਣੀ ਦੌਰਾਨ ਸਾਰੇ ਪੱਤਰਕਾਰ ਸਾਥੀਆਂ ਨੇ ਇਕੱਠੇ ਬੈਠ ਕੇ ਦੁਪਹਿਰ ਦਾ ਭੋਜਨ ਛਕਿਆ ਅਤੇ ਬੜੇ ਹੀ ਨਿੱਘੇ ਤੇ ਖੁਸ਼ਗਵਾਰ ਮਾਹੌਲ ਵਿੱਚ ਆਪਸੀ ਸਾਂਝ, ਭਾਈਚਾਰੇ, ਪਟਿਆਲਾ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸ਼ਹਿਰ ਨਾਲ ਸਬੰਧਤ ਮੁੱਦਿਆਂ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਪੱਤਰਕਾਰ ਭਾਈਚਾਰਾ ਸਮਾਜ ਦਾ ਇੱਕ ਅਹਿਮ ਅੰਗ ਹੈ, ਜੋ ਲੋਕਾਂ ਦੀਆਂ ਸਮੱਸਿਆਵਾਂ, ਉਨ੍ਹਾਂ ਦੀਆਂ ਭਾਵਨਾਵਾਂ ਅਤੇ ਜਨਤਕ ਮਹੱਤਤਾ ਦੇ ਮੁੱਦਿਆਂ ਨੂੰ ਸਾਹਮਣੇ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਨਿੱਘੀ ਅਤੇ ਪਰਿਵਾਰਕ ਸਾਂਝ ਰਹੀ ਹੈ ਅਤੇ ਅਜਿਹੀਆਂ ਗੈਰ-ਰਸਮੀ ਮਿਲਣੀਆਂ ਆਪਸੀ ਵਿਚਾਰਾਂ ਨੂੰ ਸਮਝਣ ਅਤੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਦਾ ਵਧੀਆ ਮੌਕਾ ਹੁੰਦੀਆਂ ਹਨ।

ਕੋਹਲੀ ਨੇ ਕਿਹਾ, "ਅੱਜ ਦੀ ਇਹ ਮਿਲਣੀ ਕਿਸੇ ਰਸਮੀ ਜਾਂ ਸਿਆਸੀ ਪ੍ਰੋਗਰਾਮ ਵਜੋਂ ਨਹੀਂ, ਸਗੋਂ ਆਪਣੇ ਪੱਤਰਕਾਰ ਭਰਾਵਾਂ ਨਾਲ ਪਿਆਰ, ਸਤਿਕਾਰ ਅਤੇ ਭਾਈਚਾਰੇ ਦੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਰੱਖੀ ਗਈ ਸੀ। ਮੇਰੇ ਲਈ ਇਹ ਬਹੁਤ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਸਾਰੇ ਪੱਤਰਕਾਰ ਵੀਰਾਂ ਨੇ ਆਪਣੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਮੇਰੇ ਇੱਕ ਨਿਮਾਣੇ ਜਿਹੇ ਸੱਦੇ ਨੂੰ ਇੰਨਾ ਮਾਣ ਬਖ਼ਸ਼ਿਆ।

ਉਨ੍ਹਾਂ ਅੱਗੇ ਕਿਹਾ ਕਿ ਪਟਿਆਲਾ ਇੱਕ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਵਾਲਾ ਸ਼ਹਿਰ ਹੈ ਅਤੇ ਇਸ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਅਤੇ ਸਮਾਜਿਕ ਗਤੀਵਿਧੀਆਂ ਬਾਰੇ ਨਿਰੰਤਰ ਸੰਵਾਦ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੇ ਵਿਚਾਰ ਅਤੇ ਸੁਝਾਅ ਸਮਾਜ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਹੋਰ ਚੰਗੀ ਤਰ੍ਹਾਂ ਸਮਝਣ ਵਿੱਚ ਸਹਾਇਕ ਹੁੰਦੇ ਹਨ। ਅੰਤ ਵਿੱਚ ਗੁਰਜੀਤ ਸਿੰਘ ਕੋਹਲੀ ਨੇ ਸਮੂਹ ਪੱਤਰਕਾਰ ਭਾਈਚਾਰੇ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਮਿਲਿਆ ਪਿਆਰ ਅਤੇ ਸਤਿਕਾਰ ਉਨ੍ਹਾਂ ਲਈ ਬਹੁਤ ਕੀਮਤੀ ਹੈ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਟਿਆਲਾ ਦੇ ਪੱਤਰਕਾਰ ਭਾਈਚਾਰੇ ਵਿੱਚ ਆਪਸੀ ਪਿਆਰ, ਸਾਂਝ ਅਤੇ ਭਾਈਚਾਰਾ ਹਮੇਸ਼ਾ ਇਸੇ ਤਰ੍ਹਾਂ ਬਣਿਆ ਰਹੇ।

ਸ਼ਹੀਦ ਸਮਾਰਕ ਬਣਾਉਣ ਵਾਲੇ ਅਨਿਲ ਵਿਜ ਨੂੰ ਐਂਟੀ ਟੈਰੋਰਿਸਟ ਫਰੰਟ ਦੇ ਕੌਮੀ ਪ੍ਰਧਾਨ ਵੀਰੇਸ਼ ਸ਼ਾਂਡਿਲਿਆ ਨੇ ਕੀਤਾ ਸਨਮਾਨਿਤ

ਪੈ.ਗਾਮ-ਏ-ਜਗਤ/ਅੰਬਾਲਾ,
5 ਨਵੰਬਰ (ਆਰ.ਸਿੰਘ)

ਸੱਤਵੀਂ ਵੇਰ ਵਿਧਾਇਕ ਅਤੇ ਹਰਿਆਣਾ ਤੀਜੀ ਵੇਰ ਕੈਬਨਿਟ ਮੰਤਰੀ ਬਣੇ ਅਨਿਲ ਵਿਜ ਦਾ ਉਨ੍ਹਾਂ ਵੱਲੋਂ 800 ਕਰੋੜ ਰੁਪਏ ਦੀ ਲਾਗਤ ਨਾਲ ਅੰਬਾਲਾ ਛਾਉਣੀ ਵਿੱਚ ਸ਼ਾਨਦਾਰ ਸ਼ਹੀਦ ਸਮਾਰਕ ਬਣਾਉਣ ਲਈ ਐਂਟੀ ਟੈਰੋਰਿਸਟ ਫਰੰਟ ਦੇ ਕੌਮੀ ਪ੍ਰਧਾਨ ਵੀਰੇਸ਼ ਸ਼ਾਂਡਿਲਿਆ ਨੇ ਸਨਮਾਨਿਤ ਕੀਤਾ, ਉਨ੍ਹਾਂ ਨੂੰ ਭਾਰਤ ਮਾਤਾ ਦਾ ਸੱਚਾ ਪੁੱਤਰ ਕਿਹਾ ਅਤੇ ਸ਼ਹੀਦ ਸਮਾਰਕ ਦੀ ਤਸਵੀਰ ਭੇਟ ਕੀਤੀ। ਵੀਰੇਸ਼ ਸ਼ਾਂਡਿਲਿਆ ਨੇ ਅਨਿਲ ਵਿਜ ਨੂੰ ਇਹ ਸਨਮਾਨ ਰੈਲੀ ਵਾਲੇ ਸਥਾਨ ਛਾਉਣੀ ਦੇ ਗਾਂਧੀ ਮੈਦਾਨ ਵਿੱਚ ਭੇਟ ਕੀਤਾ। ਇਸ ਮੌਕੇ ਉਨ੍ਹਾਂ ਨਾਲ ਫਰੰਟ ਦੇ ਕੌਮੀ ਜਨਰਲ ਸਕੱਤਰ ਨਵਰਤਨ ਗਰਗ, ਬਲਕੇਸ਼ ਵਤਸ, ਰੌਬਿਨ ਧੀਮਾਨ ਅਤੇ ਹੋਰ ਅਹੁਦੇਦਾਰ ਮੌਜੂਦ ਸਨ।



ਵੀਰੇਸ਼ ਸ਼ਾਂਡਿਲਿਆ ਨੇ ਕਿਹਾ ਕਿ ਸ਼ਹੀਦ ਸਮਾਰਕ ਬਣਾ ਕੇ ਅਨਿਲ ਵਿਜ ਨੇ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਵਿਚਾਰਾਂ ਨਾਲ ਜੋੜਨ ਦੀ ਪਹਿਲ ਕੀਤੀ ਹੈ ਤਾਂ ਜੋ ਨੌਜਵਾਨ ਪੀੜ੍ਹੀ ਜਾਣ ਸਕੇ ਕਿ ਦੇਸ਼ ਨੂੰ ਆਜ਼ਾਦੀ ਕਿਵੇਂ ਮਿਲੀ ਅਤੇ ਦੇਸ਼ ਦੇ ਬਹਾਦਰ ਸੈਨਿਕਾਂ ਨੇ ਕਿੰਨੇ ਦੁੱਖ ਝੱਲੇ। ਉਨ੍ਹਾਂ ਕਿਹਾ ਕਿ ਅਨਿਲ ਵਿਜ ਦੇਸ਼ ਦੀ ਅਜ਼ਾਦੀ ਅਤੇ ਹਰਿਆਣਾ ਬਣਨ ਤੋਂ ਲੈ ਕੇ ਹੁਣ ਤੱਕ ਦੇ ਪਹਿਲੇ ਵਿਧਾਇਕ ਅਤੇ ਮੰਤਰੀ ਹਨ ਜਿਨ੍ਹਾਂ ਨੇ 1857 ਦੀ ਕ੍ਰਾਂਤੀ ਦੇ ਬਹਾਦਰ ਸੈਨਿਕਾਂ ਲਈ ਅੰਬਾਲਾ ਵਿੱਚ ਸ਼ਹੀਦ ਸਮਾਰਕ ਬਣਾਇਆ ਹੈ ਜਿਸ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅਨਿਲ ਵਿਜ ਦੀ ਮੌਜੂਦਗੀ ਵਿੱਚ ਦੇਸ਼ ਦੇ 1.4 ਅਰਬ ਲੋਕਾਂ ਨੂੰ ਸਮਰਪਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਯਕੀਨਨ ਇਸ ਸਮਾਰਕ ਨੂੰ ਦੇਖਣ ਤੋਂ ਬਾਅਦ, ਦੇਸ਼ ਦੇ ਲੋਕਾਂ ਦੀਆਂ ਅੱਖਾਂ ਵਿਚ ਹੰਝੂ ਆ ਜਾਣਗੇ ਅਤੇ ਉਹ ਜਾਣ ਸਕਣਗੇ ਕਿ ਆਜ਼ਾਦੀ ਕਿਵੇਂ ਪ੍ਰਾਪਤ ਹੋਈ, ਤਿਰੰਗਾ ਕਿਵੇਂ ਪ੍ਰਾਪਤ ਹੋਇਆ, ਸੰਵਿਧਾਨ ਕਿਵੇਂ ਪ੍ਰਾਪਤ ਹੋਇਆ ਅਤੇ ਭਾਰਤ ਮਾਤਾ ਦੇ ਪੁੱਤਰਾਂ ਨੇ ਕਿੰਨੀਆਂ ਕੁਰਬਾਨੀਆਂ ਦਿੱਤੀਆਂ। ਇਸ ਦੇ ਨਾਲ ਹੀ ਵੀਰੇਸ਼ ਸ਼ਾਂਡਿਲਿਆ ਨੇ ਅਨਿਲ ਵਿਜ ਨੂੰ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ, ਦੇਸ਼ ਭਗਤੀ ਪ੍ਰਤੀ ਸਮਰਪਣ, ਸ਼ਹੀਦ ਸਮਾਰਕ ਦੀ ਉਸਾਰੀ ਅਤੇ ਜਨਹਿਤ ਵਿੱਚ ਕੰਮ ਕਰਨ ਲਈ ਪਦਮਸ਼੍ਰੀ ਦੇਣ ਦੀ ਮੰਗ ਕੀਤੀ ਹੈ ਅਤੇ ਇਸ ਸਬੰਧ ਵਿੱਚ ਵੀਰੇਸ਼ ਸ਼ਾਂਡਿਲਿਆ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਵੀ ਭੇਜਿਆ ਹੈ।

ਅਮਿਤ ਸ਼ਾਹ ਦੀ ਰੈਲੀ ਲਈ ਕਥਿਤ ਸਰਕਾਰੀ ਬੱਸਾਂ ਦੀ ਵਰਤੋਂ ਤੇ ਇਨੈਲੋ ਦੇ ਸੂਬਾ ਤਰਜਮਾਨ ਨੇ ਉਠਾਏ ਸਵਾਲ

ਪੈ.ਗਾਮ-ਏ-ਜਗਤ
ਅੰਬਾਲਾ, 5 ਨਵੰਬਰ (ਆਰ.ਸਿੰਘ)

- **ਦੋ ਦਿਨਾਂ ਦੀਆਂ ਸਕੂਲੀ ਛੁੱਟੀਆਂ ਅਤੇ ਰੈਲੀ ਲਈ ਅਧਿਆਪਕਾਂ ਦੀ ਤਾਇਨਾਤੀ ਸਿੱਖਿਆ ਪ੍ਰਣਾਲੀ ਨਾਲ ਸਮਝੌਤਾ ਕਰਦੀ ਹੈ: ਉਂਕਾਰ ਸਿੰਘ**

ਇੰਡੀਅਨ ਨੈਸ਼ਨਲ ਲੋਕ ਦਲ ਦੇ ਸੂਬਾ ਤਰਜਮਾਨ ਉਂਕਾਰ ਸਿੰਘ ਨੇ ਹਰਿਆਣਾ ਸਰਕਾਰ 'ਤੇ ਸ਼ਹੀਦਾਂ ਦੇ ਸਮਾਰਕ ਦੇ ਉਦਘਾਟਨ ਸਮਾਰੋਹ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਦੇ ਆਯੋਜਨ ਵਿੱਚ ਸਰਕਾਰੀ ਮਸ਼ੀਨਰੀ ਦੀ ਕਥਿਤ ਦੁਰਵਰਤੋਂ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਸਮਾਗਮ ਲਈ ਲਗਭਗ 1,100 ਸਰਕਾਰੀ ਰੋਡਵੇਜ਼ ਬੱਸਾਂ ਦੀ ਵਰਤੋਂ ਕੀਤੀ ਗਈ। ਰੈਲੀ ਲਈ ਇੰਨੀ ਵੱਡੀ ਗਿਣਤੀ ਵਿੱਚ ਸਰਕਾਰੀ ਬੱਸਾਂ ਦੀ ਤਾਇਨਾਤੀ ਨਾਲ ਆਮ ਯਾਤਰੀਆਂ ਨੂੰ ਕਾਫ਼ੀ ਅਸੁਵਿਧਾ ਹੋਈ ਹੈ । ਆਮ ਆਦਮੀ ਨੂੰ ਆਪਣੀ ਮੰਜ਼ਿਲ ਤੱਕ ਪਹੁੰਚਣ ਲਈ ਬੱਸਾਂ ਦੀ ਘਾਟ ਅਤੇ ਆਵਾਜਾਈ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।



ਉਂਕਾਰ ਸਿੰਘ ਨੇ ਕਿਹਾ ਕਿ ਚਿੰਤਾ ਸਿਰਫ਼ ਸਰਕਾਰੀ ਬੱਸਾਂ ਦੀ ਵਰਤੋਂ ਤੱਕ ਸੀਮਤ ਨਹੀਂ ਹੈ; ਇਸ ਸਮਾਗਮ ਨੇ ਬੱਚਿਆਂ ਦੀ ਸਿੱਖਿਆ ਨੂੰ ਵੀ ਪ੍ਰਭਾਵਿਤ ਕੀਤਾ ਹੈ। ਰੈਲੀ ਦੇ ਆਯੋਜਨ ਦੇ ਨਾਮ 'ਤੇ, ਬਹੁਤ ਸਾਰੇ ਸਕੂਲ ਦੋ ਦਿਨਾਂ ਲਈ ਬੰਦ ਰੱਖਣੇ ਪਏ ਅਤੇ ਅਧਿਆਪਕਾਂ ਨੂੰ ਬੱਚਿਆਂ ਨੂੰ ਰੈਲੀ ਵਾਲੀ ਥਾਂ 'ਤੇ ਲਿਜਾਉਣ ਲਈ ਵੀ ਨਿਯੁਕਤ ਕੀਤਾ ਗਿਆ ਸੀ। ਸਵਾਲ ਇਹ ਹੈ ਕਿ ਕੀ ਰਾਜ ਦੀ ਸਿੱਖਿਆ ਪ੍ਰਣਾਲੀ ਇੰਨੀ ਕਮਜ਼ੋਰ ਹੈ ਕਿ ਰਾਜਨੀਤਿਕ ਰੈਲੀ ਲਈ ਸਕੂਲ ਦੀਆਂ ਕਲਾਸਾਂ ਨੂੰ ਰੋਕਿਆ ਜਾਵੇ ਅਤੇ ਅਧਿਆਪਕਾਂ ਨੂੰ ਭੀੜ ਇਕੱਠੀ ਕਰਨ ਦਾ ਕੰਮ ਸੌਂਪਣ ਲਈ ਉਨ੍ਹਾਂ ਦੀਆਂ ਮੁੱਖ ਜ਼ਿੰਮੇਵਾਰੀਆਂ ਤੋਂ ਹਟਾ ਦਿੱਤਾ ਜਾਵੇ?

ਉਨ੍ਹਾਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ। ਨਿਯਮਤ ਸਕੂਲਿੰਗ ਉਨ੍ਹਾਂ ਦੇ ਬੌਧਿਕ ਵਿਕਾਸ, ਅਨੁਸ਼ਾਸਨ ਅਤੇ ਭਵਿੱਖ ਲਈ ਬਹੁਤ ਜ਼ਰੂਰੀ ਹੈ। ਰਾਜਨੀਤਿਕ ਘਟਨਾਵਾਂ ਕਾਰਨ ਪੜ੍ਹਾਈ ਵਿੱਚ ਵਾਰ-ਵਾਰ ਵਿਘਨ ਬੱਚਿਆਂ ਦੇ ਪਾਠਕ੍ਰਮ ਨੂੰ ਪ੍ਰਭਾਵਿਤ ਕਰਦੇ ਹਨ, ਉਨ੍ਹਾਂ ਦੀ ਅਕਾਦਮਿਕ ਨਿਰੰਤਰਤਾ ਨੂੰ ਵਿਗਾੜਦੇ ਹਨ ਅਤੇ ਇੱਥੋਂ ਤੱਕ ਕਿ ਅਧਿਆਪਕਾਂ ਲਈ ਉਨ੍ਹਾਂ ਦੇ ਨਿਰਧਾਰਿਤ ਅਕਾਦਮਿਕ ਕੰਮ ਨੂੰ ਪੂਰਾ ਕਰਨਾ ਮੁਸ਼ਕਲ ਬਣਾਉਂਦੇ ਹਨ। ਜਿਨ੍ਹਾਂ ਨੂੰ ਸਕੂਲਾਂ ਵਿੱਚ ਬਿਹਤਰ ਸਿੱਖਿਆ, ਵਿਗਿਆਨਕ ਸੋਚ ਅਤੇ ਸਵਾਲ ਪੁੱਛਣ ਦੀ ਯੋਗਤਾ ਵਿਕਸਤ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ, ਉਹ ਰਾਜਨੀਤਿਕ ਸਮਾਗਮਾਂ ਦੇ ਸੰਗਠਨ ਵਿੱਚ ਉਲਝੇ ਹੋਏ ਹਨ।

ਉਂਕਾਰ ਸਿੰਘ ਨੇ ਵਿਅੰਗ ਨਾਲ ਕਿਹਾ ਕਿ ਅਜਿਹਾ ਲਗਦਾ ਹੈ ਕਿ ਸਰਕਾਰ ਸਿੱਖਿਆ ਪ੍ਰਣਾਲੀ ਨੂੰ ਬਿਹਤਰ ਬਣਾਉਣ ਨਾਲੋਂ ਆਪਣੀਆਂ ਰੈਲੀਆਂ ਆਯੋਜਿਤ ਕਰਨ ਵਿੱਚ ਵਧੇਰੇ ਦਿਲਚਸਪੀ ਰੱਖਦੀ ਹੈ। ਸਿੱਖਿਆ ਦਾ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ, ਤਰਕਸ਼ੀਲ ਅਤੇ ਸੁਚੇਤ ਨਾਗਰਿਕਾਂ ਵਿੱਚ ਵਿਕਸਤ ਕਰਨਾ ਹੈ ਨਾ ਕਿ ਉਨ੍ਹਾਂ ਨੂੰ ਰਾਜਨੀਤਿਕ ਪਾਰਟੀ ਦੇ ਸਮਾਗਮਾਂ ਵਿੱਚ ਭੀੜ ਦਾ ਹਿੱਸਾ ਬਣਾਉਣਾ। ਉਨ੍ਹਾਂ ਕਿਹਾ ਕਿ ਸ਼ਹੀਦ ਸਮਾਰਕ ਦਾ ਉਦਘਾਟਨ ਇੱਕ ਸਰਕਾਰੀ ਸਮਾਗਮ ਸੀ ਪਰ ਜਿਸ ਤਰ੍ਹਾਂ ਇਸ ਨੂੰ ਭਾਜਪਾ ਦੀ ਰੈਲੀ ਨਾਲ ਜੋੜਿਆ ਗਿਆ ਅਤੇ ਸਰਕਾਰੀ ਸਰੋਤਾਂ ਦੀ ਵਰਤੋਂ ਕੀਤੀ ਗਈ, ਉਸ ਤੋਂ ਸੁਭਾਵਿਕ ਤੌਰ 'ਤੇ ਇਹ ਸਵਾਲ ਉੱਠਦਾ ਹੈ:ਕੀ ਇੱਕ ਸਰਕਾਰੀ ਸਮਾਗਮ ਨੂੰ ਕਥਿਤ ਤੌਰ ਤੇ ਭਾਜਪਾ ਦੇ ਰਾਜਨੀਤਿਕ ਸਮਾਗਮ ਵਿੱਚ ਬਦਲ ਦਿੱਤਾ ਗਿਆ ਸੀ?

ਰਕਾਰੀ ਬੱਸਾਂ, ਸਰਕਾਰੀ ਕਰਮਚਾਰੀ, ਸਕੂਲ ਅਤੇ ਅਧਿਆਪਕ ਕਿਸ ਦੇ ਹੁਕਮਾਂ 'ਤੇ ਵਰਤੇ ਗਏ ? ਉਂਕਾਰ ਸਿੰਘ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਸਿੱਧੇ ਸਵਾਲ ਪੁੱਛੇ ਹਨ ਕਿ ਰੈਲੀ ਲਈ ਲਗਭਗ 1,100 ਸਰਕਾਰੀ ਰੋਡਵੇਜ਼ ਬੱਸਾਂ ਦੀ ਤਾਇਨਾਤੀ ਦਾ ਹੁਕਮ ਕਿਸ ਅਧਿਕਾਰੀ ਜਾਂ ਵਿਭਾਗ ਨੇ ਦਿੱਤਾ ਸੀ? ਕੀ ਇਨ੍ਹਾਂ ਬੱਸਾਂ ਦੀ ਵਰਤੋਂ ਲਈ ਰੋਡਵੇਜ਼ ਵਿਭਾਗ ਨੂੰ ਨਿਰਧਾਰਿਤ ਕਿਰਾਇਆ ਅਤੇ ਹੋਰ ਖ਼ਰਚੇ ਅਦਾ ਕੀਤੇ ਗਏ? ਜੇ ਭੁਗਤਾਨ ਕੀਤਾ ਗਿਆ ਸੀ ਤਾਂ ਸਰਕਾਰੀ ਖ਼ਜ਼ਾਨੇ ਜਾਂ ਭਾਜਪਾ ਪ੍ਰਬੰਧਕਾਂ ਦੁਆਰਾ ਜਮਾਂ ਕੀਤੀ ਗਈ ਕੁੱਲ ਰਕਮ ਕਿੰਨੀ ਸੀ? ਜੇ ਬੱਸਾਂ ਬਿਨਾਂ ਭੁਗਤਾਨ ਦੇ ਮੁਹੱਈਆ ਕਰਵਾਈਆਂ ਗਈਆਂ ਤਾਂ ਸਰਕਾਰੀ ਟਰਾਂਸਪੋਰਟ ਨਿਗਮ ਦੁਆਰਾ ਹੋਏ ਵਿੱਤੀ ਨੁਕਸਾਨ ਦੀ ਜ਼ਿੰਮੇਵਾਰੀ ਕੌਣ ਲਵੇਗਾ? ਉਨ੍ਹਾਂ ਇਹ ਵੀ ਸਵਾਲ ਕੀਤਾ ਹੈ ਕਿ ਰੈਲੀ ਲਈ ਸਕੂਲ ਛੁੱਟੀਆਂ ਅਤੇ ਅਧਿਆਪਕਾਂ ਦੀ ਡਿਊਟੀ ਦਾ ਹੁਕਮ ਕਿਸ ਨੇ ਦਿੱਤਾ ਸੀ?

ਉਂਕਾਰ ਸਿੰਘ ਨੇ ਮੰਗ ਕੀਤੀ ਹੈ ਕਿ ਸਰਕਾਰ ਇਸ ਪੂਰੇ ਮਾਮਲੇ ਵਿੱਚ ਸਰਕਾਰੀ ਸਰੋਤਾਂ ਦੇ ਖ਼ਰਚੇ ਅਤੇ ਵਰਤੋਂ ਦੇ ਪੂਰੇ ਵੇਰਵੇ ਜਨਤਕ ਕਰੇ ਅਤੇ ਨਿਰਪੱਖ ਜਾਂਚ ਕਰੇ।

ਸੰਗਰੂਰ ਵਿੱਚ ਕਣਕ ਦੀ ਫ਼ਸਲ 'ਤੇ ਗ੍ਰੀਨ ਅਮੋਨੀਆ ਤਕਨੀਕ ਦਾ ਪ੍ਰਦਰਸ਼ਨ ਸ਼ੁਰੂ

- **ਯੂਰੀਆ ਦੇ ਸੰਭਾਵੀ ਬਦਲ ਵਜੋਂ ਵਿਕਸਤ ਕਰਨ ਦੀ ਪਹਿਲ**

ਸੰਗਰੂਰ, 5 ਨਵੰਬਰ
(ਪੈ.ਗਾਮ-ਏ-ਜਗਤ)



ਸੰਗਰੂਰ ਜ਼ਿਲ੍ਹੇ ਵਿੱਚ ਕਣਕ ਦੀ ਫ਼ਸਲ 'ਤੇ ਗ੍ਰੀਨ ਅਮੋਨੀਆ ਤਕਨੀਕ ਦਾ ਪ੍ਰਯੋਗਾਤਮਕ ਪ੍ਰਦਰਸ਼ਨ ਸ਼ੁਰੂ ਕੀਤਾ ਗਿਆ ਹੈ। ਇਸ ਤਹਿਤ ਲਗਭਗ 300 ਏਕੜ ਰਕਬੇ ਨੂੰ ਕਵਰ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਹ ਪਹਿਲ ਭਾਰਤੀ ਖੇਤੀ ਖੋਜ ਪ੍ਰੀਸ਼ਦ ਦੇ ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ (ਅਟਾਰੀ), ਜ਼ੋਨ-1, ਲੁਧਿਆਣਾ ਅਤੇ ਪੀਏਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਹੈ। 4 ਨਵੰਬਰ, 2026 ਤੱਕ 94 ਏਕੜ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਕੀਤੀ ਜਾ ਚੁੱਕੀ ਹੈ।

ਇਸ ਪ੍ਰੋਜੈਕਟ ਦਾ ਉਦੇਸ਼ ਗ੍ਰੀਨ ਅਮੋਨੀਆ ਨੂੰ ਯੂਰੀਆ ਦੇ ਸੰਭਾਵੀ ਬਦਲ ਵਜੋਂ ਵਿਗਿਆਨਕ ਢੰਗ ਨਾਲ ਪਰਖਣਾ, ਨਾਈਟ੍ਰੋਜਨ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕਰਨਾ ਅਤੇ ਮਿੱਟੀ ਦੀ ਸਿਹਤ ਦੀ ਸੰਭਾਲ ਕਰਨਾ ਹੈ। ਇਸ ਪ੍ਰੋਗਰਾਮ ਦੀ ਸ਼ੁਰੂਆਤ 24 ਅਕਤੂਬਰ ਨੂੰ ਪਿੰਡ ਬਿਜਲਪੁਰ ਤੋਂ ਕੀਤੀ ਗਈ ਸੀ।

ਇਸ ਤਕਨੀਕ ਤਹਿਤ ਵਿਸ਼ੇਸ਼ ਮਸ਼ੀਨ ਰਾਹੀਂ ਗ੍ਰੀਨ ਅਮੋਨੀਆ ਨੂੰ ਜ਼ਮੀਨ ਦੀ ਸਤ੍ਹਾ ਤੋਂ ਲਗਭਗ 15 ਸੈਂਟੀਮੀਟਰ ਹੇਠਾਂ ਪਹੁੰਚਾਇਆ ਜਾਂਦਾ ਹੈ, ਤਾਂ ਜੋ ਨਾਈਟ੍ਰੋਜਨ ਦੀ ਪ੍ਰਭਾਵਸ਼ਾਲੀ ਵਰਤੋਂ ਹੋ ਸਕੇ। ਇਸ ਦੀ ਉਪਯੋਗਤਾ, ਨਾਈਟ੍ਰੋਜਨ ਉਪਲੱਬਧ ਕਰਵਾਉਣ ਦੀ ਸਮਰੱਥਾ ਅਤੇ ਫ਼ਸਲ ਦੇ ਵਾਧੇ ਤੇ ਝਾੜ ਉੱਤੇ ਪੈਣ ਵਾਲੇ ਪ੍ਰਭਾਵ ਦਾ ਵਿਗਿਆਨਕ ਮੁਲਾਂਕਣ ਕੀਤਾ ਜਾ ਰਿਹਾ ਹੈ। ਅਟਾਰੀ ਜ਼ੋਨ-1, ਲੁਧਿਆਣਾ ਦੇ ਨਿਰਦੇਸ਼ਕ ਡਾ. ਪਰਵਿੰਦਰ ਸ਼ਿਓਰਾਨ ਨੇ ਕਿਹਾ ਕਿ ਖੇਤੀਬਾੜੀ ਵਿੱਚ ਨਾਈਟ੍ਰੋਜਨ ਦੀ ਵਧਦੀ ਲੋੜ ਨੂੰ ਦੇਖਦਿਆਂ ਖਾਦ ਪ੍ਰਬੰਧਨ ਦੇ ਨਵੇਂ ਅਤੇ ਬਦਲਵੇਂ ਤਰੀਕੇ ਵਿਕਸਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਗ੍ਰੀਨ ਅਮੋਨੀਆ ਰਾਹੀਂ ਫ਼ਸਲਾਂ ਨੂੰ ਨਾਈਟ੍ਰੋਜਨ ਮੁਹੱਈਆ ਕਰਵਾਉਣ ਦੀਆਂ ਸੰਭਾਵਨਾਵਾਂ ਬਾਰੇ ਖੋਜ ਅਤੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਵਿਗਿਆਨਕ ਪ੍ਰਯੋਗਾਂ ਦੇ ਨਤੀਜੇ ਸਹੀ ਰਹਿਣ 'ਤੇ ਇਹ ਤਕਨੀਕ ਭਵਿੱਖ ਵਿੱਚ ਯੂਰੀਆ ਉੱਤੇ ਨਿਰਭਰਤਾ ਘਟਾਉਣ ਵਿੱਚ ਸਹਾਇਕ ਹੋ ਸਕਦੀ ਹੈ। ਪੀਏਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਇੰਚਾਰਜ ਡਾ. ਮਨਦੀਪ ਸਿੰਘ ਨੇ ਕਿਹਾ ਕਿ ਟਿਕਾਊ ਖੇਤੀ ਲਈ ਫ਼ਸਲਾਂ ਦਾ ਉਤਪਾਦਨ ਵਧਾਉਣ ਦੇ ਨਾਲ ਮਿੱਟੀ ਦੀ ਸਿਹਤ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵੀ ਜ਼ਰੂਰੀ ਹੈ।

ਇਸ ਮੌਕੇ ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ ਅਤੇ ਡਾ. ਸੁਨੀਲ ਕੁਮਾਰ ਨੇ ਕਿਸਾਨਾਂ ਨੂੰ 'ਖੇਤ ਬਚਾਓ ਮੁਹਿੰਮ' ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ 'ਤੇ ਜ਼ੋਰ ਦਿੱਤਾ। ਇਸ ਮੌਕੇ ਅਟਾਰੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਵਿਗਿਆਨੀ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਡੇਰਾਬੱਸੀ ਹਲਕੇ ਦੇ ਛੇ ਪਿੰਡਾਂ ਵਿੱਚ 1.51 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਮੁੱਖ ਮੰਤਰੀ ਖੇਡ ਸਟੇਡੀਅਮ ਜਨਤਾ ਨੂੰ ਸਮਰਪਿਤ

ਪੈ.ਗਾਮ-ਏ-ਜਗਤ/ਡੇਰਾਬੱਸੀ/ਲਾਲੜੂ
5 ਨਵੰਬਰ (ਸੰਜੀਵ ਸਿੰਘ ਸੈਣੀ)

ਡੇਰਾਬੱਸੀ ਹਲਕੇ ਦੇ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਹਲਕਾ ਵਿਧਾਇਕ ਸਰਦਾਰ ਕੁਲਜੀਤ ਸਿੰਘ ਰੰਧਾਵਾ ਨੇ ਅੱਜ ਹਲਕੇ ਦੇ ਛੇ ਪਿੰਡਾਂ ਵਿੱਚ 1 ਕਰੋੜ 51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਮੁੱਖ ਮੰਤਰੀ ਖੇਡ ਸਟੇਡੀਅਮਾਂ ਦਾ ਉਦਘਾਟਨ ਕਰ ਇਨ੍ਹਾਂ ਨੂੰ ਜਨਤਾ ਨੂੰ ਸਮਰਪਿਤ ਕੀਤਾ। ਇਸ ਮੌਕੇ 'ਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਵੀ ਵੰਡੀਆਂ ਗਈਆਂ।

- **ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕੀਤਾ ਉਦਘਾਟਨ, ਨੌਜਵਾਨਾਂ ਨੂੰ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਵੀ ਵੰਡੀਆਂ**



ਇਸ ਮੌਕੇ 'ਤੇ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਪਿੰਡ ਬੋਹੜਾ ਵਿੱਚ 32 ਲੱਖ ਰੁਪਏ, ਰਾਜੋਮਾਜਰਾ ਵਿੱਚ 30 ਲੱਖ ਰੁਪਏ, ਮੀਰਪੁਰਾ ਵਿੱਚ 5 ਲੱਖ ਰੁਪਏ, ਮੀਆਂਪੁਰ ਵਿੱਚ 32 ਲੱਖ ਰੁਪਏ, ਸਮਗੋਲੀ ਵਿੱਚ 22 ਲੱਖ ਰੁਪਏ ਅਤੇ ਸੁੰਡਰਾਂ ਵਿੱਚ 30 ਲੱਖ ਰੁਪਏ ਦੀ ਲਾਗਤ ਨਾਲ ਇਹ ਖੇਡ ਸਟੇਡੀਅਮ ਤਿਆਰ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੈਦਾਨਾਂ ਵਿੱਚ ਖਿਡਾਰੀਆਂ ਦੀ ਸਹੂਲਤ ਲਈ ਪਖਾਨੇ, ਚੇਨ ਲਿੰਕ ਫੈਂਸਿੰਗ, ਬੋਰਵੈੱਲ, ਹਾਈਡ?ਰੈਂਟ ਅਤੇ ਸਪ੍ਰਿੰਕਲਰ ਸਿਸਟਮ, ਬੈਠਣ ਲਈ ਬੈਂਚ, ਹਾਈ ਮਾਸਟ ਲਾਈਟਾਂ ਅਤੇ ਬੋਲਾਰਡ ਲਾਈਟਾਂ ਸਮੇਤ ਵੱਖ-ਵੱਖ ਆਧੁਨਿਕ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਵੀ ਦਿੱਤੀਆਂ ਗਈਆਂ, ਤਾਂ ਜੋ ਉਹ ਇਨ੍ਹਾਂ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈ ਸਕਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣ।

ਇਸ ਮੌਕੇ 'ਤੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਬਣਾਉਣ ਅਤੇ ਨਸ਼ੇ ਤੋਂ ਦੂਰ ਰੱਖਣ ਲਈ ਲਗਾਤਾਰ ਯਤਨ ਕਰ ਰਹੀ ਹੈ। ਪਿੰਡਾਂ ਵਿੱਚ ਆਧੁਨਿਕ ਖੇਡ ਸਟੇਡੀਅਮਾਂ ਦਾ ਨਿਰਮਾਣ ਅਤੇ ਖੇਡ ਕਿੱਟਾਂ ਦੀ ਵੰਡ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਦੇ ਹਨ। ਸਰਕਾਰ ਦਾ ਉਦੇਸ਼ ਹੈ ਕਿ ਪੇਂਡੂ ਖੇਤਰਾਂ ਦੇ ਖਿਡਾਰੀਆਂ ਨੂੰ ਵੀ ਬਿਹਤਰ ਖੇਡ ਸਹੂਲਤਾਂ ਉਨ੍ਹਾਂ ਦੇ ਆਪਣੇ ਪਿੰਡਾਂ ਵਿੱਚ ਹੀ ਉਪਲਬਧ ਹੋਣ, ਤਾਂ ਜੋ ਉਹ ਰਾਜ ਅਤੇ ਦੇਸ਼ ਦਾ ਨਾਂ ਰੌਸ਼ਨ ਕਰ ਸਕਣ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਡੇਰਾਬੱਸੀ ਹਲਕੇ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਤਰਜੀਹ ਦੇ ਆਧਾਰ 'ਤੇ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਗਤੀ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਨੇ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡ ਸਟੇਡੀਅਮਾਂ ਅਤੇ ਉਪਲਬਧ ਕਰਵਾਈਆਂ ਗਈਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਇਨ੍ਹਾਂ ਦੀ ਦੇਖਭਾਲ ਵਿੱਚ ਵੀ ਆਪਣਾ ਯੋਗਦਾਨ ਦੇਣ।

ਇਸ ਮੌਕੇ 'ਤੇ ਸਬੰਧਤ ਪਿੰਡਾਂ ਦੇ ਪੰਚ-ਸਰਪੰਚ, ਬਲਾਕ ਕਮੇਟੀ ਮੈਂਬਰ, ਬਲਾਕ ਪ੍ਰਧਾਨ, ਪੰਚਾਇਤ ਵਿਭਾਗ ਦੇ ਅਧਿਕਾਰੀ, ਪਿੰਡ ਵਾਸੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਰਹੇ।

ਕਟਾਰੀਆ ਗੋਤਰ ਦਾ ਸਾਲਾਨਾ ਮੇਲਾ 9 ਨਵੰਬਰ ਨੂੰ ਮਨਾਇਆ ਜਾਵੇਗਾ : ਧਰਮਪਾਲ ਕਟਾਰੀਆ

ਪੈ.ਗਾਮ-ਏ-ਜਗਤ/ਬਲਾਚੌਰ, 5 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਕਟਾਰੀਆ ਗੋਤਰ ਸਭਾ ਵੱਲੋਂ ਕਟਾਰੀਆ ਗੋਤਰ ਦਾ ਸਾਲਾਨਾ ਮੇਲਾ ਮਿਤੀ 09-11-2026 ਦਿਨ ਸੋਮਵਾਰ ਨੂੰ ਮਨਾਇਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕਟਾਰੀਆ ਗੋਤਰ ਸਭਾ ਦੇ ਸਕੱਤਰ ਧਰਮਪਾਲ ਕਟਾਰੀਆ ਨੇ ਦੱਸਿਆ ਕਿ ਇਹ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੂਰੀ ਸ਼ਰਧਾ ਅਤੇ ਭਾਈਚਾਰਕ ਸਾਂਝ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਸਮੂਹ ਕਟਾਰੀਆ ਗੋਤਰ ਦੇ ਪਰਿਵਾਰਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਮੇਲੇ ਵਿੱਚ ਪਹੁੰਚ ਕੇ ਮੇਲੇ ਦੀ ਰੌਣਕ ਨੂੰ ਵਧਾਉਣ।



ਧਰਮਪਾਲ ਕਟਾਰੀਆ ਨੇ ਕਿਹਾ ਕਿ ਅਜਿਹੇ ਮੇਲੇ ਗੋਤਰ ਦੇ ਲੋਕਾਂ ਨੂੰ ਆਪਸ ਵਿੱਚ ਜੋੜਦੇ ਹਨ, ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਅਤੇ ਪਰਿਵਾਰਕ ਸਾਂਝ ਨਾਲ ਜੋੜਦੇ ਹਨ ਅਤੇ ਆਪਸੀ ਪਿਆਰ ਤੇ ਭਾਈਚਾਰੇ ਨੂੰ ਹੋਰ ਮਜ਼ਬੂਤ ਕਰਦੇ ਹਨ।

ਉਨ੍ਹਾਂ ਕਿਹਾ ਕਿ ਮੇਲੇ ਵਿੱਚ ਪਹੁੰਚਣ ਵਾਲੇ ਸਾਰੇ ਪਰਿਵਾਰਾਂ ਦਾ ਸਭਾ ਵੱਲੋਂ ਨਿੱਘਾ ਸਵਾਗਤ ਕੀਤਾ ਜਾਵੇਗਾ।

ਦੀਵਾਲੀ ਅਤੇ ਬੰਦੀ ਛੋੜ ਦਿਵਸ: ਆਜ਼ਾਦੀ, ਕੁਰਬਾਨੀ ਅਤੇ ਮਨੁੱਖਤਾ ਦੀ ਰੌਸ਼ਨੀ



ਡਾ. ਵਿਜੈ ਗਰਗ
ਸੇਵਾਮੁਕਤ ਪ੍ਰਿੰਸੀਪਲ, ਮਲੋਟ, ਪੰਜਾਬ

ਭਾਰਤ ਤਿਉਹਾਰਾਂ ਅਤੇ ਅਮੀਰ ਸੱਭਿਆਚਾਰਕ ਪਰੰਪਰਾਵਾਂ ਦਾ ਦੇਸ਼ ਹੈ। ਇੱਥੇ ਹਰ ਤਿਉਹਾਰ ਆਪਣੇ ਨਾਲ ਇਤਿਹਾਸ, ਆਸਥਾ, ਸਮਾਜਿਕ ਕਦਰਾਂ-ਕੀਮਤਾਂ ਅਤੇ ਮਨੁੱਖੀ ਪ੍ਰੇਰਣਾ ਦਾ ਸੰਦੇਸ਼ ਲੈ ਕੇ ਆਉਂਦਾ ਹੈ। ਦੀਵਾਲੀ ਅਜਿਹਾ ਹੀ ਇੱਕ ਮਹੱਤਵਪੂਰਨ ਤਿਉਹਾਰ ਹੈ, ਜੋ ਹਨੇਰੇ ਉੱਤੇ ਰੌਸ਼ਨੀ, ਬੁਰਾਈ ਉੱਤੇ ਚੰਗਿਆਈ ਅਤੇ ਨਿਰਾਸ਼ਾ ਉੱਤੇ ਆਸ ਦੀ ਜਿੱਤ ਦਾ ਪ੍ਰਤੀਕ ਹੈ। ਪੰਜਾਬ ਵਿੱਚ ਦੀਵਾਲੀ ਦਾ ਸਬੰਧ ਸਿੱਖ ਇਤਿਹਾਸ ਦੇ ਮਹਾਨ ਤਿਉਹਾਰ ਬੰਦੀ ਛੋੜ ਦਿਵਸ ਨਾਲ ਵੀ ਜੁੜਿਆ ਹੋਇਆ ਹੈ। ਇਹ ਦਿਨ ਕੇਵਲ ਦੀਵੇ ਜਗਾਉਣ ਅਤੇ ਖੁਸ਼ੀਆਂ ਮਨਾਉਣ ਦਾ ਮੌਕਾ ਨਹੀਂ, ਸਗੋਂ ਆਜ਼ਾਦੀ, ਤਿਆਗ, ਨਿਆਂ ਅਤੇ ਮਨੁੱਖਤਾ ਪ੍ਰਤੀ ਸਮਰਪਣ ਨੂੰ ਯਾਦ ਕਰਨ ਦਾ ਦਿਨ ਵੀ ਹੈ।

ਬੰਦੀ ਛੋੜ ਦਿਵਸ ਦਾ ਇਤਿਹਾਸਕ ਮਹੱਤਵ

ਸਿੱਖ ਇਤਿਹਾਸ ਵਿੱਚ ਬੰਦੀ ਛੋੜ ਦਿਵਸ ਦਾ ਵਿਸ਼ੇਸ਼ ਸਥਾਨ ਹੈ। ਇਹ ਦਿਨ ਛੇਵੇਂ ਸਿੱਖ ਗੁਰੂ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਈ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਸਿੱਖ ਇਤਿਹਾਸਕ ਪਰੰਪਰਾਵਾਂ ਅਨੁਸਾਰ, ਗੁਰੂ ਸਾਹਿਬ ਨੂੰ ਮੁਗਲ ਬਾਦਸ਼ਾਹ ਜਹਾਂਗੀਰ ਦੇ ਸ਼ਾਸਨਕਾਲ ਦੌਰਾਨ ਗਵਾਲੀਅਰ ਦੇ ਕਿਲ੍ਹੇ ਵਿੱਚ ਨਜ਼ਰਬੰਦ ਰੱਖਿਆ ਗਿਆ ਸੀ। ਉਸ ਸਮੇਂ ਉੱਥੇ ਕਈ ਹਿੰਦੂ ਰਾਜੇ ਵੀ ਕੈਦ ਸਨ।

ਜਦੋਂ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਰਿਹਾਈ ਦਾ ਸਮਾਂ ਆਇਆ ਤਾਂ ਉਨ੍ਹਾਂ ਨੇ ਕੇਵਲ ਆਪਣੀ ਆਜ਼ਾਦੀ ਸਵੀਕਾਰ ਕਰਨ ਦੀ ਬਜਾਏ ਹੋਰ ਕੈਦੀ ਰਾਜਿਆਂ ਦੀ ਰਿਹਾਈ ਦੀ ਵੀ ਮੰਗ ਕੀਤੀ। ਸਿੱਖ ਪਰੰਪਰਾ ਅਨੁਸਾਰ, ਗੁਰੂ ਸਾਹਿਬ ਨੇ 52 ਰਾਜਿਆਂ ਨੂੰ ਆਪਣੇ ਨਾਲ ਆਜ਼ਾਦ ਕਰਵਾਇਆ। ਇਸ ਮਹਾਨ ਕਾਰਜ ਕਰਕੇ ਉਨ੍ਹਾਂ ਨੂੰ 'ਬੰਦੀ ਛੋੜ ਦਾਤਾ' ਦੇ ਨਾਮ ਨਾਲ ਸਤਿਕਾਰਿਆ ਜਾਂਦਾ ਹੈ।

ਇਹ ਇਤਿਹਾਸਕ ਘਟਨਾ ਮਨੁੱਖਤਾ, ਨਿਰਸਵਾਰਥ ਸੇਵਾ ਅਤੇ ਦੂਜਿਆਂ ਦੀ ਆਜ਼ਾਦੀ ਲਈ ਸੰਘਰਸ਼ ਕਰਨ ਦੀ ਮਹਾਨ ਮਿਸਾਲ ਬਣ ਗਈ। ਗੁਰੂ ਸਾਹਿਬ ਨੇ ਇਹ ਸੰਦੇਸ਼ ਦਿੱਤਾ ਕਿ ਸੱਚੀ ਆਜ਼ਾਦੀ ਕੇਵਲ ਆਪਣੇ ਆਪ ਨੂੰ ਬੰਧਨਾਂ ਤੋਂ ਮੁਕਤ ਕਰਵਾਉਣ ਵਿੱਚ ਨਹੀਂ, ਸਗੋਂ ਦੂਜਿਆਂ ਨੂੰ ਵੀ ਅਨਿਆਂ ਅਤੇ ਜ਼ੁਲਮ ਤੋਂ ਮੁਕਤ ਕਰਵਾਉਣ ਵਿੱਚ ਹੈ।

ਦੀਵਾਲੀ ਅਤੇ ਬੰਦੀ ਛੋੜ ਦਿਵਸ ਦਾ ਸਬੰਧ

ਸਿੱਖ ਪਰੰਪਰਾ ਅਨੁਸਾਰ, ਜਦੋਂ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਤੋਂ ਵਾਪਸ ਅੰਮ੍ਰਿਤਸਰ ਪਹੁੰਚੇ ਤਾਂ ਉਨ੍ਹਾਂ ਦੇ ਸਵਾਗਤ ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਵੇ ਜਗਾਏ ਗਏ। ਇਸ ਇਤਿਹਾਸਕ ਯਾਦ ਦੇ ਕਾਰਨ ਪੰਜਾਬ ਵਿੱਚ ਦੀਵਾਲੀ ਦੇ ਦਿਨ ਬੰਦੀ ਛੋੜ ਦਿਵਸ ਵੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।

ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵਿਸ਼ੇਸ਼ ਤੌਰ 'ਤੇ ਸਜਾਇਆ ਜਾਂਦਾ ਹੈ। ਸ਼ਰਧਾਲੂ ਗੁਰਦੁਆਰਿਆਂ ਵਿੱਚ ਨਤਮਸਤਕ ਹੁੰਦੇ ਹਨ, ਗੁਰਬਾਣੀ ਕੀਰਤਨ ਸੁਣਦੇ ਹਨ ਅਤੇ ਦੀਵੇ ਜਗਾ ਕੇ ਖੁਸ਼ੀ ਪ੍ਰਗਟ ਕਰਦੇ ਹਨ। ਅੰਮ੍ਰਿਤਸਰ ਦਾ ਸ੍ਰੀ ਹਰਿਮੰਦਰ ਸਾਹਿਬ ਇਸ ਦਿਨ ਰੌਸ਼ਨੀਆਂ ਨਾਲ ਜਗਮਗਾ ਉੱਠਦਾ ਹੈ। ਦੀਵਿਆਂ ਦੀ ਸੁੰਦਰਤਾ ਅਤੇ ਆਤਿਸ਼ਬਾਜ਼ੀ ਨਾਲ ਵਾਤਾਵਰਨ ਤਿਉਹਾਰੀ ਰੰਗ ਵਿੱਚ ਰੰਗਿਆ ਜਾਂਦਾ ਹੈ।



ਆਜ਼ਾਦੀ ਅਤੇ ਮਨੁੱਖਤਾ ਦਾ ਸੰਦੇਸ਼

ਬੰਦੀ ਛੋੜ ਦਿਵਸ ਦਾ ਮਹੱਤਵ ਕੇਵਲ ਇੱਕ ਇਤਿਹਾਸਕ ਘਟਨਾ ਤੱਕ ਸੀਮਿਤ ਨਹੀਂ ਹੈ। ਇਹ ਸਾਨੂੰ ਜੀਵਨ ਦੇ ਕਈ ਮਹੱਤਵਪੂਰਨ ਸਿਧਾਂਤ ਸਿਖਾਉਂਦਾ ਹੈ। ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੇ ਜੀਵਨ ਰਾਹੀਂ ਸਪੱਸ਼ਟ ਕੀਤਾ ਕਿ ਸ਼ਕਤੀ ਦੀ ਵਰਤੋਂ ਕਮਜ਼ੋਰਾਂ ਦੀ ਰੱਖਿਆ ਕਰਨ ਅਤੇ ਅਨਿਆਂ ਦੇ ਵਿਰੁੱਧ ਖੜ੍ਹੇ ਹੋਣ ਲਈ ਹੋਣੀ ਚਾਹੀਦੀ ਹੈ। ਅੱਜ ਵੀ ਸਮਾਜ ਵਿੱਚ ਕਈ ਤਰ੍ਹਾਂ ਦੀਆਂ ਬੇੜੀਆਂ ਮੌਜੂਦ ਹਨ। ਗਰੀਬੀ, ਅਨਪੜ੍ਹਤਾ, ਭੇਦਭਾਵ, ਜਾਤੀਵਾਦ, ਨਸ਼ੇ, ਸ਼ੋਸ਼ਣ ਅਤੇ ਸਮਾਜਿਕ ਅਸਮਾਨਤਾ ਮਨੁੱਖ ਦੀ ਆਜ਼ਾਦੀ ਵਿੱਚ ਰੁਕਾਵਟ ਬਣਦੇ ਹਨ। ਬੰਦੀ ਛੋੜ ਦਿਵਸ ਸਾਨੂੰ ਇਨ੍ਹਾਂ ਬੰਧਨਾਂ ਨੂੰ ਖਤਮ ਕਰਨ ਲਈ ਪ੍ਰੇਰਿਤ ਕਰਦਾ ਹੈ। ਜੇਕਰ ਅਸੀਂ ਕਿਸੇ ਲੋੜਵੰਦ ਬੱਚੇ ਦੀ ਪੜ੍ਹਾਈ ਵਿੱਚ ਮਦਦ ਕਰਦੇ ਹਾਂ, ਕਿਸੇ ਗਰੀਬ ਪਰਿਵਾਰ ਦਾ ਸਹਾਰਾ ਬਣਦੇ ਹਾਂ, ਅਨਿਆਂ ਦੇ ਵਿਰੁੱਧ ਆਵਾਜ਼ ਉਠਾਉਂਦੇ ਹਾਂ ਜਾਂ ਕਿਸੇ ਨਿਰਾਸ਼ ਵਿਅਕਤੀ ਦੇ ਜੀਵਨ ਵਿੱਚ ਆਸ ਦੀ ਕਿਰਨ ਜਗਾਉਂਦੇ ਹਾਂ ਤਾਂ ਅਸੀਂ ਇਸ ਤਿਉਹਾਰ ਦੀ ਅਸਲ ਭਾਵਨਾ ਨੂੰ ਅਪਨਾ ਰਹੇ ਹੁੰਦੇ ਹਾਂ।

ਅਜੋਕੇ ਸਮੇਂ ਵਿੱਚ ਤਿਉਹਾਰ ਦੀ ਪ੍ਰਸੰਗਿਕਤਾ

ਆਧੁਨਿਕ ਯੁੱਗ ਵਿੱਚ ਤਿਉਹਾਰ ਮਨਾਉਣ ਦੇ ਢੰਗ ਬਦਲ ਰਹੇ ਹਨ। ਕਈ ਵਾਰ ਤਿਉਹਾਰ ਸਿਰਫ਼ ਖਰੀਦਦਾਰੀ, ਸਜਾਵਟ, ਮਠਿਆਈਆਂ ਅਤੇ ਆਤਿਸ਼ਬਾਜ਼ੀ ਤੱਕ ਹੀ ਸੀਮਿਤ ਰਹਿ ਜਾਂਦੇ ਹਨ। ਸਾਨੂੰ ਇਨ੍ਹਾਂ ਦੇ ਅਸਲ ਸੰਦੇਸ਼ ਨੂੰ ਵੀ ਸਮਝਣਾ ਚਾਹੀਦਾ ਹੈ। ਦੀਵਾਲੀ ਸਾਨੂੰ ਆਪਣੇ ਅੰਦਰਲੇ ਅਗਿਆਨ, ਹੰਕਾਰ, ਈਰਖਾ ਅਤੇ ਨਕਾਰਾਤਮਕ ਸੋਚ ਨੂੰ ਦੂਰ ਕਰਨ ਦੀ ਪ੍ਰੇਰਣਾ ਦਿੰਦੀ ਹੈ, ਜਦਕਿ ਬੰਦੀ ਛੋੜ ਦਿਵਸ ਸਾਨੂੰ ਦੂਜਿਆਂ ਦੇ ਦੁੱਖ ਨੂੰ ਸਮਝਣ ਅਤੇ ਉਨ੍ਹਾਂ ਦੀ ਆਜ਼ਾਦੀ ਤੇ ਸਨਮਾਨ ਲਈ ਕੰਮ ਕਰਨ ਦਾ ਸੰਦੇਸ਼ ਦਿੰਦਾ ਹੈ।

ਇਸ ਮੌਕੇ ਵਾਤਾਵਰਨ ਦੀ ਸੰਭਾਲ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਵੱਧ ਸ਼ੋਰ ਅਤੇ ਹਵਾ ਪ੍ਰਦੂਸ਼ਣ ਫੈਲਾਉਣ ਵਾਲੀ ਆਤਿਸ਼ਬਾਜ਼ੀ ਤੋਂ ਬਚਣਾ, ਮਿੱਟੀ ਦੇ ਦੀਵੇ ਜਗਾਉਣਾ, ਲੋੜਵੰਦਾਂ ਨਾਲ ਖੁਸ਼ੀਆਂ ਸਾਂਝੀਆਂ ਕਰਨਾ ਅਤੇ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣਾ ਜ਼ਿੰਮੇਵਾਰ ਨਾਗਰਿਕ ਹੋਣ ਦੀ ਨਿਸ਼ਾਨੀ ਹੈ।

ਸਿੱਟਾ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦਾ ਸੁਮੇਲ ਸਾਨੂੰ ਰੌਸ਼ਨੀ, ਆਜ਼ਾਦੀ, ਕੁਰਬਾਨੀ ਅਤੇ ਮਨੁੱਖਤਾ ਦਾ ਅਨਮੋਲ ਸੰਦੇਸ਼ ਦਿੰਦਾ ਹੈ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਮਹਾਨਤਾ ਕੇਵਲ ਆਪਣੇ ਅਧਿਕਾਰਾਂ ਦੀ ਰੱਖਿਆ ਕਰਨ ਵਿੱਚ ਹੀ ਨਹੀਂ, ਸਗੋਂ ਦੂਜਿਆਂ ਦੇ ਅਧਿਕਾਰਾਂ ਅਤੇ ਆਜ਼ਾਦੀ ਲਈ ਖੜ੍ਹੇ ਹੋਣ ਵਿੱਚ ਵੀ ਹੈ।

ਆਓ, ਇਸ ਪਵਿੱਤਰ ਮੌਕੇ 'ਤੇ ਅਸੀਂ ਸਿਰਫ਼ ਆਪਣੇ ਘਰਾਂ ਅਤੇ ਗੁਰਦੁਆਰਿਆਂ ਨੂੰ ਹੀ ਨਹੀਂ, ਸਗੋਂ ਆਪਣੇ ਵਿਚਾਰਾਂ ਅਤੇ ਵਿਹਾਰ ਨੂੰ ਵੀ ਰੌਸ਼ਨ ਬਣਾਈਏ। ਕਿਸੇ ਉਦਾਸ ਚਿਹਰੇ 'ਤੇ ਮੁਸਕਾਨ ਲਿਆਈਏ, ਕਿਸੇ ਲੋੜਵੰਦ ਦੀ ਮਦਦ ਕਰੀਏ ਅਤੇ ਸਮਾਜ ਵਿੱਚੋਂ ਅਨਿਆਂ ਤੇ ਭੇਦਭਾਵ ਨੂੰ ਖਤਮ ਕਰਨ ਦਾ ਸੰਕਲਪ ਲਈਏ। ਇਹੀ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਸੱਚੀ ਭਾਵਨਾ ਹੈ—ਆਪਣੇ ਆਪ ਰੌਸ਼ਨੀ ਬਣਨਾ ਅਤੇ ਦੂਜਿਆਂ ਦੇ ਜੀਵਨ ਵਿੱਚ ਵੀ ਆਜ਼ਾਦੀ, ਸਨਮਾਨ, ਸ਼ਾਂਤੀ ਅਤੇ ਖੁਸ਼ੀਆਂ ਦਾ ਚਾਨਣ ਫੈਲਾਉਣਾ।

ਸਰਬ ਸਾਂਝਾ ਵੈਲਫੇਅਰ ਸੋਸਾਇਟੀ ਵੱਲੋਂ 10 ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ

ਪੈ.ਗਾਮ-ਏ-ਜਗਤ
ਮੋਹਾਲੀ, 1 ਨਵੰਬਰ
(ਹਰਮਿੰਦਰ ਸਿੰਘ ਨਾਗਪਾਲ)



ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ.), ਮੋਹਾਲੀ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਨਾਨਕ ਦਰਬਾਰ ਸਾਹਿਬ, ਸੈਕਟਰ 90-91 ਵਿਖੇ 10 ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾਏ ਗਏ। ਇਹ ਸਮਾਗਮ ਸੁਸਾਇਟੀ ਦੇ ਪ੍ਰਧਾਨ ਅਤੇ ਸਟੇਟ ਐਵਾਰਡੀ ਫੂਲਰਾਜ ਸਿੰਘ ਦੀ ਅਗਵਾਈ ਹੇਠ ਵਿਧਾਇਕ ਕੁਲਵੰਤ ਸਿੰਘ ਦੀ ਸਰਪ੍ਰਸਤੀ ਵਿੱਚ ਕਰਵਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਈ। ਸਵੇਰੇ 9 ਵਜੇ ਬਰਾਤਾਂ ਦਾ ਸਵਾਗਤ ਕੀਤਾ ਗਿਆ ਅਤੇ 11 ਵਜੇ ਬਰਾਤੀਆਂ ਲਈ ਨਾਸ਼ਤੇ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਬਾਅਦ ਦੁਪਹਿਰ ਕਰੀਬ 12.30 ਵਜੇ ਆਨੰਦ ਕਾਰਜ ਦੀਆਂ ਰਸਮਾਂ ਨਿਭਾਈਆਂ ਗਈਆਂ। ਵਿਧਾਇਕ ਕੁਲਵੰਤ ਸਿੰਘ ਸਵੇਰ ਤੋਂ ਹੀ ਸਮਾਗਮ ਵਿੱਚ ਮੌਜੂਦ ਰਹੇ ਅਤੇ ਨਵੇਂ ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ।

ਸੰਗਤਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨੇ 10 ਜੋੜਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਖੀ ਵਿਆਹੁਤਾ ਜੀਵਨ ਦੀ ਕਾਮਨਾ ਕੀਤੀ। ਉਨ੍ਹਾਂ ਫੂਲਰਾਜ ਸਿੰਘ ਅਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਟੀਮ ਪਿਛਲੇ 35 ਸਾਲਾਂ ਤੋਂ ਸਮਾਜ ਸੇਵਾ ਦੇ ਕੰਮ ਕਰ ਰਹੀ ਹੈ। ਇਸ ਵੱਲੋਂ ਖੂਨਦਾਨ ਕੈਂਪ, ਸੱਭਿਆਚਾਰਕ ਮੇਲੇ, ਮੁਫ਼ਤ ਮੈਡੀਕਲ ਜਾਂਚ ਕੈਂਪ, ਕੀਰਤਨ ਦਰਬਾਰ ਅਤੇ ਲੋੜਵੰਦ ਧੀਆਂ ਦੇ ਸਮੂਹਿਕ ਵਿਆਹ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੀਆਂ ਤਿਆਰੀਆਂ ਲਈ ਟੀਮ ਪਿਛਲੇ ਦੋ ਮਹੀਨਿਆਂ ਤੋਂ ਆਪਣੇ ਨਿੱਜੀ ਕੰਮ ਛੱਡ ਕੇ ਜੁਟੀ ਹੋਈ ਸੀ। ਲੋੜਵੰਦ ਜੋੜਿਆਂ ਦੀ ਭਾਲ ਕਰਨ, ਦੋਵਾਂ ਪਰਿਵਾਰਾਂ ਨੂੰ ਮਿਲਾਉਣ ਅਤੇ ਵਿਆਹ ਦਾ ਪ੍ਰਬੰਧ ਕਰਨ ਲਈ ਕਾਫ਼ੀ ਮਿਹਨਤ ਕਰਨੀ ਪੈਂਦੀ ਹੈ।

ਸੁਸਾਇਟੀ ਵੱਲੋਂ ਹਰੇਕ ਜੋੜੇ ਨੂੰ ਘਰੇਲੂ ਲੋੜ ਦਾ ਸਮਾਨ ਵੀ ਦਿੱਤਾ ਗਿਆ। ਇਸ ਵਿੱਚ ਲਾੜਾ-ਲਾੜੀ ਅਤੇ ਪਰਿਵਾਰਕ ਮੈਂਬਰਾਂ ਲਈ ਸੂਟ, 51 ਬਰਤਨਾਂ ਦਾ ਸਟੀਲ ਸੈੱਟ, ਪ੍ਰੈਸ਼ਰ ਕੁੱਕਰ, ਚਾਰ ਕੁਰਸੀਆਂ, ਮੇਜ਼, ਬੈੱਡ ਸੈੱਟ, ਗਰਮ ਅਤੇ ਹਲਕੇ ਬਿਸਤਰੇ, ਪੱਖਾ, ਸਾਈਕਲ, ਦੋਵਾਂ ਲਈ ਘੜੀਆਂ, ਮੇਕਅੱਪ ਬਾਕਸ, ਟਰੰਕ, ਅਟੈਚੀ, ਸਿਲਾਈ ਮਸ਼ੀਨ ਅਤੇ ਸੋਨੇ ਦਾ ਕੋਕਾ ਸ਼ਾਮਲ ਸੀ। ਇਸ ਮੌਕੇ ਆਈ.ਪੀ.ਐੱਸ. ਅਧਿਕਾਰੀ ਹਰਪ੍ਰੀਤ ਸਿੰਘ, ਸੇਵਾਮੁਕਤ ਆਈ.ਏ.ਐੱਸ. ਅਧਿਕਾਰੀ ਪ੍ਰਿਥਵੀ ਚੰਦ, ਡਾ. ਸਤਿੰਦਰ ਸਿੰਘ ਭਵਰਾ, ਪਰਮਜੀਤ ਸਿੰਘ ਚੌਹਾਨ, ਜਗਜੀਤ ਕੌਰ ਕਾਹਲੋਂ ਸਮੇਤ ਕਈ ਕੌਂਸਲਰ, ਸਮਾਜ ਸੇਵੀ ਅਤੇ ਹੋਰ ਪਤਵੰਤੇ ਹਾਜ਼ਰ ਸਨ। ਇਹ ਸਮਾਗਮ ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ, ਮੋਹਾਲੀ, ਲਾਇਨਜ਼ ਕਲੱਬ ਪੰਚਕੂਲਾ ਪ੍ਰੀਮੀਅਰ ਅਤੇ ਜੇ.ਐਲ. ਪ੍ਰੋਡਕਸ਼ਨ ਦੇ ਸਹਿਯੋਗ ਨਾਲ ਕਰਵਾਇਆ ਗਿਆ। ਫੂਲਰਾਜ ਸਿੰਘ ਨੇ ਸਾਰੀਆਂ ਸਹਿਯੋਗੀ ਸੰਸਥਾਵਾਂ, ਸੇਵਾਦਾਰਾਂ ਅਤੇ ਮਾਈ ਭਾਗੋ ਇਸਤਰੀ ਸਤਿਸੰਗ ਸਭਾ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

ਪ੍ਰਸ਼ਾਸਕ, ਯੂਟੀ ਚੰਡੀਗੜ੍ਹ ਨੇ ਦੂਜੀ ਚੰਡੀਗੜ੍ਹ ਇੰਟਰਨੈਸ਼ਨਲ ਮੈਰਾਥਨ ਦੇ ਅਧਿਕਾਰਤ ਸ਼ੁਭੰਕਰ 'CIMi' ਦਾ ਉਦਘਾਟਨ ਕੀਤਾ

ਪੈ.ਗਾਮ-ਏ-ਜਗਤ/ਚੰਡੀਗੜ੍ਹ
5 ਨਵੰਬਰ, (ਹਰਮਿੰਦਰ ਨਾਗਪਾਲ)

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ

• ਸ਼ੁਭੰਕਰ ਨੇ ਨਾਗਰਿਕਾਂ ਨੂੰ 22 ਨਵੰਬਰ ਦੇ ਸਮਾਗਮ ਵਿੱਚ ਸ਼ਾਮਲ ਹੋਣ ਦਾ ਦਿੱਤਾ ਸੱਦਾ

ਇੰਟਰਨੈਸ਼ਨਲ ਮੈਰਾਥਨ ਦੇ ਦੂਜੇ ਐਡੀਸ਼ਨ ਦੇ ਅਧਿਕਾਰਤ ਸ਼ੁਭੰਕਰ 'CIMi' ਦਾ ਉਦਘਾਟਨ ਕੀਤਾ। ਮੈਰਾਥਨ ਦਾ ਆਯੋਜਨ 22 ਨਵੰਬਰ, 2026 ਨੂੰ ਕੀਤਾ ਜਾਵੇਗਾ।



'CIMi' ਨਾਂ ਦਾ ਅਰਥ 'Chandigarh International Marathon icon' ਹੈ। ਇਸ ਦਾ ਉਚਾਰਨ "ਸੀ ਮੀ"ਹੈ, ਜੋ ਸਮਾਗਮ ਦੀ ਟੈਗਲਾਈਨ "See Me at Marathon" ਅਰਥਾਤ "ਮੈਰਾਥਨ ਵਿੱਚ ਮੈਨੂੰ ਮਿਲੋ"ਨੂੰ ਵੀ ਸਾਕਾਰ ਕਰਦਾ ਹੈ। ਇਹ ਸ਼ੁਭੰਕਰ ਨਾਗਰਿਕਾਂ, ਖਿਡਾਰੀਆਂ ਅਤੇ ਫਿਟਨੈਸ ਪ੍ਰੇਮੀਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਦਾ ਉਤਸ਼ਾਹਪੂਰਨ ਸੱਦਾ ਦਿੰਦਾ ਹੈ। ਇਸ ਮੌਕੇ 'ਤੇ ਸ੍ਰੀ ਕਟਾਰੀਆ ਨੇ ਕਿਹਾ ਕਿ ਚੰਡੀਗੜ੍ਹ ਇੰਟਰਨੈਸ਼ਨਲ ਮੈਰਾਥਨ ਦੇ ਪਹਿਲੇ ਐਡੀਸ਼ਨ ਵਿੱਚ ਅੰਤਰਰਾਸ਼ਟਰੀ ਐਥਲੀਟਾਂ ਸਮੇਤ 3,500 ਦੌੜਾਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਸੀ।

ਇਸ ਸਮਾਗਮ ਨੇ ਅੰਤਰਰਾਸ਼ਟਰੀ ਦੌੜ ਮੁਕਾਬਲਿਆਂ ਦੇ ਆਯੋਜਨ ਸਥਾਨ ਵਜੋਂ ਚੰਡੀਗੜ੍ਹ ਦੀ ਪਛਾਣ ਸਥਾਪਤ ਕਰਨ ਵਿੱਚ ਯੋਗਦਾਨ ਦਿੱਤਾ। ਉਨ੍ਹਾਂ ਕਿਹਾ, "ਪਹਿਲੇ ਐਡੀਸ਼ਨ ਦੀ ਸਫਲਤਾ ਨੂੰ ਅੱਗੇ ਵਧਾਉਂਦੇ ਹੋਏ ਅਸੀਂ 22 ਨਵੰਬਰ, 2026 ਨੂੰ ਚੰਡੀਗੜ੍ਹ ਇੰਟਰਨੈਸ਼ਨਲ ਮੈਰਾਥਨ ਦੇ ਦੂਜੇ ਐਡੀਸ਼ਨ ਨੂੰ ਹੋਰ ਵੀ ਸ਼ਾਨਦਾਰ ਪੱਧਰ 'ਤੇ ਆਯੋਜਿਤ ਕਰਨ ਦੀ ਤਿਆਰੀ ਕਰ ਰਹੇ ਹਾਂ, ਜਿਸ ਵਿੱਚ 10,000 ਤੋਂ ਵੱਧ ਦੌੜਾਕਾਂ ਦੇ ਭਾਗ ਲੈਣ ਦੀ ਉਮੀਦ ਹੈ। ਪ੍ਰਸ਼ਾਸਕ ਨੇ ਦੱਸਿਆ ਕਿ ਮੈਰਾਥਨ ਦਾ ਰੂਟ ਐਸੋਸੀਏਸ਼ਨ ਆਫ ਇੰਟਰਨੈਸ਼ਨਲ ਮੈਰਾਥਨਜ਼ ਐਂਡ ਡਿਸਟੈਂਸ ਰੇਸਜ਼ ਦੁਆਰਾ ਮਾਪਿਆ ਗਿਆ ਹੈ, ਜਿਸ ਨਾਲ ਦੌੜਾਕਾਂ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਕੂਲ ਪੇਸ਼ੇਵਰ ਪੱਧਰ ਦਾ ਅਨੁਭਵ ਮਿਲੇਗਾ। ਇੱਕ ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦੇ ਨਾਲ ਇਸ ਸਮਾਗਮ ਦਾ ਉਦੇਸ਼ ਦੇਸ਼-ਵਿਦੇਸ਼ ਦੇ ਚੋਟੀ ਦੇ ਐਥਲੀਟਾਂ, ਪੇਸ਼ੇਵਰ ਦੌੜਾਕਾਂ ਅਤੇ ਫਿਟਨੈਸ ਪ੍ਰੇਮੀਆਂ ਨੂੰ ਆਕਰਸ਼ਿਤ ਕਰਨਾ ਹੈ।

ਕਟਾਰੀਆ ਨੇ ਚੰਡੀਗੜ੍ਹ ਅਤੇ ਟਰਾਈਸਿਟੀ ਦੇ ਨਿਵਾਸੀਆਂ ਅਤੇ ਦੇਸ਼-ਵਿਦੇਸ਼ ਦੇ ਦੌੜ ਪ੍ਰੇਮੀਆਂ ਨੂੰ ਜਲਦੀ ਤੋਂ ਜਲਦੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਖੇਡਾਂ ਦੇ ਇਸ ਤਿਉਹਾਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ, "ਆਓ, ਅਸੀਂ ਸਾਰੇ ਮਿਲ ਕੇ ਚੰਡੀਗੜ੍ਹ ਨੂੰ ਖੇਡ ਅਤੇ ਫਿਟਨੈਸ ਦਾ ਇੱਕ ਮੋਹਰੀ ਕੇਂਦਰ ਬਣਾਈਏ। ਆਪਣੇ ਸ਼ਹਿਰ ਲਈ ਦੌੜੋ, ਸਿਹਤਮੰਦ ਰਹਿਣ ਲਈ ਦੌੜੋ ਅਤੇ ਚੰਡੀਗੜ੍ਹ ਇੰਟਰਨੈਸ਼ਨਲ ਮੈਰਾਥਨ ਦਾ ਹਿੱਸਾ ਬਣੋ।"ਇਸ ਮੌਕੇ 'ਤੇ ਰਾਜਪਾਲ ਦੇ ਵਧੀਕ ਮੁੱਖ ਸਕੱਤਰ ਸ੍ਰੀ ਵੀ.ਪੀ. ਸਿੰਘ, ਆਈਏਐਸ; ਖੇਡ ਸਕੱਤਰ ਸ਼੍ਰੀਮਤੀ ਪ੍ਰੇਰਨਾ ਪੁਰੀ, ਆਈਏਐਸ; ਖੇਡ ਨਿਰਦੇਸ਼ਕ ਸ੍ਰੀ ਸੌਰਭ ਅਰੋੜਾ, ਪੀਸੀਐਸ ਅਤੇ ਜਨ ਸੰਪਰਕ ਨਿਰਦੇਸ਼ਕ ਸ੍ਰੀ ਰਾਜੀਵ ਤਿਵਾੜੀ ਹਾਜ਼ਰ ਰਹੇ।

ਸ੍ਰੀ ਸੁਵਿਧੀ ਮਹਾਰਾਜ ਦਾ 25ਵਾਂ ਜਨਮ ਦਿਨ ਬੜੀ ਸ਼ਰਧਾ ਨਾਲ ਮਨਾਇਆ ਗਿਆ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)



ਜੈਨ ਸਥਾਨਕ ਨਵਾਂਸ਼ਹਿਰ ਵਿੱਚ ਵਿਰਾਜਮਾਨ ਮਹਾਸਾਧਵੀ ਡਾ. ਸ੍ਰੀ ਸਵਾਤੀ ਜੀ ਮਹਾਰਾਜ, ਸ੍ਰੀ ਸੁਪ੍ਰਗਿਆ ਜੀ ਮ. ਸ੍ਰੀ ਸੁਦੀਪਤੀ ਜੀ ਮ. ਜੀ ਦੀ ਹਾਜ਼ਰੀ ਵਿੱਚ ਸਾਧਵੀ ਸ੍ਰੀ ਸੁਵਿਧੀ ਜੀ ਮਹਾਰਾਜ ਦਾ ਜਨਮ ਦਿਨ ਬੜੀ ਹੀ ਸ਼ਰਧਾ ਨਾਲ ਮਨਾਇਆ ਗਿਆ! ਐਸ ਐਸ ਜੈਨ ਸਭਾ ਦੇ ਪ੍ਰਧਾਨ ਮੁਨੀਸ਼ ਜੈਨ, ਜਨਰਲ ਸਕੱਤਰ ਰਤਨ ਕੁਮਾਰ ਜੈਨ, ਸ੍ਰੀ ਮਹਾਵੀਰ ਜੈਨ ਯੁਵਕ ਮੰਡਲ, ਸ੍ਰੀ ਵਰਧਮਾਨ ਜੈਨ ਸੇਵਾ ਸੰਘ, ਜੈਨ ਮਹਿਲਾ ਮੰਡਲ, ਸ੍ਰੀ ਚੰਦਨਬਾਲਾ ਜੈਨ ਯੁਵਤੀ ਮੰਡਲ, ਸ੍ਰੀ ਰਮਣੀਕ ਬਾਲ ਕਲਾ ਮੰਡਲ ਵੱਲੋਂ ਸਾਧਵੀ ਸ੍ਰੀ ਸੁਵਿਧੀ ਜੀ ਮਹਾਰਾਜ ਨੂੰ ਜਨਮ ਦਿਨ ਦੀ ਵਧਾਈ ਦਿੰਦਿਆਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ 'ਤੇ ਸ੍ਰੀ ਚੰਦਨਬਾਲਾ ਜੈਨ ਯੁਵਤੀ ਮੰਡਲ ਦੀ ਪ੍ਰਧਾਨ ਰਿਤੂ ਜੈਨ, ਪ੍ਰਿਯੰਕਾ ਜੈਨ, ਸ੍ਰੀ ਰਮਣੀਕ ਬਾਲ ਕਲਾ ਮੰਡਲ ਦੀ ਸੰਚਾਲਿਕਾ ਮੀਨਾਕਸ਼ੀ ਜੈਨ ਨੇ ਭਜਨਾਂ ਰਾਹੀਂ ਗੁਰੂਣੀ ਜੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ! ਇਸ ਮੌਕੇ 'ਤੇ ਐਸ ਐਸ ਜੈਨ ਸਭਾ ਦੇ ਪ੍ਰਧਾਨ ਮੁਨੀਸ਼ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਗੁਰੂਣੀ ਜੀ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸ੍ਰੀ ਸੁਵਿਧੀ ਜੀ ਮਹਾਰਾਜ ਦਾ ਜੀਵਨ ਤਿਆਗ ਤਪ ਸੰਜਮ ਅਤੇ ਕਰੁਣਾ ਦੀ ਬੇਮਿਸਾਲ ਮਿਸਾਲ ਹੈ! ਗੁਰੂਣੀ ਜੀ ਦੇ ਚਰਨਾਂ ਵਿੱਚ ਸਾਡਾ ਕੋਟਿ-ਕੋਟਿ ਵੰਦਨ! ਉਨ੍ਹਾਂ ਦਾ ਜਨਮ ਦਿਨ ਸਾਡੇ ਸਭ ਲਈ ਪ੍ਰੇਰਨਾ ਸ਼ਰਧਾ ਅਤੇ ਆਤਮ ਕਲਿਆਣ ਦਾ ਪਰਵ ਹੈ! ਇਸ ਮੌਕੇ 'ਤੇ ਸ੍ਰੀ ਸੁਪ੍ਰਗਿਆ ਜੀ ਅਤੇ ਸ੍ਰੀ ਸੁਦੀਪਤੀ ਜੀ ਮਹਾਰਾਜ ਨੇ ਭਜਨਾਂ ਰਾਹੀਂ ਸ਼ੁਭਕਾਮਨਾਵਾਂ ਦਿੱਤੀਆਂ। ਸ੍ਰੀ ਸਵਾਤੀ ਜੀ ਮਹਾਰਾਜ ਨੇ ਦੱਸਿਆ ਕਿ ਸ੍ਰੀ ਸੁਵਿਧੀ ਜੀ ਮਹਾਰਾਜ ਦਾ ਜਨਮ 5 ਨਵੰਬਰ 2002 ਨੂੰ ਹਰਿਆਣਾ ਦੇ ਪਿੰਡ ਬੜੌਦਾ ਵਿੱਚ ਮਾਤਾ ਕਪੂਰੀ ਦੇਵੀ ਅਤੇ ਪਿਤਾ ਈਸ਼ਵਰ ਦਾਸ ਜੀ ਦੇ ਘਰ ਹੋਇਆ! ਉਨ੍ਹਾਂ ਨੂੰ 9 ਸਾਲ ਦੀ ਉਮਰ ਤੋਂ ਹੀ ਧਰਮ ਦੀ ਲਗਨ ਲੱਗ ਗਈ ਸੀ।

15 ਸਾਲ ਦੀ ਉਮਰ ਵਿੱਚ ਉਨ੍ਹਾਂ ਨੇ ਮਹਾਸਾਧਵੀ ਸ੍ਰੀ ਸਵਾਤੀ ਜੀ ਮਹਾਰਾਜ ਅਤੇ ਮਹਾਸਾਧਵੀ ਸ੍ਰੀ ਸੁਪ੍ਰਗਿਆ ਮਹਾਰਾਜ ਜੀ ਦੇ ਚਰਨਾਂ ਵਿੱਚ ਦੀਕਸ਼ਾ ਗ੍ਰਹਿਣ ਕੀਤੀ! ਸਾਰੇ ਜੈਨ ਧਾਰਮਿਕ ਗ੍ਰੰਥਾਂ, ਧਾਰਮਿਕ ਪਾਠਾਂ ਦਾ ਉਚਾਰਨ ਬਹੁਤ ਹੀ ਮਿੱਠੇ ਅਤੇ ਸਪੱਸ਼ਟ ਸ਼ਬਦਾਂ ਵਿੱਚ ਕਰਦੇ ਹਨ! ਆਪਣੀ ਗੁਰੂਣੀ ਜੀ ਪ੍ਰਤੀ ਪੂਰੀ ਸਮਰਪਿਤ ਹਨ।

ਇਸ ਮੌਕੇ 'ਤੇ ਮਹਾਸਾਧਵੀ ਸ੍ਰੀ ਸਵਾਤੀ ਜੀ ਮਹਾਰਾਜ ਅਤੇ ਸ੍ਰੀ ਸੁਪ੍ਰਗਿਆ ਜੀ ਮਹਾਰਾਜ ਨੇ ਸੁਵਿਧੀ ਮਹਾਰਾਜ ਨੂੰ ਜਨਮ ਦਿਨ 'ਤੇ ਸ਼ੁਭਕਾਮਨਾਵਾਂ ਦਿੰਦਿਆਂ ਬਹੁਤ ਬਹੁਤ ਅਸ਼ੀਰਵਾਦ ਦਿੱਤਾ! ਅੱਜ ਇਸੇ ਉਪਲੱਛ ਵਿੱਚ ਪ੍ਰਸ਼ਾਦ ਦੀ ਪ੍ਰਭਾਵਨਾ ਵੀ ਕੀਤੀ ਗਈ।

ਜ਼ਿਲ੍ਹਾ ਰੈੱਡ ਕਰਾਸ ਸ਼ਾਖਾ ਵੱਲੋਂ ਦੀਵਾਲੀ ਮੌਕੇ ਲੋੜਵੰਦ ਪਰਿਵਾਰ ਨੂੰ ਰਾਸ਼ਨ ਮੁਹੱਈਆ ਕਰਵਾਇਆ ਗਿਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ,
5 ਨਵੰਬਰ (ਪੈ.ਗਾਮ-ਏ-ਜਗਤ)

ਸ੍ਰੀਮਤੀ ਕੋਮਲ ਮਿਤਲ, ਆਈ.ਏ.ਐਸ, ਡਿਪਟੀ ਕਮਿਸ਼ਨਰ (ਪ੍ਰਧਾਨ) ਜ਼ਿਲ੍ਹਾ ਰੈਡ ਕਰਾਸ ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਵੱਲੋਂ ਲੋਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ। ਇਸ ਮਨੋਰਥ ਤਹਿਤ ਦੀਵਾਲੀ ਦੇ ਸੁਭ ਅਵਸਰ ਤੇ ਇਕ ਗਰੀਬ ਲੋੜਵੰਦ ਪਰਿਵਾਰ ਨੂੰ ਰਾਸ਼ਨ ਮੁਹੱਈਆ ਕਰਵਾਇਆ ਗਿਆ। ਇਸ ਮੌਕੇ ਡਾ. ਅੰਕਿਤਾ ਕਾਂਸਲ, ਪੀ.ਸੀ.ਐਸ ਸਹਾਇਕ ਕਮਿਸ਼ਨਰ (ਜ) ਵੱਲੋਂ ਦੱਸਿਆ ਗਿਆ ਕਿ ਰੈਡ ਕਰਾਸ ਮੁਸੀਬਤ ਸਮੇਂ ਮਨੁੱਖਤਾ ਦੀ ਸੇਵਾ ਕਰਨ ਲਈ ਹਮੇਸ਼ਾਂ ਤਤਪਰ ਰਹਿੰਦੀ ਹੈ।

• ਰੈੱਡ ਕਰਾਸ ਮਨੁੱਖਤਾ ਦੀ ਸੇਵਾ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਤਪਰ : ਡਾ. ਅੰਕਿਤਾ ਕਾਂਸਲ

ਸ.ਹਰਬੰਸ ਸਿੰਘ ਸਕੱਤਰ ਰੈਡ ਕਰਾਸ ਨੇ ਦੱਸਿਆ ਕਿ ਰੈਡ ਕਰਾਸ ਦੇ ਮੁੱਖ ਉਦੇਸ਼ਾਂ ਚ ਬਿਮਾਰੀਆਂ ਤੋ ਰੋਕਥਾਮ ਤੇ ਮਨੁੱਖੀ ਦੁੱਖਾਂ ਨੂੰ ਘੱਟ ਕਰਨਾ ਹੈ। ਜ਼ਿਲ੍ਹਾ ਹਸਪਤਾਲ ਮੋਹਾਲੀ, ਖਰੜ ਅਤੇ ਕੁਰਾਲੀ ਵਿਖੇ ਜਨ ਔਸ਼ਧੀ ਸਟੋਰਾਂ ਰਾਹੀਂ ਗਰੀਬ ਤੇ ਲੋੜਵੰਦ ਮਰੀਜ਼ਾਂ ਨੂੰ ਸਸਤੇ ਰੇਟ ਤੇ ਦਵਾਈਆਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਰੈਡ ਕਰਾਸ ਵਲੋਂ ਅਪੰਗ ਅਤੇ ਅੰਗਹੀਣ ਵਿਅਕਤੀਆਂ ਦੀ ਭਲਾਈ ਲਈ ਨਕਲੀ ਅੰਗ ਲਗਵਾ ਕੇ ਉਨ੍ਹਾਂ ਨੂੰ ਚੰਗੇਰਾ ਜੀਵਨ ਜਿਉਣ ਦੇ ਕਾਬਲ ਬਣਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਵਿੰਗਜ਼ ਪ੍ਰੋਜੈਕਟ ਅਧੀਨ ਸਰਕਾਰੀ ਕਾਲਜ ਖੂਨੀ ਮਾਜਰਾ ਵਿਖੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵਲੋਂ ਕੰਟੀਨ ਚਲਾਈ ਜਾ ਰਹੀ ਹੈ। ਇਸ ਉਪਰਾਲੇ ਰਾਹੀਂ ਇੱਕ ਔਰਤ ਅਤੇ ਦੋ ਸਪੈਸ਼ਲ ਬੱਚਿਆਂ ਨੂੰ ਰੋਜ਼ਗਾਰ ਮਿਲਿਆ ਹੈ ਤਾਂ ਜੋ ਉਹ ਆਤਮ ਨਿਰਭਰ ਬਣ ਸਕਣ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀ ਕੰਪਿਊਟਰ ਸੈਂਟਰ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਕੋਰਸ ਬਹੁਤ ਹੀ ਵਾਜਿਬ ਘਟ ਰੇਟਾਂ ਤੇ ਕਰਵਾਏ ਜਾਂਦੇ ਹਨ।

ਵੈਟਨਰੀ ਯੂਨੀਵਰਸਿਟੀ ਅਧਿਆਪਕਾ ਨੂੰ ਸਰਵੋਤਮ ਅਕਾਦਮਿਕ ਪੁਰਸਕਾਰ 2026 ਨਾਲ ਸਨਮਾਨਿਤ ਕੀਤਾ ਗਿਆ

ਲੁਧਿਆਣਾ 05 ਨਵੰਬਰ
(ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਸੈਂਟਰ ਫਾਰ ਵਨ ਹੈਲਥ ਦੀ ਡਾ. ਦੀਪਤੀ ਵਿਜੇ ਨੂੰ ਵੱਕਾਰੀ ਸਰਵੋਤਮ ਅਕਾਦਮਿਕ ਪੁਰਸਕਾਰ 2026 ਪ੍ਰਾਪਤ ਹੋਇਆ। ਉਨ੍ਹਾਂ ਨੇ ਕੇਰਲਾ ਵਿਖੇ ਪ੍ਰੋਜੈਕਟ ਵਨ ਹੈਲਥ ਦੁਆਰਾ ਆਯੋਜਿਤ ਤੀਜੀ ਅੰਤਰਰਾਸ਼ਟਰੀ ਵਨ ਹੈਲਥ ਕਾਨਫਰੰਸ ਵਿੱਚੋਂ ਇਹ ਪੁਰਸਕਾਰ ਪ੍ਰਾਪਤ ਕੀਤਾ।

ਡਾ. ਜਤਿੰਦਰ ਪਾਲ ਸਿੰਘ ਗਿੱਲ, ਉੱਪ ਕੁਲਪਤੀ ਨੇ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੀਆਂ ਮਾਨਤਾਵਾਂ ਯੂਨੀਵਰਸਿਟੀ ਦਾ ਨਾਮ ਰੌਸ਼ਨ ਕਰਦੀਆਂ ਹਨ ਅਤੇ ਇਸਦੇ ਨਾਲ ਅਧਿਆਪਕਾਂ ਦੇ ਸਮਰਪਣ, ਅਕਾਦਮਿਕ ਉੱਤਮਤਾ ਅਤੇ ਖੋਜ ਸਮਰੱਥਾ ਦਾ ਪ੍ਰਗਟਾਵਾ ਹੁੰਦਾ। ਡਾ. ਗਿੱਲ ਨੇ ਵੈਟਨਰੀ ਵਿਗਿਆਨ ਅਤੇ ਵਨ ਹੈਲਥ ਦੇ ਉੱਭਰ ਰਹੇ ਖੇਤਰਾਂ ਵਿੱਚ ਅੰਤਰ-ਅਨੁਸ਼ਾਸਨੀ ਖੋਜ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ।

ਇਹ ਪੁਰਸਕਾਰ ਸਿੱਖਿਆ, ਖੋਜ, ਨਵੀਨਤਾ, ਸਲਾਹ ਅਤੇ ਅਕਾਦਮਿਕ ਲੀਡਰਸ਼ਿਪ, ਖਾਸ ਕਰਕੇ ਵੈਟਨਰੀ ਜਨਤਕ ਸਿਹਤ, ਪਸ਼ੂਆਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ ਬਿਮਾਰੀਆਂ, ਐਂਟੀਮਾਈਕ੍ਰੋਬਾਇਲ ਪ੍ਰਤੀਰੋਧ ਅਤੇ ਭੋਜਨ ਸੁਰੱਖਿਆ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦਾ ਹੈ।

ਸੈਂਟਰ ਫਾਰ ਵਨ ਹੈਲਥ ਦੇ ਡਾਇਰੈਕਟਰ, ਡਾ. ਜਸਬੀਰ ਸਿੰਘ ਬੇਦੀ ਨੇ ਡਾ. ਦੀਪਤੀ ਨੂੰ ਵਧਾਈ ਦਿੱਤੀ ਅਤੇ ਵਨ ਹੈਲਥ ਖੋਜ ਅਤੇ ਸਿੱਖਿਆ ਨੂੰ ਅੱਗੇ ਵਧਾਉਣ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਡਾ. ਬੇਦੀ ਨੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਕੇਂਦਰ ਦੀ ਅਕਾਦਮਿਕ ਸਾਖ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਉੱਭਰ ਰਹੀਆਂ ਸਿਹਤ ਚੁਣੌਤੀਆਂ ਨੂੰ ਹੱਲ ਕਰਨ ਲਈ ਪ੍ਰਭਾਵਸ਼ਾਲੀ ਅੰਤਰ-ਅਨੁਸ਼ਾਸਨੀ ਖੋਜ ਨੂੰ ਉਤਸ਼ਾਹਿਤ ਕਰਦੀਆਂ ਹਨ।

ਡਾ. ਸਵਰਨ ਸਿੰਘ ਰੰਧਾਵਾ, ਡੀਨ, ਕਾਲਜ ਆਫ਼ ਵੈਟਨਰੀ ਸਾਇੰਸ ਨੇ ਵੀ ਡਾ. ਦੀਪਤੀ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ। ਡਾ. ਰੰਧਾਵਾ ਨੇ ਅਕਾਦਮਿਕ ਉੱਤਮਤਾ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਨਮਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਨਵੀਨਕਾਰੀ ਖੋਜ ਨੂੰ ਅੱਗੇ ਵਧਾਉਣ ਅਤੇ ਵੈਟਨਰੀ ਸਿੱਖਿਆ ਅਤੇ ਸਮਾਜਿਕ ਭਲਾਈ ਵਿੱਚ ਅਰਥਪੂਰਨ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦੇ ਹਨ।

ਗ੍ਰੀਨ ਦੀਵਾਲੀ ਮਨਾਉਣ ਅਤੇ ਨਸ਼ਾ ਮੁਕਤ ਪੰਜਾਬ ਸਿਰਜਣ ਦਾ ਸੱਦਾ ਦਿੱਤਾ : ਸਤਨਾਮ ਸਿੰਘ ਝਿੱਕਾ

ਚੰਡੀਗੜ੍ਹ, 5 ਨਵੰਬਰ (ਪੈ.ਗਾਮ-ਏ-ਜਗਤ)

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਪਵਿੱਤਰ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਓ.ਬੀ.ਸੀ. ਵਿੰਗ ਦੇ ਕੇਂਦਰੀ ਸੀਨੀਅਰ ਪ੍ਰਧਾਨ ਸਤਨਾਮ ਸਿੰਘ ਝਿੱਕਾ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਇਸ ਵਾਰ ਦੀਵਾਲੀ ਪਟਾਕਿਆਂ ਅਤੇ ਪ੍ਰਦੂਸ਼ਣ ਤੋਂ ਦੂਰ ਰਹਿ ਕੇ ਮਨਾਉਣੀ ਚਾਹੀਦੀ ਹੈ। ਪਟਾਕਿਆਂ ਵਿੱਚੋਂ ਨਿਕਲਣ ਵਾਲਾ ਧੂੰਆਂ ਸਾਡੀ ਸਿਹਤ, ਖ਼ਾਸ ਕਰਕੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਲਈ ਹਾਨੀਕਾਰਕ ਹੈ। ਇਸ ਲਈ ਹਰ ਵਿਅਕਤੀ ਨੂੰ ਵਾਤਾਵਰਣ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਵਿੱਤਰ ਤਿਉਹਾਰ ਸਾਨੂੰ ਚੰਗੇ ਸਮਾਜ ਦੀ ਸਿਰਜਣਾ ਦਾ ਸੰਦੇਸ਼ ਦਿੰਦੇ ਹਨ। ਸਾਨੂੰ ਇਸ ਮੌਕੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਪੰਜਾਬ ਨੂੰ ਨਸ਼ਾ ਮੁਕਤ ਤੇ ਖੁਸ਼ਹਾਲ ਬਣਾਉਣ ਦਾ ਪ੍ਰਣ ਵੀ ਲੈਣਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਦੀਵਾਲੀ ਦੀ ਰੌਸ਼ਨੀ ਦੀਵਿਆਂ ਨਾਲ ਕਰੀਏ, ਖੁਸ਼ੀਆਂ ਪਿਆਰ ਨਾਲ ਵੰਡੀਏ ਅਤੇ ਗ੍ਰੀਨ ਦੀਵਾਲੀ ਮਨਾ ਕੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਈਏ।



ਅਗਰਵਾਲ ਚੇਤਨਾ ਸਭਾ ਵੱਲੋਂ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ, ਗਰੀਨ ਦੀਵਾਲੀ ਮਨਾਉਣ ਦਾ ਦਿੱਤਾ ਸੰਦੇਸ਼

ਪਟਿਆਲਾ, (ਪੈ.ਗਾਮ-ਏ-ਜਗਤ)

ਦੀਵਾਲੀ ਦੇ ਮੌਕੇ ਅਗਰਵਾਲ ਚੇਤਨਾ ਸਭਾ ਵੱਲੋਂ ਸਰਕਾਰੀ ਵਿਕਟੋਰੀਆ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਵਿਖੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ ਗਈ ਅਤੇ ਉਨ੍ਹਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਗਰੀਨ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਗਿਆ। ਸਭਾ ਦੇ ਮੈਂਬਰਾਂ ਨੇ ਲੋਕਾਂ ਨੂੰ ਵਾਤਾਵਰਣ ਸਾਫ਼ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਛੋਟੇ ਬੱਚਿਆਂ ਨੂੰ ਪਟਾਕੇ ਚਲਾਉਣ ਸਮੇਂ ਮਾਪਿਆਂ ਦੀ ਨਿਗਰਾਨੀ ਹੇਠ ਹੀ ਰਹਿਣਾ ਚਾਹੀਦਾ ਹੈ। ਉਨ੍ਹਾਂ ਪਰਾਲੀ ਸਾੜਨ ਅਤੇ ਦੀਵਾਲੀ ਦੌਰਾਨ ਹੋਣ ਵਾਲੇ ਪ੍ਰਦੂਸ਼ਣ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਦੂਸ਼ਿਤ ਵਾਤਾਵਰਣ ਕਾਰਨ ਕਈ ਬਿਮਾਰੀਆਂ ਫੈਲ ਸਕਦੀਆਂ ਹਨ ਅਤੇ ਸਾਹ ਲੈਣ ਵਿੱਚ ਵੀ ਦਿੱਕਤ ਆ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਘੱਟ ਤੋਂ ਘੱਟ ਕਰਨ ਅਤੇ ਇਸ ਦੀ ਥਾਂ ਕੱਪੜੇ ਤੇ ਜੂਟ ਦੇ ਥੈਲੇ ਵਰਤਣ ਦੀ ਅਪੀਲ ਕੀਤੀ। ਵਾਤਾਵਰਣ ਨੂੰ ਸਾਫ਼ ਅਤੇ ਸੁਰੱਖਿਅਤ ਰੱਖਣ ਲਈ ਗਰੀਨ ਪਟਾਕਿਆਂ ਦੀ ਵਰਤੋਂ ਕਰਨ ਅਤੇ ਤਿਉਹਾਰਾਂ ਨੂੰ ਜ਼ਿੰਮੇਵਾਰੀ ਨਾਲ ਮਨਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਮੋਮਬੱਤੀਆਂ ਅਤੇ ਫੁਲਝੜੀਆਂ ਜਗਾ ਕੇ ਗਰੀਨ ਦੀਵਾਲੀ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਵਿੱਚ ਅਗਰਵਾਲ ਚੇਤਨਾ ਸਭਾ ਦੇ ਪੈਟਰਨ ਵਿਜੇ ਕੁਮਾਰ ਗੋਇਲ, ਵਿਕਟੋਰੀਆ ਸਕੂਲ ਦੇ ਪ੍ਰਿੰਸੀਪਲ ਰਾਜੇਸ਼ ਗਰਗ, ਦਿਨੇਸ਼ ਕੁਮਾਰ, ਰੁਚਿਰ ਜਿੰਦਲ ਅਤੇ ਰੀਤੂ ਜਿੰਦਲ ਨੇ ਸ਼ਿਰਕਤ ਕੀਤੀ। ਇਸ ਮੌਕੇ ਰਾਸ਼ਟਰੀ ਪੁਰਸਕਾਰ ਜੇਤੂ ਦਿਨੇਸ਼ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਮਾਜਰੀ ਬਲਾਕ ਦੇ ਪਿੰਡਾਂ ਨੰਗਲ ਸਿੰਘਾਂ, ਨਨਹੇੜੀਆਂ ਅਤੇ ਮਸਤਗੜ੍ਹ ਵਿਖੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ


ਮਾਜਰੀ, 05 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਸਿੱਖਿਆਵਾਂ ਅਤੇ ਮਹਾਨ ਵਿਚਾਰਧਾਰਾ ਨੂੰ ਦਰਸਾਉਂਦੀ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਪਿੰਡ-ਪਿੰਡ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਮਾਜਰੀ ਬਲਾਕ ਦੇ ਪਿੰਡ ਨੰਗਲ ਸਿੰਘਾਂ, ਨਨਹੇੜੀਆਂ ਅਤੇ ਮਸਤਗੜ੍ਹ ਵਿਖੇ ਐਲ.ਈ.ਡੀ. ਸਕਰੀਨਾਂ ਰਾਹੀਂ ਇਹ ਡਾਕੂਮੈਂਟਰੀ ਦਿਖਾਈ ਗਈ, ਜਿਸ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਫਲਸਫ਼ੇ ਬਾਰੇ ਜਾਣਕਾਰੀ ਹਾਸਲ ਕੀਤੀ। ਉੱਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ, ਜਿਸ ਦਾ ਮਕਸਦ ਗੁਰੂ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਮਾਜ ਨੂੰ ਦਿੱਤੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਅਤੇ ਵਿਚਾਰਧਾਰਾ ਰਾਹੀਂ ਸਮਾਜ ਨੂੰ ਬਰਾਬਰਤਾ, ਭਾਈਚਾਰਕ ਸਾਂਝ, ਆਪਸੀ ਸਤਿਕਾਰ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦੇਣ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਐਲ.ਈ.ਡੀ. ਸਕਰੀਨਾਂ ਰਾਹੀਂ ਪਿੰਡਾਂ ਵਿੱਚ ਦਿਖਾਈ ਜਾ ਰਹੀ ਇਹ ਡਾਕੂਮੈਂਟਰੀ ਲੋਕਾਂ ਨੂੰ ਗੁਰੂ ਜੀ ਦੇ ਜੀਵਨ ਅਤੇ ਫਲਸਫ਼ੇ ਨਾਲ ਜੋੜਨ ਦਾ ਇੱਕ ਸਾਰਥਕ ਉਪਰਾਲਾ ਹੈ।

ਬਿੱਲਾ ਰਾਣੇਵਾਲ ਦੇ ਲਿਖੇ ਗੀਤ ਹਰ ਜਨਮ 'ਚ ਪੁੱਤ ਅਤੇ ਪੰਜਾਬ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਪਿੰਡ ਰਾਣੇਵਾਲ ਦੇ ਪ੍ਰਸਿੱਧ ਗੀਤਕਾਰ ਬਿੱਲਾ ਇਟਲੀ ਰਾਣੇਵਾਲ ਵਲੋਂ ਲਿਖੇ ਗਏ ਅਤੇ ਗੁਰਬਖ਼ਸ਼ ਸ਼ੌਂਕੀ ਵਲੋ ਆਪਣੀ ਸੁਰੀਲੀ ਆਵਾਜ਼ ਵਿਚ ਗਾਏ ਗਏ ਗੀਤ ਹਰ ਜਨਮ 'ਚ ਪੁੱਤ ਅਤੇ ਰਣਜੀਤ ਮਨੀ ਵਲੋਂ ਗਾਏ ਪੰਜਾਬ ਗੀਤਾਂ ਨੂੰ ਸਰੋਤਿਆਂ ਦਾ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਬਿੱਲਾ ਇਟਲੀ ਨੇ ਦੱਸਿਆ ਕਿ ਉਕਤ ਗੀਤ ਆਪਣਿਆ ਤੋਂ ਦੂਰ ਪੰਜਾਬ ਛੱਡ ਕੇ ਵਿਦੇਸ਼ ਰੋਜ਼ੀ ਰੋਟੀ ਕਮਾਉਣ ਲਈ ਗਏ ਪੁੱਤਰਾਂ ਅਤੇ ਮਾਪਿਆਂ ਨੂੰ ਸਮਰਪਿਤ ਹੈ। ਜਿਹੜੇ ਸਿਰਫ ਫੋਨ ਅਤੇ ਵੀਡੀਓ ਕਾਲਾਂ ਜਰੀਏ ਹੀ ਮਿਲਦੇ ਹਨ ਅਤੇ ਸਾਲਾਂ ਬੱਧੀ ਘਰ ਨਹੀ ਗੇੜਾ ਮਾਰ ਸਕਦੇ। ਇਸ ਲਈ ਅਜਿਹੇ ਪੁੱਤਰ ਆਪਣੇ ਮਾਪਿਆਂ ਤੋਂ ਵਿਛੋੜੇ ਦਾ ਦਰਦ ਬਿਆਨ ਕਰਦੇ ਆਖਦੇ ਹਨ ਕਿ ਉਹ ਹਰਜਨਮ ਇਨ੍ਹਾਂ ਮਾਪਿਆਂ ਦੇ ਹੀ ਪੁੱਤ ਬਣਨਾ ਚਾਹੁੰਦੇ ਹਨ।



ਉਨ੍ਹਾਂ ਦੱਸਿਆ ਕਿ ਪੰਜਾਬ ਗੀਤ ਵੀ ਪੰਜਾਬ ਦੇ ਹਾਲਾਤਾਂ ਨੂੰ ਬਿਆਨ ਕਰਦਾ ਹੈ। ਉਨ੍ਹਾ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਲੋਕ ਗਾਇਕ ਪੰਮਾ ਡੂੰਮੇਵਾਲੀਆ ਦੀ ਸੁਰੀਲੀ ਆਵਾਜ਼ ਵਿੱਚ ਗਾਇਆ ਗੀਤ "ਸਲਾਮਾਂ"ਵੀ ਸਰੋਤਿਆਂ ਨੂੰ ਸੁਣਨ ਨੂੰ ਮਿਲੇਗਾ।

ਹਰੇ ਪਟਾਕੇ: ਘੱਟ ਪ੍ਰਦੂਸ਼ਣ, ਪਰ ਕਿੰਨਾ ਘੱਟ?





ਡਾ. ਵਿਜੈ ਗਰਗ
ਸੇਵਾਮੁਕਤ ਪ੍ਰਿੰਸੀਪਲ, ਮਲੋਟ, ਪੰਜਾਬ

ਦੀਵਾਲੀ ਰੌਸ਼ਨੀਆਂ, ਖੁਸ਼ੀਆਂ ਅਤੇ ਆਪਸੀ ਪਿਆਰ ਦਾ ਤਿਉਹਾਰ ਹੈ। ਪੀੜ੍ਹੀਆਂ ਤੋਂ ਲੋਕ ਇਸ ਤਿਉਹਾਰ ਨੂੰ ਦੀਵੇ ਜਗਾ ਕੇ, ਮਿਠਾਈਆਂ ਵੰਡ ਕੇ, ਪਰਿਵਾਰਾਂ ਨਾਲ ਮਿਲ ਕੇ ਅਤੇ ਆਤਿਸ਼ਬਾਜ਼ੀ ਕਰਕੇ ਮਨਾਉਂਦੇ ਆ ਰਹੇ ਹਨ। ਪਰ ਹਵਾ ਪ੍ਰਦੂਸ਼ਣ, ਸ਼ੋਰ ਪ੍ਰਦੂਸ਼ਣ ਅਤੇ ਸਿਹਤ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਧਦੀ ਚਿੰਤਾ ਨੇ ਇੱਕ ਮਹੱਤਵਪੂਰਨ ਸਵਾਲ ਖੜ੍ਹਾ ਕੀਤਾ ਹੈ: ਕੀ ਅਸੀਂ ਵਾਤਾਵਰਣ ਦੀ ਰੱਖਿਆ ਕਰਦੇ ਹੋਏ ਵੀ ਦੀਵਾਲੀ ਮਨਾ ਸਕਦੇ ਹਾਂ? ਹਰੇ ਪਟਾਕੇ ਇਸ ਦਾ ਇੱਕ ਸੰਭਾਵੀ ਵਿਕਲਪ ਬਣ ਕੇ ਸਾਹਮਣੇ ਆਏ ਹਨ, ਪਰ ਇਹ ਅਸਲ ਵਿੱਚ ਕਿੰਨੇ ਵਾਤਾਵਰਣ-ਮਿੱਤਰ ਹਨ?

ਹਰੇ ਪਟਾਕੇ ਕੀ ਹਨ?

ਹਰੇ ਪਟਾਕੇ ਵਿਸ਼ੇਸ਼ ਤੌਰ 'ਤੇ ਇਸ ਤਰ੍ਹਾਂ ਤਿਆਰ ਕੀਤੇ ਜਾਂਦੇ ਹਨ ਕਿ ਰਵਾਇਤੀ ਪਟਾਕਿਆਂ ਦੇ ਮੁਕਾਬਲੇ ਵਾਤਾਵਰਣ ਉੱਤੇ ਘੱਟ ਮਾੜਾ ਪ੍ਰਭਾਵ ਪਵੇ। ਇਨ੍ਹਾਂ ਦਾ ਉਦੇਸ਼ ਘੱਟ ਪ੍ਰਦੂਸ਼ਕ ਪਦਾਰਥ ਛੱਡਣਾ ਅਤੇ ਹਵਾ ਵਿੱਚ ਬਾਰੀਕ ਕਣਾਂ ਦੀ ਮਾਤਰਾ ਘਟਾਉਣਾ ਹੁੰਦਾ ਹੈ। ਕੁਝ ਕਿਸਮਾਂ ਵਿੱਚ ਹਾਨੀਕਾਰਕ ਰਸਾਇਣਾਂ ਦੀ ਵਰਤੋਂ ਘਟਾਉਣ ਦੀ ਕੋਸ਼ਿਸ਼ ਵੀ ਕੀਤੀ ਜਾਂਦੀ ਹੈ।

ਰਵਾਇਤੀ ਪਟਾਕਿਆਂ ਤੋਂ ਵੱਖਰੇ, ਮਨਜ਼ੂਰਸ਼ੁਦਾ ਹਰੇ ਪਟਾਕੇ ਨਿਰਧਾਰਤ ਮਾਪਦੰਡਾਂ ਅਨੁਸਾਰ ਤਿਆਰ ਕੀਤੇ ਜਾਂਦੇ ਹਨ। ਉਨ੍ਹਾਂ ਦੀ ਅਸਲੀਅਤ ਦੀ ਜਾਂਚ ਲਈ ਪਛਾਣ-ਚਿੰਨ੍ਹ ਜਾਂ ਕਿਊਆਰ ਕੋਡ ਵੀ ਦਿੱਤੇ ਜਾ ਸਕਦੇ ਹਨ। ਪਰ ਇਹ ਸਮਝਣਾ ਜ਼ਰੂਰੀ ਹੈ ਕਿ 'ਹਰਾ' ਹੋਣ ਦਾ ਅਰਥ ਪੂਰੀ ਤਰ੍ਹਾਂ ਪ੍ਰਦੂਸ਼ਣ-ਰਹਿਤ ਹੋਣਾ ਨਹੀਂ ਹੈ।

ਇਹ ਪ੍ਰਦੂਸ਼ਣ ਕਿੰਨਾ ਘਟਾਉਂਦੇ ਹਨ?

ਹਰੇ ਪਟਾਕਿਆਂ ਦਾ ਉਦੇਸ਼ ਰਵਾਇਤੀ ਪਟਾਕਿਆਂ ਦੇ ਮੁਕਾਬਲੇ ਪ੍ਰਦੂਸ਼ਣ ਘਟਾਉਣਾ ਹੈ। ਪਰ ਅਸਲ ਵਿੱਚ ਪ੍ਰਦੂਸ਼ਣ ਦੀ ਕਮੀ ਪਟਾਕੇ ਦੀ ਕਿਸਮ, ਉਸ ਦੀ ਬਣਤਰ, ਨਿਰਮਾਣ ਦੀ ਗੁਣਵੱਤਾ ਅਤੇ ਵਰਤੋਂ ਦੇ ਢੰਗ ਉੱਤੇ ਨਿਰਭਰ ਕਰਦੀ ਹੈ।

ਇਹ ਬਾਰੀਕ ਪ੍ਰਦੂਸ਼ਕ ਕਣਾਂ ਅਤੇ ਕੁਝ ਹਾਨੀਕਾਰਕ ਪਦਾਰਥਾਂ ਦਾ ਨਿਕਾਸ ਘਟਾ ਸਕਦੇ ਹਨ, ਪਰ ਇਨ੍ਹਾਂ ਨਾਲ ਵੀ ਧੂੰਆਂ, ਗੈਸਾਂ ਅਤੇ ਸ਼ੋਰ ਪੈਦਾ ਹੁੰਦੇ ਹਨ। ਜਦੋਂ ਥੋੜ੍ਹੇ ਸਮੇਂ ਵਿੱਚ ਵੱਡੀ ਗਿਣਤੀ ਵਿੱਚ ਪਟਾਕੇ ਚਲਾਏ ਜਾਂਦੇ ਹਨ, ਤਾਂ ਉਨ੍ਹਾਂ ਦਾ ਸਮੂਹਿਕ ਪ੍ਰਭਾਵ ਸਥਾਨਕ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਇਸ ਲਈ 'ਹਰੇ ਪਟਾਕੇ' ਸ਼ਬਦ ਤੋਂ ਇਹ ਭਰਮ ਨਹੀਂ ਪਾਲਣਾ ਚਾਹੀਦਾ ਕਿ ਇਹ ਵਾਤਾਵਰਣ ਲਈ ਪੂਰੀ ਤਰ੍ਹਾਂ ਨੁਕਸਾਨ-ਰਹਿਤ ਹਨ।

ਪਟਾਕਿਆਂ ਦਾ ਸਿਹਤ ਉੱਤੇ ਪ੍ਰਭਾਵ

ਪਟਾਕਿਆਂ ਦੇ ਧੂੰਏਂ ਵਿੱਚ ਬਾਰੀਕ ਕਣ ਅਤੇ ਗੈਸਾਂ ਹੋ ਸਕਦੀਆਂ ਹਨ, ਜੋ ਅੱਖਾਂ, ਗਲੇ ਅਤੇ ਸਾਹ ਪ੍ਰਣਾਲੀ ਵਿੱਚ ਜਲਣ ਪੈਦਾ ਕਰਦੀਆਂ ਹਨ। ਬਹੁਤ ਬਾਰੀਕ ਕਣ ਫੇਫੜਿਆਂ ਦੇ ਅੰਦਰ ਤੱਕ ਪਹੁੰਚ ਸਕਦੇ ਹਨ ਅਤੇ ਦਮਾ, ਬ੍ਰੌਂਕਾਈਟਿਸ ਤੇ ਹੋਰ ਸਾਹ ਸਬੰਧੀ ਬਿਮਾਰੀਆਂ ਨੂੰ ਵਧਾ ਸਕਦੇ ਹਨ।

ਬੱਚੇ, ਬਜ਼ੁਰਗ, ਗਰਭਵਤੀ ਔਰਤਾਂ ਅਤੇ ਦਿਲ ਜਾਂ ਫੇਫੜਿਆਂ ਦੀਆਂ ਬਿਮਾਰੀਆਂ ਤੋਂ ਪੀੜਤ ਵਿਅਕਤੀ ਇਸ ਪ੍ਰਦੂਸ਼ਣ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੋ ਸਕਦੇ ਹਨ। ਉੱਚੀ ਆਵਾਜ਼ ਵਾਲੇ ਧਮਾਕੇ ਤਣਾਅ, ਨੀਂਦ ਵਿੱਚ ਵਿਘਨ ਅਤੇ ਸੁਣਨ ਦੀ ਸਮਰੱਥਾ ਉੱਤੇ ਮਾੜਾ ਪ੍ਰਭਾਵ ਪਾ ਸਕਦੇ ਹਨ। ਹਰ ਪਟਾਕਿਆਂ ਦੀ ਵਰਤੋਂ ਕਰਨ ਸਮੇਂ ਵੀ ਧੂੰਏਂ ਅਤੇ ਬੇਹੱਦ ਸ਼ੋਰ ਤੋਂ ਬਚਣਾ ਚਾਹੀਦਾ ਹੈ।

> ਕੀ ਦੀਵਾਲੀ ਨੂੰ ਹੋਰ ਵਾਤਾਵਰਣ-ਮਿੱਤਰ ਬਣਾਇਆ ਜਾ ਸਕਦਾ ਹੈ?

ਕੀ ਹਰੇ ਪਟਾਕੇ ਸੱਚਮੁੱਚ ਵਾਤਾਵਰਣ-ਮਿੱਤਰ ਹਨ?

ਹਰੇ ਪਟਾਕੇ ਪ੍ਰਦੂਸ਼ਣ ਘਟਾਉਣ ਵੱਲ ਇੱਕ ਯਤਨ ਹਨ, ਪਰ ਇਹ ਵਾਤਾਵਰਣ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਨਹੀਂ ਹਨ। ਇਨ੍ਹਾਂ ਦੇ ਲਾਭ ਵਿਗਿਆਨਕ ਜਾਂਚ, ਅਸਲੀ ਨਿਰਮਾਣ, ਪ੍ਰਮਾਣੀਕਰਨ ਅਤੇ ਜ਼ਿੰਮੇਵਾਰ ਵਰਤੋਂ ਉੱਤੇ ਨਿਰਭਰ ਕਰਦੇ ਹਨ।

ਖਪਤਕਾਰਾਂ ਨੂੰ ਸਿਰਫ਼ ਮਨਜ਼ੂਰਸ਼ੁਦਾ ਪਟਾਕੇ ਹੀ ਖਰੀਦਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਪਛਾਣ ਸਬੰਧੀ ਜਾਣਕਾਰੀ ਦੀ ਜਾਂਚ ਕਰਨੀ ਚਾਹੀਦੀ ਹੈ। ਹਰੇ ਪਟਾਕਿਆਂ ਦੇ ਨਾਂ 'ਤੇ ਵੇਚੇ ਜਾਣ ਵਾਲੇ ਗੈਰ-ਮਿਆਰੀ ਜਾਂ ਨਕਲੀ ਉਤਪਾਦ ਲੋੜੀਂਦੇ ਮਾਪਦੰਡਾਂ 'ਤੇ ਖਰੇ ਨਹੀਂ ਉਤਰ ਸਕਦੇ।

ਇਹ ਵੀ ਯਾਦ ਰੱਖਣਾ ਜ਼ਰੂਰੀ ਹੈ ਕਿ ਪ੍ਰਦੂਸ਼ਣ ਘਟਾਉਣਾ ਸਿਰਫ਼ ਪਟਾਕਿਆਂ ਦੀ ਕਿਸਮ ਬਦਲਣ ਨਾਲ ਸੰਭਵ ਨਹੀਂ। ਉਨ੍ਹਾਂ ਦੀ ਕੁੱਲ ਵਰਤੋਂ ਘਟਾਉਣਾ ਵੀ ਉਤਨਾ ਹੀ ਮਹੱਤਵਪੂਰਨ ਹੈ।

ਵਾਤਾਵਰਣ-ਮਿੱਤਰ ਦੀਵਾਲੀ ਕਿਵੇਂ ਮਨਾਈਏ?

ਕੁਝ ਸਧਾਰਨ ਅਤੇ ਅਰਥਪੂਰਨ ਕਦਮਾਂ ਨਾਲ ਅਸੀਂ ਸਾਫ਼-ਸੁਥਰੀ ਦੀਵਾਲੀ ਮਨਾ ਸਕਦੇ ਹਾਂ:

- ਮਿੱਟੀ ਦੇ ਰਵਾਇਤੀ ਦੀਵਿਆਂ ਅਤੇ ਊਰਜਾ-ਬਚਾਉਣ ਵਾਲੀਆਂ ਲਾਈਟਾਂ ਨੂੰ ਤਰਜੀਹ ਦਿਓ।
- ਪਟਾਕਿਆਂ ਦੀ ਵਰਤੋਂ ਘਟਾਓ ਜਾਂ ਉਨ੍ਹਾਂ ਤੋਂ ਪੂਰੀ ਤਰ੍ਹਾਂ ਪਰਹੇਜ਼ ਕਰੋ।
- ਜੇ ਪਟਾਕੇ ਚਲਾਉਣੇ ਹੀ ਹੋਣ ਤਾਂ ਸਿਰਫ਼ ਮਨਜ਼ੂਰਸ਼ੁਦਾ ਹਰੇ ਪਟਾਕੇ ਖਰੀਦੋ।
- ਹਸਪਤਾਲਾਂ, ਸਕੂਲਾਂ, ਪਸ਼ੂਆਂ ਅਤੇ ਭੀੜ-ਭੜੱਕੇ ਵਾਲੀਆਂ ਰਿਹਾਇਸ਼ੀ ਥਾਵਾਂ ਦੇ ਨੇੜੇ ਪਟਾਕੇ ਨਾ ਚਲਾਓ।
- ਛੋਟੇ ਬੱਚਿਆਂ ਨੂੰ ਵੱਡਿਆਂ ਦੀ ਨਿਗਰਾਨੀ ਤੋਂ ਬਿਨਾਂ ਪਟਾਕੇ ਨਾ ਚਲਾਉਣ ਦਿਓ।
- ਪਟਾਕਿਆਂ ਦੀ ਰਹਿੰਦ-ਖੂੰਹਦ ਅਤੇ ਪੈਕਿੰਗ ਨੂੰ ਜ਼ਿੰਮੇਵਾਰੀ ਨਾਲ ਨਿਪਟਾਓ।
- ਰੌਸ਼ਨੀ, ਸੱਭਿਆਚਾਰਕ ਪ੍ਰੋਗਰਾਮਾਂ ਅਤੇ ਆਪਸੀ ਮਿਲਵਰਤਣ 'ਤੇ ਆਧਾਰਿਤ ਸਮੂਹਿਕ ਸਮਾਗਮਾਂ ਨੂੰ ਉਤਸ਼ਾਹਿਤ ਕਰੋ।

ਸਕੂਲ, ਰਿਹਾਇਸ਼ੀ ਭਲਾਈ ਸੰਸਥਾਵਾਂ ਅਤੇ ਸਮਾਜਿਕ ਸੰਗਠਨ ਵੀ ਹਵਾ ਦੀ ਗੁਣਵੱਤਾ, ਸ਼ੋਰ ਪ੍ਰਦੂਸ਼ਣ ਅਤੇ ਜ਼ਿੰਮੇਵਾਰ ਤਿਉਹਾਰ ਮਨਾਉਣ ਬਾਰੇ ਜਾਗਰੂਕਤਾ ਫੈਲਾ ਸਕਦੇ ਹਨ।

ਪਟਾਕਿਆਂ ਤੋਂ ਅੱਗੇ: ਸੋਚ ਵਿੱਚ ਤਬਦੀਲੀ

ਅਸਲ ਵਿੱਚ ਵਾਤਾਵਰਣ-ਮਿੱਤਰ ਦੀਵਾਲੀ ਦਾ ਫ਼ੈਸਲਾ ਪਟਾਕੇ ਦੇ ਰੰਗ ਜਾਂ ਉਸ ਉੱਤੇ ਲੱਗੇ ਲੇਬਲ ਨਾਲ ਨਹੀਂ ਹੁੰਦਾ। ਇਸ ਦਾ ਅਸਲ ਮਾਪਦੰਡ ਮਨੁੱਖੀ ਸਿਹਤ, ਪਸ਼ੂ-ਪੰਛੀਆਂ ਅਤੇ ਵਾਤਾਵਰਣ ਪ੍ਰਤੀ ਸਾਡੀ ਚਿੰਤਾ ਹੈ। ਤਿਉਹਾਰ ਖੁਸ਼ੀਆਂ ਲੈ ਕੇ ਆਉਣੇ ਚਾਹੀਦੇ ਹਨ, ਨਾ ਕਿ ਸਾਹ ਲੈਣ ਵਿੱਚ ਤਕਲੀਫ਼, ਸ਼ੋਰ ਕਾਰਨ ਤਣਾਅ ਅਤੇ ਵਾਤਾਵਰਣ ਨੂੰ ਨੁਕਸਾਨ।

ਹਰੇ ਪਟਾਕੇ ਪ੍ਰਦੂਸ਼ਣ ਘਟਾਉਣ ਵੱਲ ਇੱਕ ਕਦਮ ਹੋ ਸਕਦੇ ਹਨ, ਪਰ ਸਭ ਤੋਂ ਪ੍ਰਭਾਵਸ਼ਾਲੀ ਹੱਲ ਇਨ੍ਹਾਂ ਦੀ ਵਰਤੋਂ ਘਟਾਉਣਾ ਅਤੇ ਦੀਵਾਲੀ ਮਨਾਉਣ ਦੇ ਹੋਰ ਸਾਫ਼-ਸੁਥਰੇ ਤਰੀਕੇ ਅਪਣਾਉਣਾ ਹੈ।

ਸਿੱਟਾ

ਹਰੇ ਪਟਾਕੇ ਰਵਾਇਤੀ ਪਟਾਕਿਆਂ ਦੇ ਮੁਕਾਬਲੇ ਘੱਟ ਪ੍ਰਦੂਸ਼ਣ ਫੈਲਾ ਸਕਦੇ ਹਨ, ਪਰ ਘੱਟ ਪ੍ਰਦੂਸ਼ਣ ਦਾ ਅਰਥ ਬਿਲਕੁਲ ਪ੍ਰਦੂਸ਼ਣ ਨਾ ਹੋਣਾ ਨਹੀਂ ਹੈ। ਇਨ੍ਹਾਂ ਦੇ ਵਾਤਾਵਰਣਕ ਲਾਭਾਂ ਨੂੰ ਹਰੇ ਲੇਬਲ ਦੇ ਆਧਾਰ 'ਤੇ ਨਹੀਂ, ਸਗੋਂ ਵਿਗਿਆਨਕ ਤੱਥਾਂ ਅਤੇ ਹਕੀਕਤ ਦੇ ਆਧਾਰ 'ਤੇ ਸਮਝਣਾ ਚਾਹੀਦਾ ਹੈ।

ਦੀਵਾਲੀ ਦੀ ਅਸਲ ਭਾਵਨਾ ਰੌਸ਼ਨੀ, ਦਇਆ ਅਤੇ ਖੁਸ਼ੀਆਂ ਵੰਡਣ ਵਿੱਚ ਹੈ। ਆਓ, ਅਸੀਂ ਅਜਿਹੀ ਦੀਵਾਲੀ ਮਨਾਈਏ ਜਿਸ ਵਿੱਚ ਸਾਡੇ ਘਰ ਰੌਸ਼ਨ ਹੋਣ, ਹਵਾ ਸਾਫ਼ ਰਹੇ ਅਤੇ ਸਮਾਜ ਸਿਹਤਮੰਦ ਬਣੇ। ਅਸਲ ਵਾਤਾਵਰਣ-ਮਿੱਤਰ ਦੀਵਾਲੀ ਉਹੀ ਹੈ ਜਿਸ ਦੀ ਖੁਸ਼ੀ ਦੀ ਕੀਮਤ ਕੁਦਰਤ ਨੂੰ ਨਾ ਚੁਕਾਉਣੀ ਪਵੇ।

ਆਤਿਸ਼ਬਾਜ਼ੀ: ਕੁਝ ਮਿੰਟਾਂ ਦੀ ਖੁਸ਼ੀ, ਪਰ ਲੰਬੇ ਸਮੇਂ ਤੱਕ ਰਹਿਣ ਵਾਲੀ ਆਰਥਿਕ ਅਤੇ ਵਾਤਾਵਰਣਕ ਕੀਮਤ





ਡਾ. ਵਿਜੈ ਗਰਗ
ਸੇਵਾਮੁਕਤ ਪ੍ਰਿੰਸੀਪਲ, ਮਲੋਟ, ਪੰਜਾਬ

ਤਿਉਹਾਰ ਖੁਸ਼ੀਆਂ ਸਾਂਝੀਆਂ ਕਰਨ, ਰਿਸ਼ਤਿਆਂ ਨੂੰ ਮਜ਼ਬੂਤ ਬਣਾਉਣ ਅਤੇ ਸੁੰਦਰ ਯਾਦਾਂ ਸਿਰਜਣ ਦਾ ਮੌਕਾ ਹੁੰਦੇ ਹਨ। ਆਤਿਸ਼ਬਾਜ਼ੀ ਲੰਬੇ ਸਮੇਂ ਤੋਂ ਖ਼ਾਸ ਕਰਕੇ ਤਿਉਹਾਰਾਂ, ਵਿਆਹਾਂ ਅਤੇ ਜਨਤਕ ਸਮਾਗਮਾਂ ਦਾ ਹਿੱਸਾ ਰਹੀ ਹੈ। ਪਟਾਕਿਆਂ ਦੀ ਰੰਗ-ਬਿਰੰਗੀ ਰੌਸ਼ਨੀ ਅਤੇ ਉੱਚੀਆਂ ਆਵਾਜ਼ਾਂ ਕੁਝ ਪਲਾਂ ਲਈ ਉਤਸ਼ਾਹ ਅਤੇ ਖੁਸ਼ੀ ਪੈਦਾ ਕਰ ਸਕਦੀਆਂ ਹਨ, ਪਰ ਇਨ੍ਹਾਂ ਦੇ ਮਾੜੇ ਪ੍ਰਭਾਵ ਜਸ਼ਨ ਖ਼ਤਮ ਹੋਣ ਤੋਂ ਬਾਅਦ ਵੀ ਲੰਬੇ ਸਮੇਂ ਤੱਕ ਬਣੇ ਰਹਿੰਦੇ ਹਨ। ਆਤਿਸ਼ਬਾਜ਼ੀ ਨਾਲ ਮਿਲਣ ਵਾਲੀ ਕੁਝ ਮਿੰਟਾਂ ਦੀ ਖੁਸ਼ੀ ਦੀ ਕੀਮਤ ਸਾਨੂੰ ਆਰਥਿਕ, ਵਾਤਾਵਰਣਕ ਅਤੇ ਸਿਹਤ ਸੰਬੰਧੀ ਸਮੱਸਿਆਵਾਂ ਦੇ ਰੂਪ ਵਿੱਚ ਚੁਕਾਉਣੀ ਪੈਂਦੀ ਹੈ।

ਆਤਿਸ਼ਬਾਜ਼ੀ ਦਾ ਸਭ ਤੋਂ ਗੰਭੀਰ ਪ੍ਰਭਾਵ ਹਵਾ ਪ੍ਰਦੂਸ਼ਣ ਹੈ। ਪਟਾਕੇ ਚਲਾਉਣ ਨਾਲ ਵਾਤਾਵਰਣ ਵਿੱਚ ਹਾਨੀਕਾਰਕ ਗੈਸਾਂ, ਧੂੰਆਂ ਅਤੇ ਬਹੁਤ ਬਰੀਕ ਕਣ ਫੈਲ ਜਾਂਦੇ ਹਨ। ਇਨ੍ਹਾਂ ਵਿੱਚ ਸਲਫਰ ਡਾਈਆਕਸਾਈਡ, ਨਾਈਟ੍ਰੋਜਨ ਆਕਸਾਈਡ ਅਤੇ ਅਜਿਹੇ ਸੂਖਮ ਕਣ ਸ਼ਾਮਲ ਹੋ ਸਕਦੇ ਹਨ, ਜੋ ਫੇਫੜਿਆਂ ਦੇ ਅੰਦਰ ਤੱਕ ਪਹੁੰਚ ਜਾਂਦੇ ਹਨ। ਇਹ ਪ੍ਰਦੂਸ਼ਕ ਹਵਾ ਦੀ ਗੁਣਵੱਤਾ ਨੂੰ ਖ਼ਰਾਬ ਕਰਦੇ ਹਨ ਅਤੇ ਦਮਾ, ਬਰੌਂਕਾਈਟਿਸ, ਸਾਹ ਦੀਆਂ ਲਾਗਾਂ ਅਤੇ ਸਾਹ ਨਾਲ ਜੁੜੀਆਂ ਹੋਰ ਬਿਮਾਰੀਆਂ ਨੂੰ ਵਧਾ ਸਕਦੇ ਹਨ। ਬੱਚੇ, ਬਜ਼ੁਰਗ ਅਤੇ ਪਹਿਲਾਂ ਤੋਂ ਸਾਹ ਦੀਆਂ ਬਿਮਾਰੀਆਂ ਨਾਲ ਪੀੜਤ ਲੋਕ ਇਸ ਦੇ ਪ੍ਰਭਾਵਾਂ ਲਈ ਵਧੇਰੇ ਸੰਵੇਦਨਸ਼ੀਲ ਹੁੰਦੇ ਹਨ।

ਆਤਿਸ਼ਬਾਜ਼ੀ ਦਾ ਵਾਤਾਵਰਣ ਉੱਤੇ ਪ੍ਰਭਾਵ ਸਿਰਫ਼ ਹਵਾ ਪ੍ਰਦੂਸ਼ਣ ਤੱਕ ਸੀਮਿਤ ਨਹੀਂ ਹੈ। ਪਟਾਕਿਆਂ ਨਾਲ ਕਾਗਜ਼, ਪਲਾਸਟਿਕ, ਗੱਤਾ, ਰਸਾਇਣਕ ਰਹਿੰਦ-ਖੂੰਹਦ ਅਤੇ ਪੈਕਿੰਗ ਸਮੱਗਰੀ ਦੇ ਰੂਪ ਵਿੱਚ ਵੱਡੀ ਮਾਤਰਾ ਵਿੱਚ ਕੂੜਾ ਪੈਦਾ ਹੁੰਦਾ ਹੈ। ਇਹ ਕੂੜਾ ਅਕਸਰ ਸੜਕਾਂ, ਪਾਰਕਾਂ ਅਤੇ ਜਨਤਕ ਥਾਵਾਂ ਉੱਤੇ ਖਿੱਲਰਿਆ ਰਹਿੰਦਾ ਹੈ। ਕੁਝ ਰਸਾਇਣਕ ਅਵਸ਼ੇਸ਼ ਮਿੱਟੀ ਅਤੇ ਪਾਣੀ ਨੂੰ ਵੀ ਪ੍ਰਦੂਸ਼ਿਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਨਗਰ ਨਿਗਮਾਂ ਨੂੰ ਸਫ਼ਾਈ ਅਤੇ ਕੂੜੇ ਦੇ ਨਿਪਟਾਰੇ ਲਈ ਵਾਧੂ ਪੈਸਾ ਅਤੇ ਸਰੋਤ ਖਰਚਣੇ ਪੈਂਦੇ ਹਨ।

ਧੁਨੀ ਪ੍ਰਦੂਸ਼ਣ ਵੀ ਇੱਕ ਗੰਭੀਰ ਸਮੱਸਿਆ ਹੈ। ਪਟਾਕਿਆਂ ਦੇ ਅਚਾਨਕ ਅਤੇ ਬਹੁਤ ਉੱਚੇ ਧਮਾਕੇ ਤਣਾਅ, ਘਬਰਾਹਟ, ਨੀਂਦ ਵਿੱਚ ਵਿਘਨ ਅਤੇ ਸੁਣਨ ਦੀਆਂ ਸਮੱਸਿਆਵਾਂ ਪੈਦਾ ਕਰ ਸਕਦੇ ਹਨ। ਨਵਜੰਮੇ ਬੱਚਿਆਂ, ਬਜ਼ੁਰਗਾਂ, ਹਸਪਤਾਲਾਂ ਵਿੱਚ ਦਾਖ਼ਲ ਮਰੀਜ਼ਾਂ ਅਤੇ ਉੱਚੀਆਂ ਆਵਾਜ਼ਾਂ ਪ੍ਰਤੀ ਸੰਵੇਦਨਸ਼ੀਲ ਲੋਕਾਂ ਲਈ ਆਤਿਸ਼ਬਾਜ਼ੀ ਬਹੁਤ ਜ਼ਿਆਦਾ ਪ੍ਰੇਸ਼ਾਨੀ ਦਾ ਕਾਰਨ ਬਣ ਸਕਦੀ ਹੈ।

ਆਤਿਸ਼ਬਾਜ਼ੀ ਦੇ ਬੇਜ਼ੁਬਾਨ ਪੀੜਤਾਂ ਵਿੱਚ ਪਸ਼ੂ-ਪੰਛੀ ਵੀ ਸ਼ਾਮਲ ਹਨ। ਉੱਚੀਆਂ ਆਵਾਜ਼ਾਂ ਕਾਰਨ ਪਾਲਤੂ ਜਾਨਵਰ ਡਰ ਜਾਂਦੇ ਹਨ, ਜਦਕਿ ਪੰਛੀ ਘਬਰਾਹਟ ਵਿੱਚ ਆਪਣੇ ਆਲ੍ਹਣੇ ਛੱਡ ਸਕਦੇ ਹਨ ਅਤੇ ਕਈ ਵਾਰ ਰਸਤਾ ਭੁੱਲ ਜਾਂਦੇ ਹਨ। ਆਵਾਰਾ ਪਸ਼ੂ ਡਰ ਕਾਰਨ ਸੜਕਾਂ ਉੱਤੇ ਭੱਜਣ ਲੱਗ ਪੈਂਦੇ ਹਨ, ਜਿਸ ਨਾਲ ਹਾਦਸਿਆਂ ਦਾ ਖ਼ਤਰਾ ਵਧ ਜਾਂਦਾ ਹੈ। ਮਨੁੱਖਾਂ ਦਾ ਜਸ਼ਨ ਹੋਰ ਜੀਵਾਂ ਲਈ ਦੁੱਖ ਅਤੇ ਤਕਲੀਫ਼ ਦਾ ਕਾਰਨ ਨਹੀਂ ਬਣਨਾ ਚਾਹੀਦਾ।

ਆਤਿਸ਼ਬਾਜ਼ੀ ਦੀ ਆਰਥਿਕ ਕੀਮਤ ਬਾਰੇ ਸੋਚਣਾ ਵੀ ਬਹੁਤ ਜ਼ਰੂਰੀ ਹੈ। ਹਰ ਸਾਲ ਪਰਿਵਾਰ ਪਟਾਕੇ ਖਰੀਦਣ ਉੱਤੇ ਵੱਡੀ ਰਕਮ ਖਰਚ ਕਰਦੇ ਹਨ, ਜਿਨ੍ਹਾਂ ਦੀ ਵਰਤੋਂ ਕੁਝ ਹੀ ਸਮੇਂ ਵਿੱਚ ਖ਼ਤਮ ਹੋ ਜਾਂਦੀ ਹੈ। ਦੂਜੇ ਪਾਸੇ, ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਨੂੰ ਸਫ਼ਾਈ, ਪ੍ਰਦੂਸ਼ਣ ਕੰਟਰੋਲ, ਸਿਹਤ ਸੇਵਾਵਾਂ ਅਤੇ ਐਮਰਜੈਂਸੀ ਪ੍ਰਬੰਧਾਂ ਉੱਤੇ ਵਾਧੂ ਖਰਚ ਕਰਨਾ ਪੈਂਦਾ ਹੈ। ਪਟਾਕਿਆਂ ਕਾਰਨ ਹੋਣ ਵਾਲੇ ਹਾਦਸਿਆਂ ਨਾਲ ਇਲਾਜ ਦਾ ਖਰਚਾ, ਜਾਇਦਾਦ ਦਾ ਨੁਕਸਾਨ ਅਤੇ ਕੰਮਕਾਜ ਵਿੱਚ ਰੁਕਾਵਟ ਵਰਗੀਆਂ ਸਮੱਸਿਆਵਾਂ ਵੀ ਪੈਦਾ ਹੁੰਦੀਆਂ ਹਨ।

ਇਸ ਪੈਸੇ ਦੀ ਵਰਤੋਂ ਬੱਚਿਆਂ ਦੀ ਸਿੱਖਿਆ, ਸਿਹਤ ਸੇਵਾਵਾਂ, ਵਾਤਾਵਰਣ ਦੀ ਸੰਭਾਲ, ਰੁੱਖ ਲਗਾਉਣ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਵਰਗੇ ਵਧੇਰੇ ਲਾਭਦਾਇਕ ਕੰਮਾਂ ਲਈ ਕੀਤੀ ਜਾ ਸਕਦੀ ਹੈ। ਤਿਉਹਾਰ ਉਦੋਂ ਹੀ ਵਧੇਰੇ ਸਾਰਥਕ ਬਣਦੇ ਹਨ, ਜਦੋਂ ਉਹ ਕੁਝ ਪਲਾਂ ਦੀ ਖੁਸ਼ੀ ਦੀ ਬਜਾਏ ਸਮਾਜ ਨੂੰ ਲੰਬੇ ਸਮੇਂ ਤੱਕ ਲਾਭ ਪਹੁੰਚਾਉਂਦੇ ਹਨ।

ਅੱਗ ਤੋਂ ਸੁਰੱਖਿਆ ਵੀ ਇੱਕ ਮਹੱਤਵਪੂਰਨ ਮਸਲਾ ਹੈ। ਪਟਾਕਿਆਂ ਦੀ ਗ਼ਲਤ ਵਰਤੋਂ, ਅਸੁਰੱਖਿਅਤ ਨਿਰਮਾਣ ਅਤੇ ਭੰਡਾਰਨ ਕਾਰਨ ਸੜਨ, ਅੱਖਾਂ ਦੀਆਂ ਸੱਟਾਂ, ਅੱਗ ਲੱਗਣ ਅਤੇ ਇੱਥੋਂ ਤੱਕ ਕਿ ਜਾਨੀ ਨੁਕਸਾਨ ਵੀ ਹੋ ਸਕਦਾ ਹੈ। ਪਟਾਕਾ ਉਦਯੋਗ ਵਿੱਚ ਕੰਮ ਕਰਨ ਵਾਲੇ ਕਈ ਮਜ਼ਦੂਰਾਂ ਨੂੰ ਵੀ ਖ਼ਤਰਨਾਕ ਰਸਾਇਣਾਂ ਅਤੇ ਅਸੁਰੱਖਿਅਤ ਕੰਮਕਾਜੀ ਹਾਲਾਤਾਂ ਕਾਰਨ ਸਿਹਤ ਸੰਬੰਧੀ ਖ਼ਤਰਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਇਸ ਦਾ ਹੱਲ ਤਿਉਹਾਰਾਂ ਅਤੇ ਖੁਸ਼ੀਆਂ ਨੂੰ ਛੱਡਣਾ ਨਹੀਂ, ਸਗੋਂ ਉਨ੍ਹਾਂ ਨੂੰ ਮਨਾਉਣ ਦੇ ਢੰਗ ਵਿੱਚ ਤਬਦੀਲੀ ਲਿਆਉਣਾ ਹੈ। ਰਵਾਇਤੀ ਦੀਵੇ, ਸਜਾਵਟੀ ਲਾਈਟਾਂ, ਸੱਭਿਆਚਾਰਕ ਪ੍ਰੋਗਰਾਮ, ਸਾਂਝੇ ਸਮਾਗਮ, ਸੰਗੀਤ ਅਤੇ ਵਾਤਾਵਰਣ-ਅਨੁਕੂਲ ਗਤੀਵਿਧੀਆਂ ਬਿਨਾਂ ਵਧੇਰੇ ਪ੍ਰਦੂਸ਼ਣ ਫੈਲਾਏ ਖੁਸ਼ੀਆਂ ਵੰਡ ਸਕਦੀਆਂ ਹਨ। ਸਕੂਲ, ਵਿਦਿਅਕ ਸੰਸਥਾਵਾਂ, ਪਰਿਵਾਰ ਅਤੇ ਸਮਾਜਿਕ ਸੰਗਠਨ ਖ਼ਾਸ ਕਰਕੇ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ।

ਸਰਕਾਰ ਨੂੰ ਵੀ ਸੁਰੱਖਿਆ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ ਚਾਹੀਦਾ ਹੈ, ਗੈਰ-ਕਾਨੂੰਨੀ ਪਟਾਕਾ ਨਿਰਮਾਣ ਉੱਤੇ ਨਿਗਰਾਨੀ ਰੱਖਣੀ ਚਾਹੀਦੀ ਹੈ ਅਤੇ ਸਾਫ਼-ਸੁਥਰੇ ਵਿਕਲਪਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਨਾਗਰਿਕਾਂ ਨੂੰ ਲਾਗੂ ਪਾਬੰਦੀਆਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਇਹ ਸਮਝਣਾ ਚਾਹੀਦਾ ਹੈ ਕਿ ਜ਼ਿੰਮੇਵਾਰੀ ਨਾਲ ਤਿਉਹਾਰ ਮਨਾਉਣਾ ਸਾਡੀ ਸਾਂਝੀ ਸਮਾਜਿਕ ਜ਼ਿੰਮੇਵਾਰੀ ਹੈ।

ਤਿਉਹਾਰ ਸਾਡੀ ਜ਼ਿੰਦਗੀ ਨੂੰ ਰੌਸ਼ਨ ਕਰਨ ਲਈ ਹੁੰਦੇ ਹਨ, ਨਾ ਕਿ ਸਾਡੇ ਆਲੇ-ਦੁਆਲੇ ਨੂੰ ਪ੍ਰਦੂਸ਼ਿਤ ਕਰਨ ਲਈ। ਅਸਲ ਖੁਸ਼ੀ ਸਭ ਤੋਂ ਉੱਚੇ ਧਮਾਕੇ ਜਾਂ ਸਭ ਤੋਂ ਚਮਕਦਾਰ ਆਤਿਸ਼ਬਾਜ਼ੀ ਵਿੱਚ ਨਹੀਂ, ਸਗੋਂ ਸਿਹਤਮੰਦ ਪਰਿਵਾਰਾਂ, ਸਾਫ਼ ਹਵਾ, ਸ਼ਾਂਤਮਈ ਸਮਾਜ ਅਤੇ ਸੁਰੱਖਿਅਤ ਵਾਤਾਵਰਣ ਵਿੱਚ ਹੈ। ਆਤਿਸ਼ਬਾਜ਼ੀ ਭਾਵੇਂ ਕੁਝ ਮਿੰਟਾਂ ਦਾ ਰੋਮਾਂਚ ਪ੍ਰਦਾਨ ਕਰਦੀ ਹੈ, ਪਰ ਇਸ ਦੇ ਆਰਥਿਕ ਅਤੇ ਵਾਤਾਵਰਣਕ ਮਾੜੇ ਪ੍ਰਭਾਵ ਲੰਬੇ ਸਮੇਂ ਤੱਕ ਰਹਿ ਸਕਦੇ ਹਨ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਥੋੜ੍ਹੇ ਸਮੇਂ ਦੇ ਆਨੰਦ ਦੀ ਥਾਂ ਸਥਾਈ ਖੁਸ਼ੀਆਂ ਨੂੰ ਅਪਣਾਈਏ ਅਤੇ ਆਪਣੇ ਜਸ਼ਨਾਂ ਨੂੰ ਵਧੇਰੇ ਸਾਰਥਕ, ਜ਼ਿੰਮੇਵਾਰ ਅਤੇ ਵਾਤਾਵਰਣ-ਅਨੁਕੂਲ ਬਣਾਈਏ। ਅਸਲ ਜਸ਼ਨ ਉਦੋਂ ਹੀ ਸ਼ੁਰੂ ਹੁੰਦਾ ਹੈ, ਜਦੋਂ ਸਾਡੀਆਂ ਖੁਸ਼ੀਆਂ ਕੁਦਰਤ, ਜਨਤਕ ਸਿਹਤ ਅਤੇ ਦੂਜਿਆਂ ਦੀ ਭਲਾਈ ਦੀ ਕੀਮਤ ਉੱਤੇ ਨਾ ਹੋਣ।

ਡੇਰਾਬੱਸੀ ਹਲਕੇ ਦੇ ਛੇ ਪਿੰਡਾਂ ਵਿੱਚ 1.51 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਮੁੱਖ ਮੰਤਰੀ ਖੇਡ ਸਟੇਡੀਅਮ ਲੋਕ ਅਰਪਣ

- ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕੀਤਾ ਉਦਘਾਟਨ, ਨੌਜਵਾਨਾਂ ਨੂੰ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਵੀ ਵੰਡੀਆਂ

ਡੇਰਾਬੱਸੀ/ਲਾਲੜੂ, 5 ਨਵੰਬਰ (ਪੈ.ਗਾਮ-ਏ-ਜਗਤ)

ਹਲਕਾ ਡੇਰਾਬੱਸੀ ਦੇ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ ਹਲਕੇ ਦੇ 6 ਪਿੰਡਾਂ ਵਿੱਚ 1 ਕਰੋੜ 51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਮੁੱਖ ਮੰਤਰੀ ਖੇਡ ਸਟੇਡੀਅਮਾਂ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਲੋਕ ਅਰਪਣ ਕੀਤਾ। ਇਸ ਮੌਕੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਪਿੰਡ ਬੋਹੜਾ ਵਿੱਚ 32 ਲੱਖ ਰੁਪਏ, ਰਾਜੋਮਾਜਰਾ ਵਿੱਚ 30 ਲੱਖ ਰੁਪਏ, ਮੀਰਪੁਰਾ ਵਿੱਚ 5 ਲੱਖ ਰੁਪਏ, ਮੀਆਂਪੁਰ ਵਿੱਚ 32 ਲੱਖ ਰੁਪਏ, ਸਮਗੌਲੀ ਵਿੱਚ 22 ਲੱਖ ਰੁਪਏ ਅਤੇ ਸੁੰਡਰਾਂ ਵਿੱਚ 30 ਲੱਖ ਰੁਪਏ ਦੀ ਲਾਗਤ ਨਾਲ ਇਹ ਖੇਡ ਸਟੇਡੀਅਮ ਤਿਆਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੈਦਾਨਾਂ ਵਿੱਚ ਖਿਡਾਰੀਆਂ ਦੀ ਸਹੂਲਤ ਲਈ ਟਾਇਲਟ, ਚੇਨ ਲਿੰਕ ਫੈਂਸਿੰਗ, ਬੋਰਵੈੱਲ, ਹਾਈਡ੍ਰੈਂਟ ਅਤੇ ਸਪ੍ਰਿੰਕਲਰ ਸਿਸਟਮ, ਬੈਠਣ ਲਈ ਬੈਂਚ, ਹਾਈ ਮਾਸਟ ਲਾਈਟਾਂ ਅਤੇ ਬੈਲਾਰਡ ਲਾਈਟਾਂ ਸਮੇਤ ਵੱਖ-ਵੱਖ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਫੁੱਟਬਾਲ, ਵਾਲੀਬਾਲ ਅਤੇ ਕ੍ਰਿਕਟ ਦੀਆਂ ਖੇਡ ਕਿੱਟਾਂ ਦਿੱਤੀਆਂ ਗਈਆਂ, ਤਾਂ ਜੋ ਉਹ ਇਨ੍ਹਾਂ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈ ਸਕਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣ।

ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਬਣਾਉਣ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਪਿੰਡਾਂ ਵਿੱਚ ਆਧੁਨਿਕ ਖੇਡ ਸਟੇਡੀਅਮਾਂ ਦੀ ਉਸਾਰੀ ਅਤੇ ਖੇਡ ਕਿੱਟਾਂ ਦੀ ਵੰਡ ਇਸੇ ਦਿਸ਼ਾ ਵਿੱਚ ਅਹਿਮ ਕਦਮ ਹਨ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਦੇ ਹਨ। ਸਰਕਾਰ ਦਾ ਉਦੇਸ਼ ਹੈ ਕਿ ਪੇਂਡੂ ਖੇਤਰਾਂ ਦੇ ਖਿਡਾਰੀਆਂ ਨੂੰ ਵੀ ਬਿਹਤਰ ਖੇਡ ਸਹੂਲਤਾਂ ਆਪਣੇ ਪਿੰਡਾਂ ਵਿੱਚ ਹੀ ਉਪਲਬਧ ਹੋਣ, ਤਾਂ ਜੋ ਉਹ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ। ਵਿਧਾਇਕ ਰੰਧਾਵਾ ਨੇ ਕਿਹਾ ਕਿ ਹਲਕਾ ਡੇਰਾਬੱਸੀ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਰਫ਼ਤਾਰ ਜਾਰੀ ਰਹੇਗੀ।

ਉਨ੍ਹਾਂ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡ ਸਟੇਡੀਅਮਾਂ ਅਤੇ ਮੁਹੱਈਆ ਕਰਵਾਈਆਂ ਗਈਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਇਨ੍ਹਾਂ ਦੀ ਸਾਂਭ-ਸੰਭਾਲ ਵਿੱਚ ਵੀ ਆਪਣਾ ਯੋਗਦਾਨ ਪਾਉਣ। ਇਸ ਮੌਕੇ ਸਬੰਧਤ ਪਿੰਡਾਂ ਦੇ ਪੰਚ-ਸਰਪੰਚ, ਬਲਾਕ ਸੰਮਤੀ ਮੈਂਬਰ, ਬਲਾਕ ਪ੍ਰਧਾਨ, ਪੰਚਾਇਤ ਵਿਭਾਗ ਦੇ ਅਧਿਕਾਰੀ, ਪਿੰਡ ਵਾਸੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

ਸ਼ਹੀਦ ਬਲਬੀਰ ਸਿੰਘ ਹਾਕੀ ਸਟੇਡੀਅਮ, ਵਿਖੇ ਜਨਗਣਨਾ 2027 ਸਬੰਧੀ ਜਾਗਰੂਕਤਾ ਸਟਾਲ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 5 ਨਵੰਬਰ (ਪੈ.ਗਾਮ-ਏ-ਜਗਤ)



ਜਨਗਣਨਾ ਵਿਭਾਗ ਪੰਜਾਬ ਵੱਲੋਂ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਹਿਯੋਗ ਨਾਲ 4 ਅਤੇ 5 ਨਵੰਬਰ, 2026 ਨੂੰ ਸ਼ਹੀਦ ਬਲਬੀਰ ਸਿੰਘ ਹਾਕੀ ਸਟੇਡੀਅਮ, ਐਸ.ਏ.ਐਸ. ਨਗਰ ਵਿਖੇ ਜਨਗਣਨਾ 2027 ਸਬੰਧੀ ਦੋ ਰੋਜ਼ਾ ਜਾਗਰੂਕਤਾ ਮੁਹਿੰਮ ਚਲਾਈ ਗਈ।

ਇਸ ਮੌਕੇ ਜਾਗਰੂਕਤਾ ਸਟਾਲ ਦਾ ਉਦਘਾਟਨ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਨੇ ਕੀਤਾ। ਇਸ ਉਦਘਾਟਨੀ ਸਮਾਗਮ ਵਿੱਚ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਗੀਤਿਕਾ ਸਿੰਘ, ਪੀ.ਸੀ.ਐਸ. ਵੀ ਆਪਣੀ ਜਨਗਣਨਾ ਟੀਮ ਦੇ ਮੈਂਬਰਾਂ ਸਮੇਤ ਸ਼ਾਮਲ ਹੋਏ। ਇਹ ਪ੍ਰਚਾਰ ਮੁਹਿੰਮ ਪੰਜਾਬ ਸਰਕਾਰ ਦੇ 'ਇੰਡੀਆ ਕਾ ਗੇਮ' ਪ੍ਰੋਗਰਾਮ ਤਹਿਤ ਸਟੇਡੀਅਮ ਵਿਖੇ ਕਰਵਾਏ ਜਾ ਰਹੇ ਏਸ਼ੀਅਨ ਚੈਂਪੀਅਨਜ਼ ਟਰਾਫੀ 2026 ਦੇ ਹਾਕੀ ਮੈਚਾਂ ਦੇ ਨਾਲ-ਨਾਲ ਆਯੋਜਿਤ ਕੀਤੀ ਗਈ, ਜਿਸ ਨਾਲ ਵੱਡੀ ਗਿਣਤੀ ਵਿੱਚ ਦਰਸ਼ਕਾਂ, ਖ਼ਾਸ ਕਰਕੇ ਨੌਜਵਾਨ ਵਿਦਿਆਰਥੀਆਂ ਤੱਕ ਪਹੁੰਚ ਬਣਾਉਣ ਅਤੇ ਆਗਾਮੀ ਜਨਗਣਨਾ 2027 ਸਬੰਧੀ ਜਾਗਰੂਕਤਾ ਫੈਲਾਉਣ ਦਾ ਵਧੀਆ ਮੌਕਾ ਮਿਲਿਆ। ਇਸ ਮੁਹਿੰਮ ਤਹਿਤ ਸਟੇਡੀਅਮ ਵਿੱਚ ਜਨਗਣਨਾ 2027 ਦੇ ਵਿਸ਼ੇ ਨਾਲ ਸਬੰਧਤ ਆਕਰਸ਼ਕ ਡਿਸਪਲੇਅ ਸਟੈਂਡ ਅਤੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਸੈਲਫੀ ਪੁਆਇੰਟ ਸਥਾਪਿਤ ਕੀਤੇ ਗਏ। ਇਨ੍ਹਾਂ ਰਾਹੀਂ ਆਉਣ ਵਾਲੇ ਦਰਸ਼ਕਾਂ ਨੂੰ ਮੁਹਿੰਮ ਨਾਲ ਜੋੜਨ ਅਤੇ ਜਨਗਣਨਾ 2027 ਬਾਰੇ ਜਾਗਰੂਕ ਕਰਨ ਦਾ ਉਪਰਾਲਾ ਕੀਤਾ ਗਿਆ। ਇਨ੍ਹਾਂ ਇੰਟਰਐਕਟਿਵ ਸਥਾਪਨਾਵਾਂ ਨੇ ਖ਼ਾਸ ਕਰਕੇ ਨੌਜਵਾਨਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਫੋਟੋਆਂ ਖਿੱਚਣ ਅਤੇ ਜਨਗਣਨਾ ਜਾਗਰੂਕਤਾ ਮੁਹਿੰਮ ਵਿੱਚ ਆਪਣੀ ਭਾਗੀਦਾਰੀ ਸਾਂਝੀ ਕਰਨ ਲਈ ਉਤਸ਼ਾਹਿਤ ਕੀਤਾ। ਇਸ ਉਪਰਾਲੇ ਨਾਲ ਪ੍ਰਚਾਰ ਮੁਹਿੰਮ ਨੂੰ ਹੋਰ ਦਿਲਚਸਪ ਅਤੇ ਲੋਕਾਂ ਦੀ ਸ਼ਮੂਲੀਅਤ ਵਾਲਾ ਰੂਪ ਮਿਲਿਆ। ਇਸ ਮੌਕੇ ਜਨਗਣਨਾ ਵਿਭਾਗ ਵੱਲੋਂ ਜਨਗਣਨਾ 2027 ਦੇ ਵੱਖ-ਵੱਖ ਪੜਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਾਗਰਿਕਾਂ ਨੂੰ ਇਸ ਮਹੱਤਵਪੂਰਨ ਜਨਗਣਨਾ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਗਈ। ਭਾਰਤ ਸਰਕਾਰ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਪੰਜਾਬ ਵਿੱਚ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ, 2026 ਤੱਕ ਚਲਾਈ ਜਾਵੇਗੀ, ਜਿਸ ਤੋਂ ਬਾਅਦ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕੀਤੀ ਜਾਵੇਗੀ। ਇਸ ਉਪਰੰਤ 5 ਜਨਵਰੀ ਤੋਂ 9 ਜਨਵਰੀ, 2027 ਤੱਕ ਸੋਧ ਪ੍ਰਕਿਰਿਆ ਦਾ ਦੌਰ ਚਲਾਇਆ ਜਾਵੇਗਾ। ਦਰਸ਼ਕਾਂ ਨੂੰ ਦੱਸਿਆ ਗਿਆ ਕਿ ਸਵੈ-ਗਣਨਾ ਦੀ ਸਹੂਲਤ ਰਾਹੀਂ ਪਰਿਵਾਰ ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਜਨਗਣਨਾ ਸ਼ੁਰੂ ਹੋਣ ਤੋਂ ਪਹਿਲਾਂ ਸਰਕਾਰ ਦੇ ਅਧਿਕਾਰਤ ਸਵੈ-ਗਣਨਾ ਪੋਰਟਲ 'ਤੇ ਆਨਲਾਈਨ ਆਪਣੇ ਪਰਿਵਾਰ ਨਾਲ ਸਬੰਧਤ ਜਾਣਕਾਰੀ ਦਰਜ ਕਰਵਾ ਸਕਣਗੇ। ਇਸ ਪ੍ਰਚਾਰ ਮੁਹਿੰਮ ਦੌਰਾਨ ਜਨਗਣਨਾ ਵਿਭਾਗ ਵੱਲੋਂ ਸਟੇਡੀਅਮ ਵਿੱਚ ਆਉਣ ਵਾਲੇ ਦਰਸ਼ਕਾਂ ਨੂੰ ਜਨਗਣਨਾ 2027 ਦੇ ਲੋਗੋ ਵਾਲੀਆਂ ਟੋਪੀਆਂ, ਜਾਣਕਾਰੀ ਭਰਪੂਰ ਪੈਂਫਲਿਟ ਅਤੇ ਨੋਟਪੈਡ ਵੀ ਵੰਡੇ ਗਏ। ਜਨਗਣਨਾ ਦੇ ਲੋਗੋ ਵਾਲੀਆਂ ਟੋਪੀਆਂ ਨੇ ਵਿਸ਼ੇਸ਼ ਤੌਰ 'ਤੇ ਸਕੂਲੀ ਵਿਦਿਆਰਥੀਆਂ ਦਾ ਕਾਫ਼ੀ ਧਿਆਨ ਖਿੱਚਿਆ ਅਤੇ ਉਨ੍ਹਾਂ ਨੇ ਉਤਸ਼ਾਹ ਨਾਲ ਇਹ ਟੋਪੀਆਂ ਪ੍ਰਾਪਤ ਕੀਤੀਆਂ। ਧੁੱਪ ਵਾਲੇ ਮੌਸਮ ਵਿੱਚ ਹਾਕੀ ਮੈਚ ਦੇਖ ਰਹੇ ਵਿਦਿਆਰਥੀਆਂ ਲਈ ਇਹ ਟੋਪੀਆਂ ਲਾਹੇਵੰਦ ਵੀ ਸਾਬਤ ਹੋਈਆਂ।

ਪੁਸਤਕ 'ਚੁਰਾਸੀਨਾਮਾ' ਦਾ ਹੋਇਆ ਲੋਕ ਅਰਪਣ ਸਮਾਗਮ

ਚੰਡੀਗੜ੍ਹ, 5 ਨਵੰਬਰ (ਪੈ.ਗਾਮ-ਏ-ਜਗਤ)



ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਪ੍ਰੋਫੈਸਰ ਤੇ ਸਮਾਜਿਕ ਵਿਸ਼ਲੇਸ਼ਣਕਾਰ ਡਾ. ਹਰਵਿੰਦਰ ਸਿੰਘ ਭੱਟੀ ਦੀ ਕਾਵਿ ਪੁਸਤਕ 'ਚੁਰਾਸੀਨਾਮਾ' ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ, ਪੰਜਾਬ ਦੇ ਸਾਬਕਾ ਮੁੱਖ ਸਕੱਤਰ ਰਮੇਸ਼ ਇੰਦਰ ਸਿੰਘ, ਪੰਜਾਬੀ ਲੋਕ ਵਿਰਾਸਤ ਅਕਾਦਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਪੰਜਾਬੀ ਅਕਾਦਮੀ ਦਿੱਲੀ ਦੇ ਸਾਬਕਾ ਸਕੱਤਰ ਗੁਰਭੇਜ ਸਿੰਘ ਗੁਰਾਇਆ, ਸੀਨੀਅਰ ਪੱਤਰਕਾਰ ਜਗਤਾਰ ਸਿੰਘ ਭੁੱਲਰ, ਦਲਜੀਤ ਸਿੰਘ ਸ਼ਾਹੀ ਤੇ ਆਰਬਾਈਡ ਵਰਲਡ ਚੈਨਲ ਦੇ ਸੰਚਾਲਕ ਦਵਿੰਦਰ ਪਾਲ ਨੇ ਪਾਠਕ ਅਰਪਣ ਕੀਤਾ।

ਸਮਾਰੋਹ ਦੇ ਸ਼ੁਰੂ ਵਿਚ ਨਾਮਵਰ ਪੱਤਰਕਾਰ ਤੇ ਲੇਖਕ ਜਗਤਾਰ ਸਿੰਘ ਭੁੱਲਰ ਨੇ ਬੋਲਦਿਆਂ ਕਿਹਾ ਕਿ ਪੰਜਾਬ ਨੇ ਨਾ ਤਾਂ ਉੱਨੀ ਸੌ ਸੰਤਾਲੀ ਮੰਗੀ ਸੀ ਅਤੇ ਨਾ ਹੀ ਉੱਨੀ ਸੌ ਚੁਰਾਸੀ, ਪਰ ਸਿਆਸਤ ਦੀ ਭੁੱਖ ਕਾਰਨ ਸੰਤਾਲੀ ਅਤੇ ਚੁਰਾਸੀ ਨਾਲ ਪੰਜਾਬ ਤੇ ਦਿੱਲੀ ਦੀ ਧਰਤੀ ਲਹੂ ਲੁਹਾਨ ਹੋਈ। ਉਨਾ ਕਿਹਾ ਕਿ 47 ਤੋਂ 84 ਤੱਕ ਪੰਜਾਬ ਨੂੰ ਲੁੱਟਣ ਕੁੱਟਣ ਅਤੇ ਮਾਰਨ ਵਾਲੇ ਕੌਣ ਸਨ? ਅੱਜ ਤੱਕ ਵੀ ਹਨੇਰਾ ਢੋ ਰਹੇ ਹਾਂ। ਲੋਕਾਂ ਨੂੰ ਇਨਸਾਫ ਨਹੀਂ ਮਿਲਿਆ।

ਇਸ ਮੌਕੇ 'ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ 1984 ਦੇ 10 ਨਵੰਬਰ ਦੇ ਨੇੜੇ ਦੀ ਗੱਲ ਕਰਦਿਆਂ ਕਿਹਾ ਕਿ ਜਦੋਂ ਟਰੇਨਾਂ, ਬੱਸਾਂ, ਤੇ ਆਪਣੇ ਵਹੀਕਲਜ਼ ਰਾਹੀਂ ਦਿੱਲੀ,ਕਾਨਪੁਰ ਨੂੰ ਛੱਡ ਕੇ ਲੁਧਿਆਣਾ ਨੂੰ ਸੁਰੱਖਿਅਤ ਸਮਝਦੇ ਹੋਏ ਉਥੋਂ ਉੱਜੜੇ ਲੋਕੀਂ ਪੁੱਜੇ ਸਨ ਤਾਂ ਉਸ ਸਮੇਂ ਉਨ੍ਹਾਂ ਲੋਕਾਂ ਦੇ ਦੁੱਖ ਤਕਲੀਫਾਂ ਅਤੇ ਉਨਾਂ ਵੱਲੋਂ ਹੰਢਾਈ ਪੀੜ ਨੂੰ ਸੁਣਨਾ ਤੇ ਵੇਖਣਾ ਔਖਾ ਸੀ। ਮੈਂ ਖ਼ੁਦ ਇਹ ਵੀ ਦੁਖਦਾਈ ਪੱਖ ਵੇਖਿਆ ਕਿ ਲੁਧਿਆਣਾ ਵਾਸੀਆਂ ਨੇ ਉੱਜੜੇ ਲੋਕਾਂ ਦਾ ਦਰਦ ਵੰਡਾਉਣ ਦੀ ਥਾਂ ਮਕਾਨਾਂ, ਪਲਾਟਾਂ ਤੇ ਦੁਕਾਨਾਂ ਦੇ ਭਾਅ ਰਾਤੋ ਰਾਤ ਦੁਗਣੇ ਤਿਗਣੇ ਕਰ ਦਿੱਤੇ। ਸਕੂਲਾਂ ਵਾਲਿਆਂ ਨੇ ਉੱਜੜੇ ਭਰਾਵਾਂ ਦੀ ਸਾਰ ਲੈਣ ਦੀ ਥਾਂ ਉਨ੍ਹਾਂ ਦੇ ਬੱਚਿਆਂ ਨੂੰ ਦਾਖ਼ਲ ਕਰਨ ਤੋਂ ਇਨਕਾਰ ਕਰ ਦਿੱਤਾ।


ਉਸ ਵੇਲੇ ਦਰਦਮੰਦ ਗਿਆਨੀ ਰਘਬੀਰ ਸਿੰਘ ਤੇ ਗਿਆਨੀ ਹਰਜੀਤ ਸਿੰਘ ਜੀ ਨੇ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਲੁਧਿਆਣਾ ਦੀ ਇੱਕ ਨੁੱਕਰੇ ਜੀ ਜੀ ਐੱਨ ਪਬਲਿਕ ਸਕੂਲ ਸ਼ੁਰੂ ਕੀਤਾ। ਇਸ ਤਰ੍ਹਾਂ ਉਨ੍ਹਾਂ ਸਿੱਖ ਪਰਿਵਾਰਾਂ ਨੂੰ ਵਸਾਉਣ ਵਿੱਚ ਵੀ ਮਦਦ ਕੀਤੀ ਗਈ। ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ, ਰਮੇਸ਼ ਇੰਦਰ ਸਿੰਘ, ਅਮਰੀਕਾ ਵੱਸਦੇ ਫਿਲਮ ਅਦਾਕਾਰ ਤੇ ਮਹਾਂਭਾਰਤ ਸੀਰੀਅਲ ਦੇ ਧ੍ਰਿਤ ਰਾਸ਼ਟਰ ਸ਼?ਹੀ ਗਿਰਜਾ ਸ਼ੰਕਰ, ਯੂਨੀਵਰਸਿਟੀ ਆਫ਼ ਕੈਲੇਫੋਰਨੀਆ ਦੇ ਸੇਵਾਮੁਕਤ ਪ੍ਰੋਫੈਸਰ ਡਾ. ਗੁਰਿੰਦਰ ਸਿੰਘ ਮਾਨ, ਹੁਣ ਮੈਗਜ਼ੀਨ ਦੇ ਸੰਪਾਦਕ ਸੁਸ਼ੀਲ ਦੋਸਾਂਝ,ਪੰਜਾਬੀ ਲੇਖਕ ਦਲਜੀਤ ਸ਼ਾਹੀ ਐਡਵੋਕੇਟ ਸਮਰਾਲਾ, ਗੁਰਭੇਜ ਸਿੰਘ ਗੁਰਾਇਆ ਨੇ ਵੀ ਸੰਬੋਧਨ ਕੀਤਾ।

ਕਾਵਿ ਕਿਤਾਬ "ਚੁਰਾਸੀਨਾਮਾ " ਦੇ ਲੇਖਕ ਪ੍ਰੋ. ਹਰਵਿੰਦਰ ਸਿੰਘ ਭੱਟੀ ਨੇ ਕਿਹਾ ਕਿ ਭੀੜ ਤੰਤਰ ਵਿੱਚ ਇਨਸਾਨ ਕਦੋਂ ਸ਼ੈਤਾਨ ਬਣਦਾ ਹੈ , ਪਤਾ ਵੀ ਨਹੀਂ ਲੱਗਦਾ। ਦੇਸ਼ ਵੰਡ ਵੇਲੇ 1947 ਵਿੱਚ ਅਤੇ ਦਿੱਲੀ ਕਤਲੇਆਮ ਵੇਲੇ ਵੀ ਇਹੀ ਕੁਝ ਹੋਇਆ। ਦਿੱਲੀ ਵਿੱਚ ਤਾਂ ਜਿਨਾਂ ਨੇ ਸਿੱਖਾਂ ਦਾ ਕਤਲੇਆਮ ਕੀਤਾ ਉਹ ਹੀ ਬਾਅਦ ਵਿੱਚ ਬਚੇ ਸਿੱਖਾਂ ਨੂੰ ਹੌਸਲਾ ਦੇਣ ਆ ਗਏ। ਗੁਰਭੇਜ ਗੁਰਾਇਆ ਨੇ ਦੱਸਿਆ ਕਿ ਡਾ. ਹਰਵਿੰਦਰ ਸਿੰਘ ਭੱਟੀ ਦਾ ਨਿੱਕਾ ਵੀਰ ਵੀ ਇਸ ਕਤਲੇਆਮ ਵਿੱਚ ਮਾਰਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਡਾ. ਭੱਟੀ ਨੇ ਵਿਦਿਆਰਥੀ ਆਗੂ, ਅਧਿਆਪਕ ਆਗੂ ਬਣਨ ਉਪਰੰਤ ਪੰਜਾਬੀ ਯੂਨੀਵਰਸਿਟੀ ਵਿੱਚ ਸਮਾਜ ਵਿਗਿਆਨ ਦੇ ਪ੍ਰੋਫੈਸਰ ਵਜੋਂ ਲਗਭਗ 35 ਸਾਲ ਅਧਿਆਪਨ ,ਖੋਜ ,ਪ੍ਰਸ਼ਾਸਨ ਨਾਲ ਸਬੰਧਿਤ ਜਿੰਮੇਵਾਰੀਆਂ ਨਿਭਾਈਆਂ। ਇਸ ਮੌਕੇ ਯੂਨੀਸਟਾਰ ਪ੍ਰਕਾਸ਼ਨ ਘਰ ਦੇ ਮਾਲਕ ਹਰੀਸ਼ ਜੈਨ ,ਪੰਜਾਬ ਦੇ ਸਾਬਕਾ ਮੁੱਖ ਸਕੱਤਰ ਸੁਰੇਸ਼ ਕੁਮਾਰ , ਸਾਬਕਾ ਡੀ ਜੀ ਪੀ ਪੰਜਾਬ ਸ. ਸਰਬਦੀਪ ਸਿੰਘ ਵਿਰਕ, ਸਿਰਕੱਢ ਪੱਤਰਕਾਰ ਬਲਜੀਤ ਬੱਲੀ, ਸਰਬਜੀਤ ਧਾਲੀਵਾਲ, ਰਾਜਿੰਦਰ ਸਿੰਘ ਤੱਗੜ, ਅਜਾਇਬ ਸਿੰਘ ਔਜਲਾ, ਸੁਰਜੀਤ ਵਿਸ਼ਾਦ ਸਮਰਾਲਾ, ਅਗਾਂਹਵਧੂ ਕਿਸਾਨ ਸ਼੍ਰੀ ਦਮਨ ਸ਼ਰਮਾ ਲੁਧਿਆਣਾ , ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਸਾਬਕਾ ਏ ਆਈ ਜੀ ਹਰਪ੍ਰੀਤ ਸਿੰਘ ਸੰਧੂ , ਸੁਖਦੇਵ ਸਿੰਘ ਵਿਰਕ,ਰਤਨ ਸਿੰਘ ਬਰਾੜ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸੀਨੀਅਰ ਆਗੂ ਰਹੇ ਇੰਜ. ਸਰਬਜੀਤ ਸਿੰਘ ਸੋਹਲ, ਸਪੋਕਸਮੈਨ ਅਖ਼ਬਾਰ ਦੀ ਸੰਪਾਦਕ ਕਮਲ ਦੁਸਾਂਝ, ਪੰਜਾਬੀ ਟ੍ਰਿਊਨ ਦੇ ਸਹਾਇਕ ਸੰਪਾਦਕ ਜਸਬੀਰ ਸਮਰ, ਗੁਰੂ ਗੋਬਿੰਦ ਸਿੰਘ ਕਾਲਿਜ ਚੰਡੀਗੜ੍ਹ ਦੇ ਸਾਬਕਾ ਪ੍ਰਿੰਸੀਪਲ ਡਾ. ਕੁਲਦੀਪ ਸਿੰਘ, ਪੰਜਾਬੀ ਚਿੰਤਕ ਤੇ ਉੱਘੇ ਨਾਵਲਕਾਰ ਪ੍ਰੋ. ਸੰਤੋਖ ਸਿੰਘ ਔਜਲਾ, ਡਾ. ਗੁਰਪ੍ਰੀਤ ਸਿੰਘ ਲਹਿਲ, ਦੂਰਦਰਸ਼ਨ ਦੇ ਸੇਵਾ ਮੁਕਤ ਨਿਊਜ਼ ਐਡੀਟਰ ਹਰਬੰਸ ਸੋਢੀ, ਜ਼ੋਰਾ ਸਿੰਘ, ਦਵਿੰਦਰ ਦਵੀ ਆਦਿ ਬਖਸ਼ੀਅਤਾਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

ਸਮਾਰੋਹ ਦਾ ਸੰਚਾਲਨ ਸ. ਗੁਰਭੇਜ ਸਿੰਘ ਗੁਰਾਇਆ (ਦਿੱਲੀ) ਨੇ ਬੜੇ ਸੰਕੋਚਵੇਂ ਪਰ ਅਰਥ ਭਰਪੂਰ ਅੰਦਾਜ਼ ਵਿੱਚ ਕੀਤਾ।

ਮੁਹੰਮਦ ਇਮਤਿਆਜ਼ ਦੇ ਕਹਾਣੀ ਸੰਗ੍ਰਹਿ ਹਸ਼ਮਤ ਚਾਚਾ ਤੇ ਹੋਰ ਕਹਾਣੀਆਂ ਤੇ ਵਿਚਾਰ ਚਰਚਾ ਤੇ ਰੂਬਰੂ

ਪਟਿਆਲਾ, (ਪੈ.ਗਾਮ-ਏ-ਜਗਤ)



ਸਾਂਝਾ ਸਾਹਿਤਕ ਮੰਚ, ਪਟਿਆਲਾ ਵੱਲੋਂ ਅਮਰਜੀਤ ਲਾਇਬ੍ਰੇਰੀ ਭਾਦਸੋਂ ਰੋਡ ਪਟਿਆਲਾ ਵਿਖੇ ਇਕ ਸਾਹਿਤਕ ਮਿਲਣੀ ਕਰਵਾਈ ਗਈ। ਸੁਖਵਿੰਦਰ ਚਹਿਲ, ਨਵਦੀਪ ਸਿੰਘ ਮੁੰਡੀ,

- ਮਿੰਨੀ ਕਹਾਣੀ ਮੈਗਜ਼ੀਨ ਛਿਣ ਅਤੇ ਊੜਾ ਮੈਗਜ਼ੀਨ ਦਾ ਲੋਕ ਅਰਪਣ

ਅਮਰਜੀਤ ਖਰੌੜ, ਸਤਨਾਮ ਚੌਹਾਨ, ਹਰਦੀਪ ਸੱਭਰਵਾਲ ਅਤੇ ਪਾਲ ਖਰੌੜ ਵੱਲੋਂ ਕਰਵਾਏ ਜਾ ਰਹੇ ਇਸ ਵਿਸ਼ੇਸ਼ ਉਪਰਾਲੇ ਤਹਿਤ ਇਸ ਵਾਰ ਕਹਾਣੀਕਾਰ ਮੁਹੰਮਦ ਇਮਤਿਆਜ਼ ਦੇ ਕਹਾਣੀ ਸੰਗ੍ਰਹਿ ਹਸ਼ਮਤ ਚਾਚਾ ਤੇ ਹੋਰ ਕਹਾਣੀਆਂ ਤੇ ਵਿਚਾਰ ਚਰਚਾ ਕਰਵਾਈ ਗਈ। ਇਸ ਵਿਸ਼ੇਸ਼ ਮੌਕੇ ਤੇ ਡਾ. ਮੋਹਨ ਤਿਆਗੀ, ਡਾ. ਰਵਿੰਦਰ ਘੁੰਮਣ, ਅੰਮ?ਿਤਪਾਲ ਸਿੰਘ ਸ਼ੈਦਾ, ਬਚਨ ਸਿੰਘ ਗੁਰਮ, ਤੇਜਿੰਦਰ ਸਿੰਘ ਫਰਵਾਹੀ, ਜੋਗਾ ਸਿੰਘ ਧਨੌਲਾ, ਗੁਰਚਰਨ ਸਿੰਘ ਚੰਨ ਪਟਿਆਲਵੀ, ਕੁਲਵੰਤ ਸਿੰਘ ਸੈਦੋਕੇ, ਦਰਸ਼ਨ ਸਿੰਘ ਪਸਿਆਣਾ, ਜਗਤਾਰ ਸ਼ੇਰਗਿੱਲ, ਕਹਿਪਾਲ ਸਿੰਘ ਮੂਣਕ, ਦਵਿੰਦਰ ਪਟਿਆਲਵੀ, ਡਾ. ਤ੍ਰਿਲੋਕ ਸਿੰਘ ਢਿੱਲੋਂ, ਰਾਜ ਸਿੰਘ ਬਧੌਛੀ, ਗੁਰਮੁਖ ਸਿੰਘ ਜਾਗੀ, ਨਵਨੀਤ ਸਿੰਘ ਸਿੱਧੂ, ਹਰਦੀਪ ਸੱਭਰਵਾਲ, ਪਾਲ ਖਰੌੜ, ਅਮਰਜੀਤ ਖਰੌੜ, ਨਵਦੀਪ ਸਿੰਘ ਮੁੰਡੀ, ਦਿਲਪ੍ਰੀਤ ਸਿੰਘ, ਸਮਰਬੀਰ ਸਿੰਘ, ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਮੁੱਖ ਪਰਚੇ ਪੜ੍ਹਦੇ ਹੋਏ ਡਾ. ਮੋਹਨ ਤਿਆਗੀ ਨੇ ਕਿਹਾ ਕਿ ਮੁਹੰਮਦ ਇਮਤਿਆਜ਼ ਦੀ ਕਹਾਣੀਆਂ ਆਮ ਆਦਮੀ ਦੇ ਅੰਦਰ ਦੀ ਬੇਚੈਨੀ ਨੂੰ ਸਾਹਮਣੇ ਰੱਖਣ ਦਾ ਕੰਮ ਕਰਦੀਆਂ ਹਨ। ਡਾ. ਰਵਿੰਦਰ ਘੁੰਮਣ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਮੁਹੰਮਦ ਇਮਤਿਆਜ਼ ਦੀਆਂ ਕਹਾਣੀਆਂ ਪੰਜਾਬ ਦੇ ਮੁਸਲਿਮ ਭਾਈਚਾਰੇ ਦੇ ਜੀਵਨ ਤੇ ਝਾਤ ਮਾਰਨ ਦੇ ਨਾਲ ਮੱਧ ਵਰਗੀ ਸੰਘਰਸ਼ ਨੂੰ ਪੇਸ਼ ਕਰਦੀਆਂ ਪ੍ਰਤੀਤ ਹੁੰਦੀਆਂ ਹਨ। ਹਰਦੀਪ ਸੱਭਰਵਾਲ ਨੇ ਗੱਲਬਾਤ ਨੂੰ ਅੱਗੇ ਤੋਰਦਿਆਂ ਕਿਹਾ ਕਿ ਮੁਹੰਮਦ ਇਮਤਿਆਜ਼ ਦੀਆਂ ਕਹਾਣੀਆਂ ਅਜੋਕੇ ਆਧੁਨਿਕ ਸਵਾਰਥੀ ਸਮਾਜ ਵਿਚ ਮਿਸਫਿਟ ਮਨੁੱਖ ਦੀਆਂ ਕਹਾਣੀਆਂ ਹਨ। ਅੰਮ੍ਰਿਤਪਾਲ ਸਿੰਘ ਸ਼ੈਦਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਹਾਣੀਆਂ ਪਾਠਕ ਨੂੰ ਆਪਣੇ ਨਾਲ ਬੰਨ੍ਹ ਲੈਂਦੀਆਂ ਹਨ ਤੇ ਅੰਤ ਤੱਕ ਪੜ੍ਹਨ ਲਈ ਮਜਬੂਰ ਕਰ ਦਿੰਦੀਆਂ ਹਨ। ਇਸ ਉਪਰੰਤ ਮੁਹੰਮਦ ਇਮਤਿਆਜ਼ ਨੇ ਆਪਣੇ ਸਾਹਿਤਿਕ ਸਫ਼ਰ ਬਾਰੇ ਹਾਜ਼ਰੀਨ ਨਾਲ ਸਾਂਝ ਪਾਉਂਦਿਆਂ ਕਿਹਾ ਕਿ ਸਾਹਿਤ ਦੀਆਂ ਵੱਖ ਵੱਖ ਵਿਧਾਵਾਂ ਵਿਚ ਹੱਥ ਅਜ਼ਮਾਉਣ ਦੀ ਥਾਂ ਕਹਾਣੀ ਵਿਧਾ ਵਿਚ ਪਰਫੈਕਸ਼ਨ ਹਾਸਿਲ ਕਰਨਾ ਹੀ ਉਹਨਾਂ ਦਾ ਟੀਚਾ ਹੈ। ਇਸ ਵਿਸ਼ੇਸ਼ ਮੌਕੇ ਤੇ ਮਿੰਨੀ ਕਹਾਣੀ ਦੀ ਮੈਗਜ਼ੀਨ ਛਿਣ ਅਤੇ ਪੰਜਾਬੀ ਸਾਹਿਤ ਦੀ ਮੈਗਜ਼ੀਨ ਊੜਾ ਦਾ ਲੋਕ ਅਰਪਣ ਵੀ ਕੀਤਾ ਗਿਆ।